




# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA    ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ



Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887



PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 | Issue : 3 | Chief Editor : Chowdhary Prabhjit Singh, | Editor : Chhatarpal Singh 98145-32807, | Thursday 11 June 2026 | Price : 2 Rs. | Page : 6


## ਪ੍ਰਧਾਨ ਮੰਤਰੀ ਮੋਦੀ 17 ਵਾਰ ਹਰਿਆਣਾ ਦਾ ਦੌਰਾ ਕਰ ਚੁੱਕੇ ਹਨ ਉਨ੍ਹਾਂ ਨੇ ਸੂਬੇ ਨੂੰ ਵਿਕਾਸ ਦੀ ਨਵੀਂ ਸੌਗਾਤਾਂ ਦਿੱਤੀਆਂ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ, 10 ਜੂਨ**
**-ਸੰਜੀਵ ਸ਼ਰਮਾ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਪ੍ਰਧਾਨ ਮੰਤਰੀ ਅਹੁਦੇ 'ਤੇ 12 ਸਾਲ ਪੂਰੇ ਹੋਣ ਦੇ ਮੌਕੇ 'ਤੇ ਹਰਿਆਣਾ ਦੀ ਪੌਣੇ ਤਿੰਨ ਕਰੋੜ ਜਨਤਾ ਵੱਲੋਂ ਉਨ੍ਹਾਂ ਨੂੰ ਹਾਰਦਿਕ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਹਨ। ਮੁੱਖ ਮੰਤਰੀ ਨੇ ਪ੍ਰਧਾਨ ਮੰਤਰੀ ਨੂੰ ਸੰਬੋਧਿਤ ਆਪਣੇ ਪੱਤਰ ਵਿੱਚ ਕਿਹਾ ਕਿ ਇਹ ਮੌਕਾ ਉਨ੍ਹਾਂ ਦੇ ਵੰਦਨ ਅਤੇ ਅਭਿਨੰਦਨ ਦਾ ਹੈ। ਉਨ੍ਹਾਂ ਕਿਹਾ ਕਿ ਅੱਜ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਭਾਰਤ ਦੇ ਲੋਕਤਾਂਤਰਿਕ ਇਤਿਹਾਸ ਵਿੱਚ ਸਭ ਤੋਂ ਲੰਬੇ ਸਮੇਂ ਤੱਕ ਲਗਾਤਾਰ ਚੁਣੇ ਗਏ ਅਤੇ ਜਨ-ਜਨ ਦੇ ਪ੍ਰਸਿੱਧ ਪ੍ਰਧਾਨ ਮੰਤਰੀ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਦੇ ਲੋਕਤਾਂਤਰਿਕ ਇਤਿਹਾਸ ਵਿੱਚ ਬੀਤੇ 12 ਸਾਲ ਰਾਸ਼ਟਰ ਦੀ ਸਾਂਝੀ ਚੇਤਨਾ ਦੇ ਪੁਨਰਜਾਗਰਣ, ਜਨਸੇਵਾ ਅਤੇ ਵਿਕਾਸ ਯਾਤਰਾ ਦੇ ਮਹੱਤਵਪੂਰਨ ਪੜਾਅ ਸਾਬਤ ਹੋਏ ਹਨ। ਪ੍ਰਧਾਨ ਮੰਤਰੀ ਦਾ ਇਹ ਕਾਰਜਕਾਲ ਸੇਵਾ, ਸੁਸ਼ਾਸਨ, ਸੰਕਲਪ, ਸਮਰਪਣ ਅਤੇ ਰਾਸ਼ਟਰ ਪਹਿਲਾਂ ਦੀ ਭਾਵਨਾ ਨਾਲ ਪ੍ਰੇਰਿਤ ਇੱਕ ਯੁਗਾਂਤਕਾਰੀ ਯਾਤਰਾ ਦਾ ਗਵਾਹ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਲ 2014 ਵਿੱਚ ਦੇਸ਼ਵਾਸੀਆਂ ਨੇ ਵਿਕਸਿਤ, ਆਤਮਨਿਰਭਰ, ਮਜ਼ਬੂਤ ਅਤੇ ਗੌਰਵਸ਼ਾਲੀ ਭਾਰਤ ਦੇ ਜਿਸ ਸੁਪਨੇ ਨਾਲ ਦੇਸ਼ ਦੀ ਬਾਗਡੋਰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਹੱਥਾਂ ਵਿੱਚ ਸੌਂਪੀ ਸੀ, ਅੱਜ 140 ਕਰੋੜ ਭਾਰਤੀ ਉਸ ਸੁਪਨੇ ਨੂੰ ਸਾਕਾਰ ਹੁੰਦਾ ਦੇਖ ਰਹੇ ਹਨ।

ਮੁੱਖ ਮੰਤਰੀ ਨੇ ਆਪਣੇ ਪੱਤਰ ਵਿੱਚ ਵਰਨਣ ਕੀਤਾ ਕਿ 15 ਸਤੰਬਰ 2013 ਨੂੰ ਰੇਵਾੜੀ ਵਿੱਚ ਆਯੋਜਿਤ ਦੇਸ਼ ਦੇ ਸਾਬਕਾ ਫੌਜੀਆਂ ਦੀ ਰੈਲੀ ਤੋਂ ਪ੍ਰਧਾਨ ਮੰਤਰੀ ਨੇ ਆਪਣੇ ਲੋਕ ਸਭਾ ਚੋਣ ਮੁਹਿੰਮ ਦੀ ਸ਼ੁਰੂਆਤ ਕੀਤੀ ਸੀ ਅਤੇ ਉਸ ਰੈਲੀ ਦਾ ਉਤਸ਼ਾਹ ਅਤੇ ਹਰਿਆਣਾ ਦੇ ਲੋਕਾਂ ਦਾ ਪਿਆਰ ਅੱਜ ਵੀ ਯਾਦਗਾਰ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਦੇ ਲੋਕ ਹਮੇਸ਼ਾ ਰਾਸ਼ਟਰ ਨਿਰਮਾਣ ਦੀ ਅਗਲੀ ਕਤਾਰ ਵਿੱਚ ਖੜ੍ਹੇ ਰਹੇ ਹਨ। ਸੂਬੇ ਦੇ ਵੀਰ ਜਵਾਨਾਂ, ਮਿਹਨਤੀ ਕਿਸਾਨਾਂ, ਪ੍ਰਤਿਭਾਸ਼ਾਲੀ ਖਿਡਾਰੀਆਂ ਅਤੇ ਮਿਹਨਤੀ ਨੌਜਵਾਨਾਂ ਨੇ ਹਮੇਸ਼ਾ ਰਾਸ਼ਟਰ ਦਾ ਮਾਣ ਵਧਾਇਆ ਹੈ। ਪਿਛਲੇ 12 ਸਾਲਾਂ ਵਿੱਚ ਦੇਸ਼ ਨੇ ਜਿਸ ਆਤਮਵਿਸ਼ਵਾਸ, ਸਥਿਰਤਾ ਅਤੇ ਵਿਕਾਸ ਦਾ ਅਨੁਭਵ ਕੀਤਾ ਹੈ, ਉਸ ਨਾਲ ਹਰਿਆਣਾ ਦਾ ਹਰ ਨਾਗਰਿਕ ਵੀ ਨਵੀਂ ਊਰਜਾ ਅਤੇ ਨਵੇਂ ਵਿਸ਼ਵਾਸ ਨਾਲ ਭਰ ਗਿਆ ਹੈ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਸ਼ਾਸਨ ਨੂੰ ਜਨਸੇਵਾ ਦਾ ਮਜ਼ਬੂਤ ਸਰੋਤ ਬਣਾਇਆ ਹੈ। ਉਨ੍ਹਾਂ ਦੀ ਅਗਵਾਈ ਵਿੱਚ ਗਰੀਬ, ਕਿਸਾਨ, ਮਹਿਲਾ ਅਤੇ ਨੌਜਵਾਨ ਵਰਗ ਵਿਕਾਸ ਦੀ ਮੁੱਖ ਧਾਰਾ ਦੇ ਕੇਂਦਰ ਵਿੱਚ ਆਏ ਹਨ। ਦੇਸ਼ ਦੇ ਕਰੋੜਾਂ ਪਰਿਵਾਰਾਂ ਨੇ ਪਹਿਲੀ ਵਾਰ ਮਹਿਸੂਸ ਕੀਤਾ ਕਿ ਸਰਕਾਰ ਸਿਰਫ਼ ਸੱਤਾ ਦਾ ਤੰਤਰ ਨਹੀਂ, ਸਗੋਂ ਉਨ੍ਹਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਵਾਲੀ ਇੱਕ ਸੰਵੇਦਨਸ਼ੀਲ ਸ਼ਕਤੀ ਵੀ ਹੋ ਸਕਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਦੀ ਅਗਵਾਈ ਵਿੱਚ ਹਰਿਆਣਾ ਦੇ ਪਿੰਡਾਂ ਵਿੱਚ ਬੇਘਰ ਪਰਿਵਾਰਾਂ ਨੂੰ ਘਰ ਮਿਲੇ ਹਨ, ਮਾਵਾਂ-ਭੈਣਾਂ ਦੇ ਧੂੰਏਂ-ਰਹਿਤ ਰਸੋਈ ਦੇ ਸੁਪਨੇ ਸਾਕਾਰ ਹੋਏ ਹਨ, ਗਰੀਬਾਂ ਨੂੰ ਬਿਨਾਂ ਭੇਦਭਾਵ ਸਰਕਾਰੀ ਸਹਾਇਤਾ ਮਿਲੀ ਹੈ ਅਤੇ ਡਿਜੀਟਲ ਤਕਨਾਲੋਜੀ ਰਾਹੀਂ ਯੋਜਨਾਵਾਂ ਦਾ ਲਾਭ ਸਿੱਧਾ ਯੋਗ ਵਿਅਕਤੀਆਂ ਤੱਕ ਪਹੁੰਚਿਆ ਹੈ। ਇਹ ਸੁਸ਼ਾਸਨ ਦੀ ਅਜਿਹੀ ਪਛਾਣ ਹੈ ਜਿਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਵੀ ਯਾਦ ਰੱਖਣਗੀਆਂ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਕਰਮਭੂਮੀ ਰਿਹਾ ਹੈ ਅਤੇ ਉਨ੍ਹਾਂ ਦਾ ਸੂਬੇ ਨਾਲ ਵਿਸ਼ੇਸ਼ ਲਗਾਵ ਰਿਹਾ ਹੈ। ਪ੍ਰਧਾਨ ਮੰਤਰੀ ਹੁਣ ਤੱਕ 17 ਵਾਰ ਹਰਿਆਣਾ ਦਾ ਦੌਰਾ ਕਰ ਚੁੱਕੇ ਹਨ ਅਤੇ ਹਰ ਮੌਕੇ 'ਤੇ ਉਨ੍ਹਾਂ ਨੇ ਸੂਬੇ ਨੂੰ ਵਿਕਾਸ ਦੀ ਨਵੀਂ ਸੌਗਾਤ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ



ਹਰਿਆਣਾ ਨੂੰ ਹੁਣ ਤੱਕ 1,390 ਕਿਲੋਮੀਟਰ ਲੰਬੇ 22 ਰਾਸ਼ਟਰੀ ਰਾਜਮਾਰਗ ਦਿੱਤੇ ਹਨ, ਜਿਸ ਦੇ ਨਤੀਜੇ ਵਜੋਂ ਅੱਜ ਸੂਬੇ ਦਾ ਹਰ ਜ਼ਿਲ੍ਹਾ ਰਾਸ਼ਟਰੀ ਰਾਜਮਾਰਗ ਨਾਲ ਜੁੜ ਗਿਆ ਹੈ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਤਹਿਤ ਹਰਿਆਣਾ ਦੇ ਮਿਹਨਤੀ ਕਿਸਾਨਾਂ ਨੂੰ 9,888 ਕਰੋੜ ਰੁਪਏ ਪ੍ਰਾਪਤ ਹੋਏ ਹਨ। ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੇ ਅਧੀਨ 20.17 ਲੱਖ ਕਿਸਾਨਾਂ ਨੂੰ 7,562 ਕਰੋੜ ਰੁਪਏ ਦਿੱਤੇ ਗਏ ਹਨ। ਪ੍ਰਧਾਨ ਮੰਤਰੀ ਉੱਜਵਲਾ ਯੋਜਨਾ ਤਹਿਤ 15 ਲੱਖ ਮਹਿਲਾਵਾਂ ਨੂੰ ਮੁਫ਼ਤ ਗੈਸ ਕਨੈਕਸ਼ਨ ਮਿਲੇ ਹਨ ਅਤੇ ਸੂਬੇ ਵਿੱਚ 2.18 ਲੱਖ ਮਹਿਲਾਵਾਂ ਲਖਪਤੀ ਦੀਦੀ ਬਣ ਚੁੱਕੀਆਂ ਹਨ।

ਮੁੱਖ ਮੰਤਰੀ ਨੇ ਦੱਸਿਆ ਕਿ ਆਯੁਸ਼ਮਾਨ ਭਾਰਤ-ਚਿਰਾਯੂ ਯੋਜਨਾ ਦੇ ਅਧੀਨ 27 ਲੱਖ ਤੋਂ ਵੱਧ ਲੋਕਾਂ ਨੂੰ 4,148 ਕਰੋੜ ਰੁਪਏ ਦੀ ਲਾਗਤ ਨਾਲ ਮੁਫ਼ਤ ਇਲਾਜ ਮਿਲਿਆ ਹੈ। ਪ੍ਰਧਾਨ ਮੰਤਰੀ ਗਰੀਬ ਅੰਨ ਭਲਾਈ ਯੋਜਨਾ ਤਹਿਤ 1.57 ਕਰੋੜ ਲੋਕਾਂ ਨੂੰ ਮੁਫ਼ਤ ਰਾਸ਼ਨ ਮਿਲ ਰਿਹਾ ਹੈ। ਵੀਬੀਜੀਵਾਈ ਯੋਜਨਾ ਵਿੱਚ ਮਜ਼ਦੂਰਾਂ ਨੂੰ 5,337 ਕਰੋੜ ਰੁਪਏ ਪ੍ਰਾਪਤ ਹੋਏ ਹਨ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ 1.56 ਲੱਖ ਗਰੀਬ ਪਰਿਵਾਰਾਂ ਨੂੰ ਪੱਕਾ ਘਰ ਮਿਲਿਆ ਹੈ। ਜਲ ਜੀਵਨ ਮਿਸ਼ਨ ਰਾਹੀਂ 31 ਲੱਖ ਪਿੰਡਾਂ ਦੇ ਘਰਾਂ ਤੱਕ ਨਲ ਰਾਹੀਂ ਪਾਣੀ ਪਹੁੰਚਾਇਆ ਗਿਆ ਹੈ। ਸੂਬੇ ਦੇ ਨੌਜਵਾਨਾਂ ਨੇ 10 ਹਜ਼ਾਰ ਤੋਂ ਵੱਧ ਸਟਾਰਟਅੱਪ ਸਥਾਪਿਤ ਕੀਤੇ ਹਨ ਅਤੇ 1.58 ਲੱਖ ਨੌਜਵਾਨਾਂ ਨੂੰ ਸਕਿਲ ਸਿਖਲਾਈ ਮਿਲੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ ਵਾਰ-ਵਾਰ ਇਹ ਸੰਦੇਸ਼ ਦਿੱਤਾ ਹੈ ਕਿ ਵਿਕਾਸ ਅਤੇ ਵਿਰਾਸਤ ਇੱਕ-ਦੂਜੇ ਦੇ ਪੂਰਕ ਹਨ। ਆਧੁਨਿਕ ਤਕਨਾਲੋਜੀ, ਡਿਜ਼ਿਟਲ ਕ੍ਰਾਂਤੀ ਅਤੇ ਵਿਸ਼ਵ ਪੱਧਰੀ ਮੁਕਾਬਲੇ ਦੀ ਦਿਸ਼ਾ ਵਿੱਚ ਅੱਗੇ ਵੱਧਦੇ ਹੋਏ ਵੀ ਭਾਰਤ ਆਪਣੀਆਂ ਸੱਭਿਆਚਾਰਕ ਜੜ੍ਹਾਂ, ਆਧਿਆਤਮਿਕ ਮੁੱਲਾਂ ਅਤੇ ਸਭਿਆਚਾਰਕ ਚੇਤਨਾ ਨਾਲ ਜੁੜਿਆ ਰਹਿ ਸਕਦਾ ਹੈ।

ਹਰਿਆਣਾ ਵਿੱਚ ਅੰਤਰਰਾਸ਼ਟਰੀ ਗੀਤਾ ਮਹੋਤਸਵ, ਅੰਤਰਰਾਸ਼ਟਰੀ ਸਰਸਵਤੀ ਮਹੋਤਸਵ ਅਤੇ ਕਈ ਤੀਰਥ ਸਥਾਨਾਂ ਦੇ ਪੁਨਰ ਵਿਸਥਾਰ ਰਾਹੀਂ ਸੱਭਿਆਚਾਰਕ ਵਿਰਾਸਤ ਦੇ ਸੰਰੱਖਣ ਨੂੰ ਵੀ ਨਵੀਂ ਗਤੀ ਮਿਲੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਕਿਸੇ ਵੀ ਨੇਤਾ ਦੀ ਪਹਿਚਾਣ ਸਿਰਫ਼ ਉਸਦੇ ਫੈਸਲਿਆਂ ਨਾਲ ਨਹੀਂ ਹੁੰਦੀ, ਸਗੋਂ ਉਸਦੇ ਵਿਅਕਤਿਤਵ, ਕਾਰਜਸ਼ੈਲੀ ਅਤੇ ਮੁੱਲਾਂ ਨਾਲ ਵੀ ਹੁੰਦੀ ਹੈ। ਜਨਤਕ ਜੀਵਨ ਵਿੱਚ ਪ੍ਰਧਾਨ ਮੰਤਰੀ ਦਾ ਅਨੁਸ਼ਾਸਨ, ਅਣਥੱਕ ਮਿਹਨਤ, ਸਾਦਗੀ ਅਤੇ ਰਾਸ਼ਟਰ ਪ੍ਰਤੀ ਪੂਰਨ ਸਮਰਪਣ ਕਰੋੜਾਂ ਲੋਕਾਂ ਲਈ ਪ੍ਰੇਰਣਾਸਰੋਤ ਹੈ।

ਉਨ੍ਹਾਂ ਨੇ ਦੇਸ਼ ਦੇ ਨੌਜਵਾਨਾਂ ਨੂੰ ਇਹ ਵਿਸ਼ਵਾਸ ਦਿੱਤਾ ਹੈ ਕਿ ਆਮ ਪਰਿਵਾਰਾਂ ਵਿੱਚੋਂ ਨਿਕਲ ਕੇ ਵੀ ਅਸਾਧਾਰਣ ਉਪਲਬਧੀਆਂ ਹਾਸਲ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਨੇ ਨੌਜਵਾਨਾਂ ਨੂੰ ਸੁਪਨੇ ਦੇਖਣ ਦਾ ਸਾਹਸ ਅਤੇ ਉਨ੍ਹਾਂ ਨੂੰ ਪੂਰਾ ਕਰਨ ਦਾ ਸੰਕਲਪ ਦਿੱਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਭਾਰਤ ਦੇ ਲੋਕਤਾਂਤਰਿਕ ਇਤਿਹਾਸ ਵਿੱਚ ਸਭ ਤੋਂ ਲੰਬੇ ਸਮੇਂ ਤੱਕ ਲਗਾਤਾਰ ਚੁਣੇ ਗਏ ਪ੍ਰਧਾਨ ਮੰਤਰੀ ਵਜੋਂ ਇੱਕ ਵਿਸ਼ੇਸ਼ ਸਥਾਨ ਪ੍ਰਾਪਤ ਕਰ ਚੁੱਕੇ ਹਨ। ਹਰਿਆਣਾਵਾਸੀ ਧਰਮਖੇਤਰ-ਕੁਰੂਕਸ਼ੇਤਰ ਦੀ 'ਕਰਮਣ ਯੇਵਾਧਿਕਾਰਸਤੇ ਮਾ ਫਲੇਸ਼ੁ ਕਦਾਚਨ' ਦੀ ਪਰੰਪਰਾ ਦਾ ਪਾਲਣ ਕਰਦੇ ਹੋਏ ਉਨ੍ਹਾਂ ਪ੍ਰਤੀ ਆਪਣਾ ਸਨਮਾਨ ਅਤੇ ਧੰਨਵਾਦ ਪ੍ਰਗਟ ਕਰਦੇ ਹਨ।

ਮੁੱਖ ਮੰਤਰੀ ਨੇ ਪ੍ਰਧਾਨ ਮੰਤਰੀ ਦੇ ਉੱਤਮ ਸਿਹਤ, ਲੰਬੀ ਉਮਰ ਅਤੇ ਨਿਰੰਤਰ ਊਰਜਾ ਦੀ ਕਾਮਨਾ ਕਰਦੇ ਹੋਏ ਵਿਸ਼ਵਾਸ ਪ੍ਰਗਟ ਕੀਤਾ ਕਿ ਉਨ੍ਹਾਂ ਦੀ ਕੁਸ਼ਲ ਅਗਵਾਈ ਵਿੱਚ ਭਾਰਤ ਵਿਕਸਿਤ, ਆਤਮਨਿਰਭਰ ਅਤੇ ਵਿਸ਼ਵ ਅਗਵਾਈ ਕਰਨ ਵਾਲਾ ਰਾਸ਼ਟਰ ਬਣਨ ਦੀ ਆਪਣੀ ਯਾਤਰਾ ਨੂੰ ਹੋਰ ਵੱਧ ਗਤੀ ਪ੍ਰਦਾਨ ਕਰੇਗਾ।

## ਪੰਜਾਬ ਚੋਣਾਂ ਬਾਰੇ 'ਆਪ' ਦੀ ਅਹਿਮ ਮੀਟਿੰਗ ਦਿੱਲੀ ਵਿੱਚ ਅੱਜ



**ਚੰਡੀਗੜ੍ਹ, 10 ਜੂਨ/-ਪੱਤਰ ਪ੍ਰੇਰਕ-**

ਆਮ ਆਦਮੀ ਪਾਰਟੀ ਦੀ ਸਿਆਸੀ ਮਾਮਲਿਆਂ ਬਾਰੇ ਕਮੇਟੀ ਦੀ ਅਹਿਮ ਮੀਟਿੰਗ ਭਲਕੇ ਨਵੀਂ ਦਿੱਲੀ ਵਿਖੇ ਹੋਵੇਗੀ ਜਿਸ ਦੀ ਪ੍ਰਧਾਨਗੀ ਅਰਵਿੰਦ ਕੇਜਰੀਵਾਲ ਕਰਨਗੇ ਅਤੇ ਮੁੱਖ ਮੰਤਰੀ ਭਗਵੰਤ ਮਾਨ ਮੀਟਿੰਗ ਚ ਸ਼ਾਮਲ ਹੋਣਗੇ।

ਸੂਤਰਾਂ ਮੁਤਾਬਕ ਇਸ ਮੀਟਿੰਗ ਵਿੱਚ ਪੰਜਾਬ ਵਿਧਾਨ ਸਭਾ ਚੋਣਾਂ ਬਾਰੇ ਵਿਸਥਾਰ ਵਿੱਚ ਚਰਚਾ ਹੋਵੇਗੀ ਅਤੇ ਖ਼ਾਸ ਕਰਕੇ ਟਿਕਟਾਂ ਦੀ ਵੰਡ ਨੂੰ ਲੈ ਕੇ ਰਣਨੀਤੀ ਤਿਆਰ ਕੀਤੀ ਜਾਵੇਗੀ। ਮੀਟਿੰਗ ਵਿੱਚ ਹਲਕਾ ਵਾਰ ਉਮੀਦਵਾਰਾਂ ਤੇ ਮੰਥਨ ਹੋਵੇਗਾ। ਇਸ ਕਮੇਟੀ ਦੀ ਮੀਟਿੰਗ ਦੋ ਦਿਨ ਚੱਲੇਗੀ । ਜਿੰਨਾ ਹਲਕਿਆਂ ਚ ਉਮੀਦਵਾਰ ਬਦਲੇ ਜਾਣੇ ਹਨ, ਪਹਿਲੇ ਪੜਾਅ ਵਿੱਚ ਉਹਨਾਂ ਹਲਕਿਆਂ ਤੇ ਵਿਚਾਰ ਵਟਾਂਦਰਾ ਹੋਵੇਗਾ ।

ਚੇਤੇ ਰਹੇ ਕਿ ਮੁੱਖ ਮੰਤਰੀ ਭਲਕੇ ਪਹਿਲਾਂ ਦਿੱਲੀ 'ਚ ਹੋ ਰਹੀ ਨੀਤੀ ਆਯੋਗ ਦੀ ਮੀਟਿੰਗ ਵਿੱਚ ਸ਼ਾਮਲ ਹੋਣਗੇ।

ਉਹ 11 ਜੂਨ ਦੀ ਸ਼ਾਮ ਨੂੰ ਪਾਰਟੀ ਦੀ ਸਿਆਸੀ ਮਾਮਲਿਆਂ ਬਾਰੇ ਕਮੇਟੀ ਦੀ ਮੀਟਿੰਗ ਵਿੱਚ ਹਿੱਸਾ ਲੈਣਗੇ ।

## ਬਜ਼ੁਰਗ ਮਾਂ ਦੀ ਪੁਕਾਰ 'ਤੇ ਤੁਰੰਤ ਐਕਸ਼ਨ; ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਮਿਲਿਆ ਇਨਸਾਫ਼

**ਚੰਡੀਗੜ੍ਹ, 10 ਜੂਨ**
**-ਸੰਜੀਵ ਸ਼ਰਮਾ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਬਜ਼ੁਰਗ ਨਾਗਰਿਕਾਂ ਦੇ ਸਨਮਾਨ, ਸੁਰੱਖਿਆ ਅਤੇ ਅਧਿਕਾਰਾਂ ਦੀ ਰਾਖੀ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਇਸੇ ਵਚਨਬੱਧਤਾ ਤਹਿਤ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਵਿਭਾਗ ਵੱਲੋਂ ਜ਼ਿਲ੍ਹਾ ਮਾਨਸਾ ਦੀ ਇੱਕ ਬਜ਼ੁਰਗ ਮਹਿਲਾ ਦੀ ਸ਼ਿਕਾਇਤ 'ਤੇ ਤੁਰੰਤ ਦਖ਼ਲ ਦਿੰਦਿਆਂ ਮਾਮਲੇ ਦੀ ਜਾਂਚ ਕਰਵਾਈ ਗਈ ਅਤੇ ਦੋਸ਼ੀ ਵਿਰੁੱਧ ਕਾਨੂੰਨੀ ਕਾਰਵਾਈ ਨੂੰ ਤੇਜ਼ੀ ਨਾਲ ਅਮਲ ਵਿੱਚ ਲਿਆਉਂਦਿਆਂ ਉਸ ਦੀ ਗ੍ਰਿਫ਼ਤਾਰੀ ਯਕੀਨੀ ਬਣਾਈ ਗਈ, ਜਿਸ ਨਾਲ ਪੀੜਤ ਬਜ਼ੁਰਗ ਮਹਿਲਾ ਨੂੰ ਇਨਸਾਫ਼ ਮਿਲਿਆ ਹੈ।



ਇਸ ਸਬੰਧੀ ਹੋਰ ਜਾਣਕਾਰੀ ਸਾਂਝੀ ਕਰਦਿਆਂ ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਹੈ ਕਿ ਬਜ਼ੁਰਗ ਮਹਿਲਾ ਵੱਲੋਂ ਕੀਤੀ ਗਈ ਸ਼ਿਕਾਇਤ ਵਿੱਚ ਦੱਸਿਆ ਗਿਆ ਸੀ ਕਿ ਪਰਿਵਾਰਕ ਵਿਵਾਦ ਅਤੇ ਜਾਇਦਾਦੀ ਮਾਮਲੇ ਨੂੰ ਲੈ ਕੇ ਉਸ ਨਾਲ ਧੱਕੇਸ਼ਾਹੀ ਕੀਤੀ ਜਾ ਰਹੀ ਹੈ ਅਤੇ ਉਸ ਨੂੰ ਮਾਨਸਿਕ ਤੌਰ 'ਤੇ ਪਰੇਸ਼ਾਨ ਕੀਤਾ ਜਾ ਰਿਹਾ ਹੈ। ਸ਼ਿਕਾਇਤ ਮਿਲਦੇ ਹੀ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ, ਮਾਨਸਾ ਵੱਲੋਂ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਸੰਬੰਧਿਤ ਅਧਿਕਾਰੀਆਂ ਨਾਲ ਤਾਲਮੇਲ ਕੀਤਾ ਗਿਆ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਉਪਰੰਤ ਐਫ.ਆਈ.ਆਰ. ਦਰਜ ਕਰਕੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

ਡਾ. ਬਲਜੀਤ ਕੌਰ ਨੇ ਕਿਹਾ ਕਿ ਕਿਸੇ ਵੀ ਬਜ਼ੁਰਗ ਮਾਂ-ਪਿਓ ਨਾਲ ਦੁਰਵਿਵਹਾਰ ਜਾਂ ਸ਼ੋਸ਼ਣ ਨਾ ਸਿਰਫ਼ ਕਾਨੂੰਨੀ ਤੌਰ 'ਤੇ ਗਲਤ ਹੈ, ਸਗੋਂ ਸਾਡੇ ਸਮਾਜਿਕ ਅਤੇ ਨੈਤਿਕ ਮੁੱਲਾਂ ਦੇ ਵੀ ਖ਼ਿਲਾਫ਼ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਸਪੱਸ਼ਟ ਨੀਤੀ ਹੈ ਕਿ ਹਰ ਬਜ਼ੁਰਗ ਨੂੰ ਸੁਰੱਖਿਅਤ, ਸਨਮਾਨਯੋਗ ਅਤੇ ਨਿਰਭੈ ਜੀਵਨ ਦਾ ਅਧਿਕਾਰ ਮਿਲੇ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਪੀੜਤਾਂ ਨੂੰ ਤੁਰੰਤ ਰਾਹਤ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਯਕੀਨੀ ਬਣਾਈ ਜਾਵੇਗੀ।

ਮਾਮਲੇ ਦੀ ਪੈਰਵੀ ਦੌਰਾਨ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ, ਮਾਨਸਾ ਨੇ ਬਜ਼ੁਰਗ ਮਹਿਲਾ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਹਾਲ-ਚਾਲ ਜਾਣਿਆ ਅਤੇ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ।

ਇਸ ਮੌਕੇ ਉਨ੍ਹਾਂ ਨੂੰ ਜ਼ਿਲ੍ਹਾ ਮਾਨਸਾ ਵਿਖੇ ਚੱਲ ਰਹੇ ਸਤਿਕਾਰ ਘਰ ਬਾਰੇ ਵੀ ਜਾਣਕਾਰੀ ਦਿੱਤੀ ਗਈ, ਜਿੱਥੇ ਲੋੜ ਪੈਣ 'ਤੇ ਸੁਰੱਖਿਅਤ ਰਿਹਾਇਸ਼, ਦੇਖਭਾਲ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਉਪਲਬਧ ਕਰਵਾਈਆਂ ਜਾ ਸਕਦੀਆਂ ਹਨ।

ਇਸ ਦੌਰਾਨ ਅਧਿਕਾਰੀਆਂ ਵੱਲੋਂ ਸਤਿਕਾਰ ਘਰ ਦਾ ਦੌਰਾ ਕਰਕੇ ਉੱਥੇ ਰਹਿ ਰਹੇ ਬਜ਼ੁਰਗਾਂ ਨਾਲ ਗੱਲਬਾਤ ਕੀਤੀ ਗਈ ਅਤੇ ਉਨ੍ਹਾਂ ਦੀਆਂ ਲੋੜਾਂ ਅਤੇ ਸੁਝਾਵਾਂ ਬਾਰੇ ਜਾਣਕਾਰੀ ਹਾਸਲ ਕੀਤੀ ਗਈ। ਨਾਲ ਹੀ ਪ੍ਰਬੰਧਕਾਂ ਨੂੰ ਬਜ਼ੁਰਗਾਂ ਦੀ ਸਿਹਤ, ਸੁਰੱਖਿਆ ਅਤੇ ਭਲਾਈ ਨਾਲ ਸਬੰਧਤ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਲਈ ਲੋੜੀਂਦੇ ਨਿਰਦੇਸ਼ ਦਿੱਤੇ ਗਏ।

ਡਾ. ਬਲਜੀਤ ਕੌਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਬਜ਼ੁਰਗ ਨਾਗਰਿਕ ਨਾਲ ਦੁਰਵਿਵਹਾਰ, ਅਣਦੇਖੀ ਜਾਂ ਜਾਇਦਾਦ ਸਬੰਧੀ ਸ਼ੋਸ਼ਣ ਦਾ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਤੁਰੰਤ ਸੰਬੰਧਿਤ ਅਧਿਕਾਰੀਆਂ ਜਾਂ ਬਜ਼ੁਰਗ ਹੈਲਪਲਾਈਨ ਨੰਬਰ 14567 'ਤੇ ਸੰਪਰਕ ਕੀਤਾ ਜਾਵੇ।

ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਬਜ਼ੁਰਗ ਨਾਗਰਿਕਾਂ ਦੀ ਭਲਾਈ, ਸੁਰੱਖਿਆ ਅਤੇ ਸਨਮਾਨਯੋਗ ਜੀਵਨ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਲੋੜਵੰਦ ਬਜ਼ੁਰਗਾਂ ਨੂੰ ਹਰ ਸੰਭਵ ਸਹਾਇਤਾ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨ ਜਾਰੀ ਰੱਖੇ ਜਾ ਰਹੇ ਹਨ।

## ਪੰਜਾਬ 'ਚ ਸਿੱਖਿਆ ਸੁਧਾਰਾਂ ਵੱਲ ਇਤਿਹਾਸਕ ਕਦਮ: ਬੋਰਡ ਪ੍ਰੀਖਿਆਵਾਂ 'ਚ ਬਰਾਬਰ ਅੰਕਾਂ 'ਤੇ ਮਿਲੇਗਾ ਇੱਕੋ ਜਿਹਾ ਰੈਂਕ

### ਉਮਰ ਦੇ ਆਧਾਰ 'ਤੇ ਫੈਸਲੇ ਵਾਲੀ ਪੁਰਾਣੀ ਪ੍ਰਥਾ ਖ਼ਤਮ : ਹਰਜੋਤ ਸਿੰਘ ਬੈਂਸ

**ਮੁਹਾਲੀ,: 10 ਜੂਨ 2026 (ਮਨੋਜ ਵਰਮਾ)** ਪੰਜਾਬ ਸਰਕਾਰ ਨੇ ਸੂਬੇ ਦੇ ਵਿਦਿਆਰਥੀਆਂ ਦੇ ਹਿੱਤ ਵਿੱਚ ਇੱਕ ਬੇਹੱਦ ਅਹਿਮ ਅਤੇ ਇਤਿਹਾਸਕ ਫੈਸਲਾ ਲਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਤੋਂ ਬਾਅਦ, ਪੰਜਾਬ ਸਕੂਲ ਸਿੱਖਿਆ ਬੋਰਡ ਨੇ ਬੋਰਡ ਪ੍ਰੀਖਿਆਵਾਂ ਦੀ ਮੈਰਿਟ ਸੂਚੀ ਤਿਆਰ ਕਰਨ ਦੇ ਨਿਯਮਾਂ ਵਿੱਚ ਵੱਡਾ ਬਦਲਾਅ ਕਰ ਦਿੱਤਾ ਹੈ। ਹੁਣ ਜੇਕਰ ਦੋ ਜਾਂ ਦੋ ਤੋਂ ਵੱਧ ਵਿਦਿਆਰਥੀਆਂ ਦੇ ਅੰਕ ਇੱਕੋ ਜਿਹੇ (ਬਰਾਬਰ) ਹੋਣਗੇ, ਤਾਂ ਉਨ੍ਹਾਂ ਨੂੰ ਮੈਰਿਟ ਵਿੱਚ ਇੱਕੋ ਜਿਹਾ (ਸੰਯੁਕਤ) ਰੈਂਕ ਦਿੱਤਾ ਜਾਵੇਗਾ।

ਇਸ ਦੇ ਨਾਲ ਹੀ, ਟਾਈ-ਬ੍ਰੇਕਰ ਵਜੋਂ ਜਨਮ ਮਿਤੀ (ਉਮਰ) ਦਾ ਇਸਤੇਮਾਲ ਕਰਨ ਦੀ ਦਹਾਕਿਆਂ ਪੁਰਾਣੀ ਪ੍ਰਥਾ ਨੂੰ ਹਮੇਸ਼ਾ ਲਈ ਖ਼ਤਮ ਕਰ ਦਿੱਤਾ ਗਿਆ ਹੈ।

**ਸਿਤਾਰੇ ਜ਼ਮੀਨ ਤੇ ਸਮਾਰੋਹ ਦੌਰਾਨ ਲਿਆ ਗਿਆ ਫੈਸਲਾ**

ਇਸ ਫੈਸਲੇ ਦੀ ਪਿੱਠਭੂਮੀ ਬਾਰੇ ਦੱਸਦਿਆਂ ਅਧਿਕਾਰੀਆਂ ਨੇ ਹਵਾਲਾ ਦਿੱਤਾ ਕਿ ਲੰਘੀ 31 ਮਈ ਨੂੰ ਰਾਜ ਪੱਧਰੀ ਸਨਮਾਨ ਸਮਾਰੋਹ



ਸਿਤਾਰੇ ਜ਼ਮੀਨ ਤੇ ਦਾ ਆਯੋਜਨ ਕੀਤਾ ਗਿਆ ਸੀ, ਜਿਸ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 8ਵੀਂ, 10ਵੀਂ ਅਤੇ 12ਵੀਂ ਜਮਾਤ ਦੇ ਜ਼ਿਲ੍ਹਾ ਟੌਪਰਾਂ ਨੂੰ ਸਨਮਾਨਿਤ ਕੀਤਾ ਸੀ।

ਇਸ ਸਮਾਰੋਹ ਦੌਰਾਨ ਜਦੋਂ ਮੁੱਖ ਮੰਤਰੀ ਨੇ ਬੱਚਿਆਂ ਨਾਲ ਵਿਚਾਰ-ਵਟਾਂਦਰਾ ਕੀਤਾ, ਤਾਂ ਕੁਝ ਵਿਦਿਆਰਥੀਆਂ ਨੇ ਆਪਣਾ ਦਰਦ ਸਾਂਝਾ ਕਰਦਿਆਂ ਦੱਸਿਆ ਕਿ ਪਹਿਲਾ ਰੈਂਕ ਪਾਉਣ ਵਾਲੇ ਦੇ ਬਰਾਬਰ ਅੰਕ ਹੋਣ ਦੇ ਬਾਵਜੂਦ, ਸਿਰਫ਼ ਉਮਰ ਛੋਟੀ ਹੋਣ ਦੀ ਵਜ੍ਹਾ ਨਾਲ ਉਨ੍ਹਾਂ ਨੂੰ ਮੈਰਿਟ ਲਿਸਟ ਵਿੱਚ ਹੇਠਾਂ ਰੱਖਿਆ ਗਿਆ। ਮਾਨ ਨੇ ਇਸ ਮਾਮਲੇ ਦਾ ਤੁਰੰਤ ਨੋਟਿਸ ਲੈਂਦਿਆਂ ਸਿੱਖਿਆ ਬੋਰਡ ਨੂੰ ਇਸ ਨੀਤੀ ਨੂੰ ਬਦਲਣ ਦੇ ਸਖ਼ਤ ਨਿਰਦੇਸ਼ ਜਾਰੀ ਕੀਤੇ ਸਨ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ PSEB ਦੀ ਉੱਚ-ਪੱਧਰੀ ਬੈਠਕ ਤੋਂ ਬਾਅਦ ਅਧਿਕਾਰਤ ਤੌਰ 'ਤੇ ਇਸ ਨਵੇਂ ਨਿਯਮ ਦਾ ਐਲਾਨ ਕੀਤਾ।

**ਬਰਾਬਰ ਅੰਕ ਮਤਲਬ ਬਰਾਬਰ ਰੈਂਕ': ਹਰਜੋਤ ਸਿੰਘ ਬੈਂਸ**

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਇਸ ਫੈਸਲੇ ਨੂੰ ਵਿਦਿਆਰਥੀ-ਕੇਂਦ੍ਰਿਤ ਸਿੱਖਿਆ ਦੀ ਦਿਸ਼ਾ ਵਿੱਚ ਇੱਕ ਇਤਿਹਾਸਕ ਮੀਲ ਪੱਥਰ ਦੱਸਿਆ।



ਉਨ੍ਹਾਂ ਕਿਹਾ: ਟੌਪਰ ਦੇ ਬਰਾਬਰ ਮਿਹਨਤ ਕਰਕੇ ਬਰਾਬਰ ਅੰਕ ਪ੍ਰਾਪਤ ਕਰਨ ਵਾਲੇ ਕਿਸੇ ਵੀ ਹੋਣਹਾਰ ਵਿਦਿਆਰਥੀ ਨੂੰ ਉਸਦੀ ਉਮਰ ਦੇ ਕਾਰਨ ਘੱਟ ਰੈਂਕ ਦੇ ਕੇ ਨਿਰਾਸ਼ ਨਹੀਂ ਕੀਤਾ ਜਾ ਸਕਦਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਦਰਸ਼ੀ ਅਗਵਾਈ ਹੇਠ ਹੁਣ ਪੰਜਾਬ ਵਿੱਚ 'ਬਰਾਬਰ ਅੰਕਾਂ ਦਾ ਅਰਥ ਬਰਾਬਰ ਰੈਂਕ' ਹੋਵੇਗਾ।

ਰੱਟਾ ਪ੍ਰਣਾਲੀ ਅਤੇ ਨਕਲ ਨੂੰ ਰੋਕਣ ਲਈ ਪ੍ਰਸ਼ਨ ਪੱਤਰਾਂ ਦੇ ਡਿਜ਼ਾਈਨ 'ਚ ਬਦਲਾਅ ਰੈਂਕਿੰਗ ਸੁਧਾਰਾਂ ਤੋਂ ਇਲਾਵਾ, ਪੰਜਾਬ ਸਰਕਾਰ ਨੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਪ੍ਰਸ਼ਨ ਪੱਤਰਾਂ ਦੇ ਪੈਟਰਨ ਵਿੱਚ ਵੀ ਵੱਡੀ ਤਬਦੀਲੀ ਨੂੰ ਮਨਜ਼ੂਰੀ ਦਿੱਤੀ ਹੈ।

ਸਿਤਾਰੇ ਜ਼ਮੀਨ ਤੇ ਸਮਾਗਮ ਦੌਰਾਨ ਵਿਦਿਆਰਥੀਆਂ ਨੇ ਮੁੱਖ ਮੰਤਰੀ ਨੂੰ ਇਹ ਵੀ ਫੀਡਬੈਕ ਦਿੱਤਾ ਸੀ ਕਿ ਮੌਜੂਦਾ ਪ੍ਰੀਖਿਆ ਪ੍ਰਣਾਲੀ ਵਿੱਚ ਸਮਝਣ ਦੀ ਬਜਾਏ 'ਰੱਟੇਬਾਜ਼ੀ' ਨੂੰ ਜ਼ਿਆਦਾ ਮਹੱਤਵ ਮਿਲਦਾ ਹੈ।

ਸਿੱਖਿਆ ਮੰਤਰੀ ਨੇ ਦੱਸਿਆ ਕਿ ਹੁਣ ਬੋਰਡ ਵਿਸ਼ਾ ਮਾਹਿਰਾਂ ਦੁਆਰਾ ਤਿਆਰ ਕੀਤੇ ਗਏ 'ਯੋਗਤਾ-ਅਧਾਰਤ ਪ੍ਰਸ਼ਨ ਪੱਤਰਾਂ' ਵੱਲ ਵਧ ਰਿਹਾ ਹੈ। ਮੁੱਖ ਧਿਆਨ: ਹੁਣ ਪ੍ਰੀਖਿਆਵਾਂ ਵਿੱਚ ਵਿਦਿਆਰਥੀ ਦੀ ਸਮਝ, ਵਿਸ਼ਲੇਸ਼ਣਾਤਮਕ (ਯੋਗਤਾ ਅਤੇ ਤਰਕ ਸ਼ਕਤੀ ਦੀ ਜਾਂਚ ਕੀਤੀ ਜਾਵੇਗੀ, ਨਾ ਕਿ ਉਨ੍ਹਾਂ ਦੀ ਯਾਦ ਰੱਖਣ ਦੀ ਸਮਰੱਥਾ ਦੀ। ਨਕਲ 'ਤੇ ਲਗਾਮ: ਨਵੇਂ ਡਿਜ਼ਾਈਨ ਕੀਤੇ ਪ੍ਰਸ਼ਨ ਪੱਤਰਾਂ ਕਾਰਨ ਪ੍ਰੀਖਿਆਵਾਂ ਵਿੱਚ ਧੋਖਾਧੜੀ ਅਤੇ ਨਕਲ ਦੀ ਗੁੰਜਾਇਸ਼ ਨਾਮਾਤਰ ਰਹਿ ਜਾਵੇਗੀ।

ਜਦੋਂ ਪ੍ਰਸ਼ਨ ਯਾਦਦਾਸ਼ਤ ਦੀ ਬਜਾਏ ਸੋਚਣ ਦੀ ਯੋਗਤਾ 'ਤੇ ਆਧਾਰਿਤ ਹੋਣਗੇ, ਤਾਂ ਪੇਪਰ ਲੀਕ ਅਤੇ ਨਕਲ ਵਰਗੀਆਂ ਕੁਪ੍ਰਥਾਵਾਂ ਖ਼ੁਦ-ਬ-ਖ਼ੁਦ ਖ਼ਤਮ ਹੋ ਜਾਣਗੀਆਂ।

## ਪਟਿਆਲਾ 'ਚ ਦਿਲ ਕੰਬਾਊ ਵਾਰਦਾਤ: ਪਸਿਆਣਾ ਭਾਖੜਾ ਨਹਿਰ ਵਿੱਚੋਂ ਮਿਲੀ 6-7 ਸਾਲਾ ਮਾਸੂਮ ਬੱਚੇ ਦੀ ਲਾਸ਼



**ਪਟਿਆਲਾ:10 ਜੂਨ 2026 (ਬਲਜੀਤ ਸਰਨਾ)**: ਪਟਿਆਲਾ ਦੇ ਪਸਿਆਣਾ ਖੇਤਰ ਵਿੱਚੋਂ ਲੰਘਦੀ ਭਾਖੜਾ ਨਹਿਰ ਵਿੱਚੋਂ ਇੱਕ 6 ਤੋਂ 7 ਸਾਲ ਦੇ ਅਣਪਛਾਤੇ ਮਾਸੂਮ ਬੱਚੇ ਦੀ ਬੇਹੱਦ ਦਰਦਨਾਕ ਅਤੇ ਅਣਮਨੁੱਖੀ ਹਾਲਤ ਵਿੱਚ ਤੈਰਦੀ ਹੋਈ ਲਾਸ਼ ਬਰਾਮਦ ਹੋਈ ਹੈ। ਬੱਚੇ ਦੀ ਲਾਸ਼ ਦੀ ਜੋ ਹਾਲਤ ਸੀ, ਉਸਨੇ ਦੇਖਣ ਵਾਲਿਆਂ ਦੇ ਰੋਂਗਟੇ ਖੜ੍ਹੇ ਕਰ ਦਿੱਤੇ। ਇਸ ਖ਼ੌਫ਼ਨਾਕ ਘਟਨਾ ਤੋਂ ਬਾਅਦ ਇਲਾਕੇ ਵਿੱਚ ਸਨਸਨੀ ਫੈਲ ਗਈ ਹੈ ਅਤੇ ਕਤਲ ਦੇ ਇਸ ਬੇਹੱਦ ਬੇਰਹਿਮ ਮਾਮਲੇ ਨੇ ਸਭ ਨੂੰ ਝੰਜੋੜ ਕੇ ਰੱਖ ਦਿੱਤਾ ਹੈ।

**ਹੱਥ-ਪੈਰ ਬੱਝੇ, ਪੇਟ 'ਤੇ ਤੇਜ਼ਧਾਰ ਹਥਿਆਰ ਦੇ ਨਿਸ਼ਾਨ**

'ਭੋਲੇ ਸ਼ੰਕਰ ਡਾਈਵਰ ਕਲੱਬ' ਦੇ ਪ੍ਰਧਾਨ ਸ਼ੰਕਰ ਭਾਰਦਵਾਜ ਨੇ ਇਸ ਦੁਖਦਾਈ ਘਟਨਾ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਦੀ ਗੋਤਾਖੋਰ ਟੀਮ ਨੂੰ ਨਹਿਰ ਵਿੱਚ ਇੱਕ ਬੱਚੇ ਦੀ ਲਾਸ਼ ਤੈਰਦੀ ਹੋਈ ਮਿਲੀ। ਸ਼ੰਕਰ ਭਾਰਦਵਾਜ ਮੁਤਾਬਕ ਮ੍ਰਿਤਕ ਲੜਕੇ ਦੀ ਉਮਰ ਲਗਭਗ 6 ਤੋਂ 7 ਸਾਲ ਦੇ ਕਰੀਬ ਜਾਪਦੀ ਹੈ। ਦੇਖਣ ਤੋਂ ਪ੍ਰਤੀਤ ਹੁੰਦਾ ਹੈ ਕਿ ਇਹ ਲਾਸ਼ ਕਰੀਬ ਦੋ ਤੋਂ ਤਿੰਨ ਦਿਨ ਪੁਰਾਣੀ ਹੈ। ਦਰਦਨਾਕ ਹਾਲਤ: ਮਾਸੂਮ ਬੱਚੇ ਦਾ ਸਿਰ ਧੜ ਤੋਂ ਬੇਰਹਿਮੀ ਨਾਲ ਵੱਖ ਕੀਤਾ ਹੋਇਆ ਸੀ। ਉਸਦੇ ਹੱਥ ਅਤੇ ਪੈਰ ਰੱਸੀ ਨਾਲ ਬੰਨੇ ਹੋਏ ਸਨ।

ਇੰਨਾ ਹੀ ਨਹੀਂ, ਬੱਚੇ ਦੇ ਪੇਟ 'ਤੇ ਕਿਸੇ ਤੇਜ਼ਧਾਰ ਹਥਿਆਰ ਨਾਲ ਗੰਭੀਰ ਵਾਰ ਕੀਤੇ ਗਏ ਸਨ, ਜਿਸ ਕਾਰਨ ਉਸਦੇ ਪੇਟ ਦੀਆਂ ਨਾੜੀਆਂ ਤੱਕ ਬਾਹਰ ਨਿਕਲ ਆਈਆਂ ਸਨ।

ਇਹ ਮਾਮਲਾ ਸਿੱਧੇ ਤੌਰ 'ਤੇ ਬੇਹੱਦ ਬੇਰਹਿਮੀ ਨਾਲ ਕੀਤੇ ਗਏ ਅੰਨ੍ਹੇ ਕਤਲ ਦਾ ਜਾਪਦਾ ਹੈ। ਪੁਲਿਸ ਨੂੰ ਇਸ ਮਾਮਲੇ ਦੀ ਬਾਰੀਕੀ ਅਤੇ ਡੂੰਘਾਈ ਨਾਲ ਜਾਂਚ ਕਰਨੀ ਚਾਹੀਦੀ ਹੈ ਤਾਂ ਜੋ ਇਸ ਵਾਰਦਾਤ ਪਿੱਛੇ ਛਿਪੇ ਅਸਲ ਸੱਚ ਅਤੇ ਕਾਤਲਾਂ ਦਾ ਪਤਾ ਲਗਾਇਆ ਜਾ ਸਕੇ।

**— ਸ਼ੰਕਰ ਭਾਰਦਵਾਜ, ਪ੍ਰਧਾਨ (ਭੋਲੇ ਸ਼ੰਕਰ ਡਾਈਵਰ ਕਲੱਬ)**

**ਪੁਲਿਸ ਨੂੰ ਦਿੱਤੀ ਸੂਚਨਾ; ਰਜਿੰਦਰਾ ਹਸਪਤਾਲ ਦੀ ਮੋਰਚਰੀ 'ਚ ਰਖਵਾਈ ਲਾਸ਼**

ਗੋਤਾਖੋਰ ਟੀਮ ਵੱਲੋਂ ਘਟਨਾ ਦੀ ਸੂਚਨਾ ਤੁਰੰਤ ਸਥਾਨਕ ਪੁਲਿਸ ਅਤੇ ਸਬੰਧਤ ਉੱਚ ਅਧਿਕਾਰੀਆਂ ਨੂੰ ਦਿੱਤੀ ਗਈ। ਸੂਚਨਾ ਮਿਲਦੇ ਹੀ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ।

ਫਿਲਹਾਲ ਮ੍ਰਿਤਕ ਬੱਚੇ ਦੀ ਪਛਾਣ ਨਹੀਂ ਹੋ ਸਕੀ ਹੈ। ਪਛਾਣ ਅਤੇ ਪਰਿਵਾਰ ਦੀ ਭਾਲ ਲਈ ਲਾਸ਼ ਨੂੰ ਅਗਲੇ 72 ਘੰਟਿਆਂ ਲਈ ਪਟਿਆਲਾ ਦੇ ਸਰਕਾਰੀ ਰਜਿੰਦਰਾ ਹਸਪਤਾਲ ਦੀ ਮੋਰਚਰੀ (ਮੁਰਦਾਘਰ) ਵਿੱਚ ਰਖਵਾਇਆ ਗਿਆ ਹੈ। ਪੁਲਿਸ ਵੱਲੋਂ ਆਸ-ਪਾਸ ਦੇ ਇਲਾਕਿਆਂ ਅਤੇ ਥਾਣਿਆਂ ਵਿੱਚ ਗੁੰਮਸ਼ੁਦਾ ਬੱਚਿਆਂ ਦੇ ਰਿਕਾਰਡ ਖੰਗਾਲੇ ਜਾ ਰਹੇ ਹਨ ਤਾਂ ਜੋ ਬੱਚੇ ਦੀ ਸ਼ਨਾਖਤ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ।




BODU RAM CHOUDHARY-91666-09957    BALVEER 82093-53836

SHIV MARBLE & GRANITE
RAJASTHAN MAKRANA WALE





BYE-PASS ROAD, NEAR ALIPUR CHOWK, PATIALA

# ਸੰਪਾਦਕੀ

## ਪਾਣੀ ਦਾ ਪੱਧਰ ਖ਼ਤਰਨਾਕ ਹੱਦ ਤੱਕ ਹੇਠਾਂ ਜਾ ਚੁੱਕੈ

ਇਸ ਸਮੇਂ ਪੰਜਾਬ 'ਚ ਧਰਤੀ ਹੇਠਲਾ ਪਾਣੀ ਗੰਭੀਰ ਪੱਧਰ ਤੱਕ ਹੇਠਾਂ ਜਾ ਚੁੱਕਿਆ ਹੈ। 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ' ਸਾਨੂੰ ਕੁਦਰਤ ਪ੍ਰਤੀ ਸਤਿਕਾਰ ਅਤੇ ਸਾਂਝ ਦਾ ਮਾਰਗ ਦਿਖਾਉਂਦਾ ਹੈ, ਪਰ ਅੱਜ ਦੇ ਪੰਜਾਬ ਦੀ ਤਸਵੀਰ ਇਸ ਫਲਸਫ਼ੇ ਤੋਂ ਕੋਹਾਂ ਦੂਰ ਜਾ ਚੁੱਕੀ ਹੈ। ਖੇਤੀ ਪ੍ਰਧਾਨ ਸੂਬਾ ਹੋਣ ਦੇ ਨਾਤੇ ਪੰਜਾਬ ਦੀ ਲਗਭਗ 60 ਫ਼ੀਸਦੀ ਤੋਂ ਵੱਧ ਅਬਾਦੀ ਸਿੱਧੇ ਜਾਂ ਅਸਿੱਧੇ ਤੌਰ 'ਤੇ ਖੇਤੀਬਾੜੀ ਉੱਤੇ ਨਿਰਭਰ ਹੈ। ਇਸ ਲਈ ਇੱਥੇ ਕਿਸਾਨੀ ਦਾ ਸੰਕਟ ਸਿਰਫ਼ ਇੱਕ ਵਰਗ ਦਾ ਸੰਕਟ ਨਹੀਂ, ਸਗੋਂ ਹਰ ਉਸ ਥਾਲੀ ਦਾ ਸੰਕਟ ਹੈ ਜਿਸ ਤੱਕ ਕਿਸਾਨ ਦੀ ਮਿਹਨਤ ਸਦਕਾ ਅੰਨ ਪਹੁੰਚਦਾ ਹੈ। 1960ਵਿਆਂ ਦੀ ਹਰੀ ਕ੍ਰਾਂਤੀ ਨੇ ਬੇਸ਼ੱਕ ਦੇਸ਼ ਦਾ ਢਿੱਡ ਭਰਿਆ, ਪਰ ਇਸ ਨੇ ਸਾਡੀ 'ਮਾਤਾ ਧਰਤਿ' ਨੂੰ ਰਸਾਇਣਾਂ ਨਾਲ ਜ਼ਹਿਰੀਲਾ ਬਣਾ ਦਿੱਤਾ ਅਤੇ 'ਪਾਣੀ ਪਿਤਾ' ਨੂੰ ਪਾਤਾਲ ਵੱਲ ਧੱਕਣ ਦੇ ਨਾਲ-ਨਾਲ ਦੂਸ਼ਿਤ ਵੀ ਕਰ ਦਿੱਤਾ। ਆਪਣੀ ਪੁਰਾਤਨ ਸਿਆਣਪ ਅਤੇ ਕੁਦਰਤੀ ਸੰਤੁਲਨ ਨੂੰ ਵਿਸਾਰ ਕੇ ਅਸੀਂ ਮੰਡੀ ਦੀ ਗ਼ੁਲਾਮੀ ਦੇ ਉਸ ਕੁਚੱਕਰ ਵਿੱਚ ਫਸ ਗਏ ਹਾਂ, ਜਿੱਥੇ ਲਾਗਤਾਂ ਦੇ ਵਾਧੇ ਨੇ ਅੰਨਦਾਤੇ ਨੂੰ ਕਰਜ਼ੇ ਅਤੇ ਖ਼ੁਦਕੁਸ਼ੀਆਂ ਦੇ ਰਾਹ ਪਾ ਦਿੱਤਾ ਹੈ। ਅਜਿਹੀ ਸਥਿਤੀ ਵਿੱਚ ਜੈਵਿਕ ਖੇਤੀ ਵੱਲ ਮੋੜਾ ਕੱਟਣਾ ਮਹਿਜ਼ ਇੱਕ ਤਕਨੀਕੀ ਤਬਦੀਲੀ ਨਹੀਂ, ਸਗੋਂ ਪੰਜਾਬ ਦੀ ਰੂਹਾਨੀ ਵਿਰਾਸਤ, ਆਰਥਿਕਤਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੀ ਹੋਂਦ ਨੂੰ ਬਚਾਉਣ ਲਈ ਲਿਆ ਗਿਆ ਇੱਕ ਲਾਜ਼ਮੀ ਨੀਤੀਗਤ ਫ਼ੈਸਲਾ ਹੈ। ਮਿੱਟੀ ਦੀ ਸਿਹਤ ਵਿੱਚ ਆ ਰਹੀ ਲਗਾਤਾਰ ਗਿਰਾਵਟ ਪੰਜਾਬ ਦੇ ਖੇਤੀ ਸੰਕਟ ਦੀ ਜੜ੍ਹ ਹੈ। ਖੇਤੀ ਵਿਗਿਆਨ ਅਨੁਸਾਰ ਉਪਜਾਊ ਮਿੱਟੀ ਵਿੱਚ ਜੈਵਿਕ ਅੰਸ਼ (ਮਾਦਾ) ਘੱਟੋ-ਘੱਟ ਇੱਕ ਫ਼ੀਸਦ ਹੋਣਾ ਚਾਹੀਦਾ ਹੈ, ਪਰ ਪੰਜਾਬ ਦੇ ਜ਼ਿਆਦਾਤਰ ਖੇਤਰਾਂ ਵਿੱਚ ਇਹ ਅੰਕੜਾ ਚਿੰਤਾਜਨਕ ਹੱਦ ਤੱਕ, ਯਾਨੀ 0.3 ਫ਼ੀਸਦੀ ਤੋਂ ਵੀ ਹੇਠਾਂ ਡਿੱਗ ਚੁੱਕਾ ਹੈ। ਰਸਾਇਣਕ ਖਾਦਾਂ ਦੀ ਅੰਨ੍ਹੇਵਾਹ ਵਰਤੋਂ ਨੇ ਮਿੱਟੀ ਦੇ ਕੁਦਰਤੀ ਜੀਵ-ਚੱਕਰ ਨੂੰ ਲਗਪਗ ਤਬਾਹ ਕਰ ਦਿੱਤਾ ਹੈ। ਮਿੱਟੀ ਵਿੱਚ ਮੌਜੂਦ ਉਹ ਸੂਖ਼ਮ ਜੀਵ, ਜੋ ਕੁਦਰਤੀ ਤੌਰ 'ਤੇ ਜ਼ਮੀਨ ਨੂੰ ਉਪਜਾਊ ਬਣਾਉਂਦੇ ਸਨ, ਹੁਣ ਰਸਾਇਣਾਂ ਦੀ ਭੇਟ ਚੜ੍ਹ ਚੁੱਕੇ ਹਨ। ਨਤੀਜੇ ਵਜੋਂ ਝਾੜ ਨੂੰ ਬਰਕਰਾਰ ਰੱਖਣ ਲਈ ਕਿਸਾਨ ਨੂੰ ਹਰ ਸਾਲ ਵਧੇਰੇ ਮਾਤਰਾ ਵਿੱਚ ਨਾਈਟ੍ਰੋਜਨ ਅਤੇ ਫਾਸਫੋਰਸ ਵਰਗੀਆਂ ਰਸਾਇਣਕ ਖਾਦਾਂ ਦੀ ਵਰਤੋਂ ਕਰਨੀ ਪੈਂਦੀ ਹੈ। ਇਸ ਚੱਕਰ ਨੂੰ ਤੋੜਨ ਦਾ ਇੱਕੋ-ਇੱਕ ਵਿਗਿਆਨਕ ਰਾਹ ਜੈਵਿਕ ਖੇਤੀ ਹੈ। ਜਦੋਂ ਅਸੀਂ ਖੇਤ ਵਿੱਚ ਰੂੜੀ ਦੀ ਖਾਦ, ਹਰੀ ਖਾਦ ਜਾਂ ਜੀਵਾਮ੍ਰਿਤ ਦੀ ਵਰਤੋਂ ਕਰਦੇ ਹਾਂ ਤਾਂ ਅਸੀਂ ਮਿੱਟੀ ਦੀ ਜੈਵਿਕ ਸੰਰਚਨਾ ਨੂੰ ਸੁਰਜੀਤ ਕਰਦੇ ਹਾਂ। ਤੱਥ ਦੱਸਦੇ ਹਨ ਕਿ ਜੈਵਿਕ ਮਾਦੇ ਵਿੱਚ ਇੱਕ ਫ਼ੀਸਦੀ ਵਾਧਾ ਹੋਣ ਨਾਲ ਮਿੱਟੀ ਦੀ ਪਾਣੀ ਸੋਖਣ ਦੀ ਸਮਰੱਥਾ ਪ੍ਰਤੀ ਏਕੜ ਹਜ਼ਾਰਾਂ ਲਿਟਰ ਵਧ ਜਾਂਦੀ ਹੈ, ਜੋ ਪੰਜਾਬ ਦੇ ਉਨ੍ਹਾਂ 117 'ਡਾਰਕ ਜ਼ੋਨ' ਬਲਾਕਾਂ ਲਈ ਬਹੁਤ ਜ਼ਰੂਰੀ ਹੈ ਜਿੱਥੇ ਪਾਣੀ ਦਾ ਪੱਧਰ ਖ਼ਤਰਨਾਕ ਹੱਦ ਤੱਕ ਹੇਠਾਂ ਜਾ ਚੁੱਕਾ ਹੈ। ਜਿੱਥੋਂ ਤੱਕ ਪੰਜਾਬ ਵਿੱਚ ਵਧ ਰਹੀਆਂ ਭਿਆਨਕ ਬਿਮਾਰੀਆਂ ਦਾ ਸਵਾਲ ਹੈ, ਇਹ ਸੱਚ ਹੈ ਕਿ ਇਸ ਦੇ ਕਈ ਹੋਰ ਸਮਾਜਿਕ ਅਤੇ ਉਦਯੋਗਿਕ ਪਹਿਲੂ ਵੀ ਹੋ ਸਕਦੇ ਹਨ ਅਤੇ ਸਿਰਫ਼ ਖੇਤੀਬਾੜੀ ਨੂੰ ਹੀ ਇਸ ਦਾ ਮੁੱਖ ਕਾਰਨ ਮੰਨ ਲੈਣਾ ਸ਼ਾਇਦ ਪੂਰਾ ਸੱਚ ਨਾ ਹੋਵੇ, ਪਰ ਅਸੀਂ ਇਸ ਹਕੀਕਤ ਨੂੰ ਵੀ ਅੱਖੋਂ ਓਹਲੇ ਨਹੀਂ ਕਰ ਸਕਦੇ ਕਿ ਰਸਾਇਣਕ ਖੇਤੀ ਦੇ ਲੰਮੇ ਦੌਰ ਨੇ ਸਾਡੀ ਮਿੱਟੀ ਅਤੇ ਪਾਣੀ ਦੀ ਕੁਦਰਤੀ ਬਣਤਰ ਨੂੰ ਬੁਰੀ ਤਰ੍ਹਾਂ ਵਿਗਾੜ ਦਿੱਤਾ ਹੈ। ਅਨੇਕਾਂ ਖੋਜਾਂ ਇਹ ਤਸਦੀਕ ਕਰਦੀਆਂ ਹਨ ਕਿ ਧਰਤੀ ਹੇਠਲੇ ਪਾਣੀ ਵਿੱਚ ਯੂਰੇਨੀਅਮ, ਫਲੋਰਾਈਡ ਅਤੇ ਆਰਸੈਨਿਕ ਵਰਗੀਆਂ ਭਾਰੀ ਧਾਤਾਂ ਦੀ ਮਾਤਰਾ ਤੈਅ ਸੀਮਾ ਤੋਂ ਕਈ ਗੁਣਾ ਵਧ ਚੁੱਕੀ ਹੈ। ਜਦੋਂ ਰਸਾਇਣਕ ਖਾਦਾਂ ਅਤੇ ਕੀਟਨਾਸ਼ਕ ਮਿੱਟੀ ਰਾਹੀਂ ਰਿਸ ਕੇ ਹੇਠਲੇ ਪਾਣੀ ਦੇ ਸੋਮਿਆਂ ਤੱਕ ਪਹੁੰਚਦੇ ਹਨ ਤਾਂ ਇਹ ਪਾਣੀ ਨੂੰ ਅਜਿਹੇ 'ਜ਼ਹਿਰ' ਵਿੱਚ ਬਦਲ ਦਿੰਦੇ ਹਨ, ਜੋ ਹੌਲੀ-ਹੌਲੀ ਮਨੁੱਖ ਨੂੰ ਮੌਤ ਦੇ ਕੰਢੇ ਲੈ ਜਾਂਦਾ ਹੈ। ਇਹ ਭਾਰੀ ਧਾਤਾਂ ਨਾ ਸਿਰਫ਼ ਕੈਂਸਰ ਵਰਗੀਆਂ ਬਿਮਾਰੀਆਂ ਨੂੰ ਜਨਮ ਦਿੰਦੀਆਂ ਹਨ, ਸਗੋਂ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਨੂੰ ਵੀ ਪ੍ਰਭਾਵਿਤ ਕਰ ਰਹੀਆਂ ਹਨ। ਜਦੋਂ ਅਸੀਂ ਜੈਵਿਕ ਖੇਤੀ ਦੀ ਗੱਲ ਕਰਦੇ ਹਾਂ ਤਾਂ ਸਾਡਾ ਮੁੱਖ ਮਕਸਦ ਸਿਰਫ਼ ਫ਼ਸਲ ਉਗਾਉਣਾ ਨਹੀਂ, ਸਗੋਂ ਸਾਡੀ ਖ਼ੁਰਾਕੀ ਲੜੀ ਵਿੱਚੋਂ ਇਨ੍ਹਾਂ ਜ਼ਹਿਰੀਲੇ ਤੱਤਾਂ ਨੂੰ ਬਾਹਰ ਕੱਢਣਾ ਹੈ। ਇਸ ਦਿਸ਼ਾ ਵਿੱਚ ਪੰਜਾਬ ਐਗਰੀਕਲਚਰ ਯੂਨੀਵਰਸਿਟੀ (ਪੀ ਏ ਯੂ) ਦੀ ਭੂਮਿਕਾ ਨੂੰ ਮੁੜ-ਪਰਿਭਾਸ਼ਿਤ ਕਰਨ ਦੀ ਲੋੜ ਹੈ। ਯੂਨੀਵਰਸਿਟੀ ਨੂੰ ਸਿਰਫ਼ ਵੱਡੀਆਂ ਬੀਜ ਅਤੇ ਖਾਦ ਕੰਪਨੀਆਂ ਦੇ ਵਪਾਰਕ ਏਜੰਡੇ ਤੋਂ ਬਾਹਰ ਆ ਕੇ ਜ਼ਮੀਨੀ ਪੱਧਰ 'ਤੇ ਕਿਸਾਨਾਂ ਨਾਲ ਜੁੜਨਾ ਪਵੇਗਾ। ਸਭ ਤੋਂ ਪਹਿਲਾਂ ਹਰ ਜ਼ਿਲ੍ਹੇ ਅਤੇ ਬਲਾਕ ਦੀ ਮਿੱਟੀ ਦੀ ਵਿਸ਼ੇਸ਼ ਪਰਖ ਕਰਕੇ ਉੱਥੋਂ ਦੇ ਵਾਤਾਵਰਨ ਅਨੁਸਾਰ ਢੁਕਵੀਆਂ ਜੈਵਿਕ ਫ਼ਸਲਾਂ ਦਾ ਮਾਡਲ ਤਿਆਰ ਕੀਤਾ ਜਾਣਾ ਚਾਹੀਦਾ ਹੈ। ਯੂਨੀਵਰਸਿਟੀ ਨੂੰ ਆਪਣੀਆਂ ਖੋਜਾਂ ਨੂੰ ਖੇਤਾਂ ਤੱਕ ਲਿਜਾਣ ਲਈ ਪਿੰਡ ਪੱਧਰੀ ਸੈਮੀਨਾਰਾਂ ਦੀ ਲੜੀ ਸ਼ੁਰੂ ਕਰਨੀ ਚਾਹੀਦੀ ਹੈ। ਇਹ ਸੈਮੀਨਾਰ ਮਹਿਜ਼ ਕਾਗਜ਼ੀ ਕਾਰਵਾਈ ਨਾ ਹੋਣ ਸਗੋਂ ਇਨ੍ਹਾਂ ਵਿੱਚ ਕਿਸਾਨਾਂ ਨੂੰ ਪ੍ਰੈਕਟੀਕਲ ਸਿਖਲਾਈ ਦਿੱਤੀ ਜਾਵੇ ਕਿ ਕਿਵੇਂ ਦੇਸੀ ਪਸ਼ੂਆਂ ਦੇ ਮੂਤਰ ਅਤੇ ਗੋਹੇ ਤੋਂ ਜੀਵਾਮ੍ਰਿਤ ਤਿਆਰ ਕਰਕੇ ਲਾਗਤ ਨੂੰ ਸਿਫ਼ਰ 'ਤੇ ਲਿਆਂਦਾ ਜਾ ਸਕਦਾ ਹੈ। ਜਦੋਂ ਵਿਗਿਆਨ ਅਤੇ ਕਿਸਾਨੀ ਤਜਰਬਾ ਖੇਤ ਵਿੱਚ ਮਿਲਣਗੇ ਤਾਂ ਸਾਰਥਿਕ ਨਤੀਜੇ ਨਿਕਲਣਗੇ।

**-ਛੱਤਰਪਾਲ ਸਿੰਘ**

# ਸਾਡਾ ਦੇਸ਼ ਕਿਵੇਂ ਤਪਸ਼ ਦੀ ਮਾਰ ਤੋਂ ?

**ਡਾ. ਗੁਰਿੰਦਰ ਕੌਰ**

ਅਜਕੱਲ੍ਹ ਭਾਰਤ ਦੇ ਜ਼ਿਆਦਾਤਰ ਸ਼ਹਿਰ ਗਰਮ ਲਹਿਰਾਂ ਦੀ ਮਾਰ ਹੇਠ ਹਨ। ਏਅਰ ਕੁਆਲਿਟੀ ਇੰਡੈਕਸ ਅਨੁਸਾਰ 22 ਮਈ 2026 ਨੂੰ ਦੁਨੀਆ ਦੇ 100 ਗਰਮ ਸ਼ਹਿਰਾਂ ਵਿੱਚੋਂ 97 ਅਤੇ 23 ਮਈ 2026 ਨੂੰ ਪਹਿਲੇ ਸਭ ਤੋਂ ਵੱਧ ਗਰਮ 100 ਸ਼ਹਿਰ ਭਾਰਤ ਵਿੱਚ ਸਨ। ਬਾਈ ਮਈ ਨੂੰ ਇਨ੍ਹਾਂ ਸ਼ਹਿਰਾਂ ਵਿੱਚ ਵੱਧ ਤੋਂ ਵੱਧ ਤਾਪਮਾਨ 44 ਤੋਂ 48 ਡਿਗਰੀ ਸੈਲਸੀਅਸ ਅਤੇ 23 ਮਈ ਨੂੰ 45 ਤੋਂ 48 ਡਿਗਰੀ ਸੈਲਸੀਅਸ ਦੇ ਦਰਮਿਆਨ ਦਰਜ ਕੀਤਾ ਗਿਆ ਹੈ। ਭਾਰਤ ਦੇ ਮੌਸਮ ਵਿਭਾਗ ਅਨੁਸਾਰ ਜਦੋਂ ਮੈਦਾਨੀ ਖੇਤਰਾਂ ਦਾ ਤਾਪਮਾਨ 40 ਡਿਗਰੀ ਸੈਲਸੀਅਸ, ਤੱਟਵਰਤੀ ਖੇਤਰਾਂ ਦਾ 37 ਡਿਗਰੀ ਸੈਲਸੀਅਸ ਅਤੇ ਪਹਾੜੀ ਖੇਤਰਾਂ ਦਾ 30 ਡਿਗਰੀ ਸੈਲਸੀਅਸ ਤੋਂ ਵਧ ਜਾਵੇ ਤਾਂ ਉਨ੍ਹਾਂ ਖੇਤਰਾਂ ਨੂੰ ਤਪਸ਼ ਦੀ ਮਾਰ ਹੇਠ ਮੰਨਿਆ ਜਾਂਦਾ ਹੈ। ਇਸ ਤਰ੍ਹਾਂ ਜੇਕਰ ਕਿਸੇ ਵੀ ਖੇਤਰ ਦਾ ਤਾਪਮਾਨ ਔਸਤ ਨਾਲੋਂ 5 ਡਿਗਰੀ ਸੈਲਸੀਅਸ ਵਧ ਜਾਂਦਾ ਹੈ ਤਾਂ ਉਹ ਖੇਤਰ ਵੀ ਗਰਮ ਲਹਿਰਾਂ ਤੋਂ ਅਸਰਅੰਦਾਜ਼ ਮੰਨਿਆ ਜਾਂਦਾ ਹੈ।

ਭਾਰਤ ਵਿੱਚ ਮਈ ਅਤੇ ਜੂਨ ਮਹੀਨਿਆਂ ਦੌਰਾਨ ਲੂ ਚੱਲਣਾ ਕੋਈ ਨਵਾਂ ਅਤੇ ਅਨੋਖਾ ਵਰਤਾਰਾ ਨਹੀਂ ਹੈ, ਪਰ ਧਰਤੀ ਦੇ ਔਸਤ ਤਾਪਮਾਨ ਵਿੱਚ ਇਨ੍ਹਾਂ ਗਰਮ ਲਹਿਰਾਂ ਦੇ ਆਉਣ ਦੇ ਸਮੇਂ, ਦਿਨਾਂ ਦੀ ਗਿਣਤੀ ਅਤੇ ਮਾਰੂ ਅਸਰ ਵਿੱਚ ਤੇਜ਼ੀ ਨਾਲ ਵਾਧਾ ਹੋ ਰਿਹਾ ਹੈ। ਭਾਰਤੀ ਮੌਸਮ ਵਿਭਾਗ ਦੀ 2024 ਦੀ ਇੱਕ ਰਿਪੋਰਟ ਅਨੁਸਾਰ ਦੇਸ਼ ਦੇ ਉੱਤਰੀ ਰਾਜ ਪਹਿਲਾਂ ਤਿੰਨ ਦਿਨ ਗਰਮ ਲਹਿਰਾਂ ਦੀ ਮਾਰ ਝੱਲਦੇ ਸਨ, ਪਰ ਹੁਣ ਉਕਤ ਰਾਜਾਂ 'ਚ ਇਹ ਗਿਣਤੀ ਵਧ ਕੇ 5 ਤੋਂ 7 ਦਿਨ ਹੋ ਸਕਦੀ ਹੈ। ਦੱਖਣੀ ਸੂਬਿਆਂ ਵਿੱਚ ਦੁੱਗਣਾ, ਦੱਖਣੀ ਰਾਜਸਥਾਨ, ਪੱਛਮੀ ਮੱਧ ਪ੍ਰਦੇਸ਼, ਵਿਦਰਭ, ਮਰਾਠਵਾੜਾ, ਗੁਜਰਾਤ ਆਦਿ ਖੇਤਰਾਂ ਵਿੱਚ ਗਰਮ ਲਹਿਰਾਂ ਦੇ ਦਿਨਾਂ ਦੀ ਗਿਣਤੀ 3 ਤੋਂ ਵਧ ਕੇ 8 ਜਾਂ 11 ਦਿਨਾਂ ਤੱਕ ਪੁੱਜ ਸਕਦੀ ਹੈ। ਭਾਰਤ ਦੇ ਮੌਸਮ ਵਿਭਾਗ ਅਨੁਸਾਰ 2015 ਤੱਕ ਦੇਸ਼ ਦੇ ਕੁੱਲ 17 ਰਾਜ ਗਰਮ ਲਹਿਰਾਂ ਦੀ ਮਾਰ ਤੋਂ ਪ੍ਰਭਾਵਿਤ ਹੁੰਦੇ ਸਨ। ਅਫ਼ਸੋਸ! 2024 ਵਿੱਚ ਇਨ੍ਹਾਂ ਸੂਬਿਆਂ ਦੀ ਗਿਣਤੀ ਵਧ ਕੇ 23 ਹੋ ਗਈ ਸੀ, ਜਿਨ੍ਹਾਂ ਵਿੱਚ ਹਿਮਾਚਲ ਪ੍ਰਦੇਸ਼, ਉੱਤਰਾਖੰਡ, ਅਰੁਣਾਚਲ ਪ੍ਰਦੇਸ਼ ਅਤੇ ਜੰਮੂ ਕਸ਼ਮੀਰ ਵਰਗੇ ਪਹਾੜੀ ਸੂਬੇ ਅਤੇ ਕੇਂਦਰੀ ਸ਼ਾਸਿਤ ਪ੍ਰਦੇਸ਼ ਅਤੇ ਕੇਰਲਮ ਤੇ ਤਾਮਿਲਨਾਡੂ ਵਰਗੇ ਤੱਟਵਰਤੀ ਰਾਜ ਵੀ ਸ਼ਾਮਿਲ ਸਨ।

ਤਪਸ਼ ਦੀ ਆਮਦ ਦੇ ਦਿਨਾਂ ਅਤੇ ਮਾਰੂ ਅਸਰ ਵਿੱਚ ਵਾਧਾ ਇਕਦਮ ਜਾਂ ਅਚਾਨਕ ਨਹੀਂ ਹੋਇਆ। ਇਸ ਵਰਤਾਰੇ ਬਾਰੇ ਦੁਨੀਆ ਦੇ ਵਿਗਿਆਨੀ ਕਈ ਦਹਾਕਿਆਂ ਤੋਂ ਚਿਤਾਵਨੀਆਂ ਦੇ ਰਹੇ ਹਨ। ਰਿਕਾਰਡ ਅਨੁਸਾਰ 2024 ਦਾ ਸਾਲ ਹੁਣ ਤੱਕ ਦਾ ਸਭ ਤੋਂ ਗਰਮ ਸਾਲ ਰਿਹਾ ਹੈ। 2024 ਵਿੱਚ ਧਰਤੀ ਦੇ ਔਸਤ ਤਾਪਮਾਨ ਵਿੱਚ ਉਦਯੋਗਿਕ ਇਨਕਲਾਬ ਦੇ ਸਮੇਂ ਤੋਂ ਪਹਿਲਾਂ ਦੇ ਔਸਤ ਤਾਪਮਾਨ ਨਾਲੋਂ 1.55 ਡਿਗਰੀ ਸੈਲਸੀਅਸ ਵਾਧਾ ਦਰਜ ਕੀਤਾ ਗਿਆ ਹੈ। ਰਿਕਾਰਡ ਅਨੁਸਾਰ ਪਹਿਲੀ ਵਾਰ ਹੈ ਕਿ ਪਿਛਲੇ ਤਿੰਨ ਸਾਲਾਂ (2023-2025) ਤੋਂ ਧਰਤੀ ਦਾ ਔਸਤ ਤਾਪਮਾਨ ਉਦਯੋਗਿਕ ਇਨਕਲਾਬ ਤੋਂ ਪਹਿਲਾਂ ਦੇ ਤਾਪਮਾਨ ਤੋਂ ਲਗਾਤਾਰ 1.5 ਡਿਗਰੀ ਸੈਲਸੀਅਸ ਦੀ ਸੀਮਾ ਨੂੰ ਪਾਰ ਕਰ ਗਿਆ ਹੈ। 2015 ਵਿੱਚ ਦੁਨੀਆ ਦੇ ਸਾਰੇ ਦੇਸ਼ਾਂ ਨੇ 'ਪੈਰਿਸ ਵਾਤਾਵਰਣ ਸਬੰਧੀ ਸਮਝੌਤੇ' ਤਹਿਤ ਗਰੀਨ ਹਾਊਸ ਗੈਸਾਂ ਦੀ ਨਿਕਾਸੀ ਵਿੱਚ ਤੇਜ਼ੀ ਨਾਲ ਕਟੌਤੀ ਕਰ ਕੇ ਧਰਤੀ ਦੇ ਔਸਤ ਤਾਪਮਾਨ ਨੂੰ 2045 ਤੱਕ 1.5 ਡਿਗਰੀ ਸੈਲਸੀਅਸ ਤੱਕ ਦੇ ਵਾਧੇ ਤੱਕ ਸੀਮਿਤ ਕਰਨ ਦੀ ਯੋਜਨਾ ਉਲੀਕੀ ਸੀ। ਇੱਥੇ ਇਹ ਦੱਸਣਾ ਵੀ ਜ਼ਰੂਰੀ ਹੈ ਕਿ ਕਿਸੇ ਵੀ ਦੇਸ਼ ਨੇ ਇਸ ਉੱਤੇ ਸੰਜੀਦਗੀ ਨਾਲ ਅਮਲ ਨਹੀਂ ਕੀਤਾ, ਜਿਸ ਦੇ ਨਤੀਜੇ ਵਜੋਂ 2015 ਤੋਂ 2025 ਤੱਕ ਦੇ 11 ਸਾਲ ਹੁਣ ਤੱਕ ਦੇ ਸਭ ਤੋਂ ਗਰਮ ਸਾਲ ਰਹੇ ਹਨ।

ਪਹਿਲੀ ਵਾਰ 2014 ਵਿੱਚ ਇੰਟਰਗਵਰਨਮੈਂਟਲ ਪੈਨਲ ਔਨ ਕਲਾਈਮੇਟ ਚੇਂਜ ਦੀ 5ਵੀਂ ਰਿਪੋਰਟ ਨੇ ਤਾਪਮਾਨ ਦੇ ਵਾਧੇ ਨਾਲ ਹੋ ਰਹੀਆਂ ਮੌਸਮੀ ਤਬਦੀਲੀਆਂ ਬਾਰੇ ਚਿੰਤਾਜਨਕ ਤੱਥ ਜਾਰੀ ਕੀਤੇ ਸਨ ਅਤੇ ਚਿਤਾਵਨੀ ਦਿੱਤੀ ਸੀ ਕਿ ਜੇਕਰ ਗਰੀਨ ਹਾਊਸ ਗੈਸਾਂ ਦੀ ਨਿਕਾਸੀ ਵਿੱਚ ਤੇਜ਼ੀ ਨਾਲ ਕਟੌਤੀ ਨਾ ਕੀਤੀ ਗਈ ਤਾਂ



ਦੁਨੀਆ ਦਾ ਕੋਈ ਵੀ ਦੇਸ਼ ਮੌਸਮੀ ਤਬਦੀਲੀਆਂ ਦੀ ਮਾਰ ਤੋਂ ਨਹੀਂ ਬਚ ਸਕੇਗਾ। ਭਾਰਤ ਅਤੇ ਚੀਨ ਉੱਤੇ ਮੌਸਮੀ ਤਬਦੀਲੀਆਂ ਦਾ ਅਸਰ ਬਾਕੀ ਦੇਸ਼ਾਂ ਨਾਲੋਂ ਵੱਧ ਪਵੇਗਾ। 2015 ਵਿੱਚ ਵਾਤਾਵਰਨ ਵਿੱਚ ਕਾਰਬਨ ਡਾਇਆਕਸਾਈਡ ਦੀ ਨਿਕਾਸੀ 399.40 ਪਾਰਟਸ ਪ੍ਰਤੀ ਮਿਲੀਅਨ ਸੀ, ਜਿਹੜੀ 2025 ਵਿੱਚ ਵਧ ਕੇ 427.35 ਪਾਰਟਸ ਪ੍ਰਤੀ ਮਿਲੀਅਨ ਹੋ ਗਈ ਹੈ।

ਪਿਛਲੇ 11 ਸਾਲਾਂ ਵਿੱਚ ਇਸ ਦੀ ਨਿਕਾਸੀ ਵਿੱਚ 2.53 ਪਾਰਟਸ ਪ੍ਰਤੀ ਮਿਲੀਅਨ ਦੀ ਦਰ ਨਾਲ ਸਾਲਾਨਾ ਵਾਧਾ ਹੋ ਰਿਹਾ ਹੈ। ਤਾਪਮਾਨ ਵਿੱਚ ਇੱਕ ਡਿਗਰੀ ਸੈਲਸੀਅਸ ਦੇ ਵਾਧੇ ਨਾਲ ਗਰਮ ਲਹਿਰਾਂ ਦੀ ਆਮਦ ਵਿੱਚ 5 ਗੁਣਾ ਵਾਧਾ ਹੁੰਦਾ ਹੈ ਅਤੇ 2 ਡਿਗਰੀ ਦੇ ਵਾਧੇ ਨਾਲ 14 ਗੁਣਾ ਵਾਧਾ ਹੋਣ ਦੀ ਸੰਭਾਵਨਾ ਹੈ। ਤਾਪਮਾਨ ਦੇ ਵਾਧੇ ਨਾਲ ਸਿਰਫ਼ ਗਰਮ ਲਹਿਰਾਂ ਦੀ ਆਮਦ ਵਿੱਚ ਹੀ ਵਾਧਾ ਨਹੀਂ ਹੋਵੇਗਾ, ਸਗੋਂ ਇਸ ਨਾਲ ਸੋਕੇ ਅਤੇ ਜੰਗਲੀ ਅੱਗ ਵਰਗੀਆਂ ਘਟਨਾਵਾਂ ਵਿੱਚ ਵੀ ਕਈ ਗੁਣਾ ਵਾਧਾ ਹੋ ਜਾਵੇਗਾ। ਇਸ ਸਾਲ ਗਰਮ ਲਹਿਰਾਂ ਦੀ ਆਮਦ ਨੂੰ ਸੁਪਰ ਐਲ-ਨੀਨੋ ਨਾਲ ਜੋੜ ਕੇ ਵੀ ਦੇਖਿਆ ਜਾ ਰਿਹਾ ਹੈ ਜੋ ਇੱਕ ਕੁਦਰਤੀ ਵਰਤਾਰਾ ਹੈ। ਇਸ ਗੱਲ ਤੋਂ ਇਨਕਾਰੀ ਨਹੀਂ ਹੋਇਆ ਜਾ ਸਕਦਾ ਕਿ ਐਲ-ਨੀਨੋ ਵਾਲੇ ਸਾਲਾਂ ਵਿੱਚ ਔਸਤ ਤਾਪਮਾਨ ਵਿੱਚ ਵਾਧਾ ਹੋ ਜਾਂਦਾ ਹੈ।

ਧਰਤੀ ਦੇ ਔਸਤ ਤਾਪਮਾਨ ਵਿੱਚ ਵਾਧੇ ਦਾ ਕਾਰਨ ਮੁੱਖ ਤੌਰ ਉੱਤੇ ਮਨੁੱਖੀ ਗਤੀਵਿਧੀਆਂ ਹਨ। ਯੂਨਾਈਟਡ ਨੇਸ਼ਨਜ਼ ਦੇ ਇਨਵਾਇਰਨਮੈਂਟ ਪ੍ਰੋਗਰਾਮ ਦੀ 2023 ਦੀ ਇੱਕ ਰਿਪੋਰਟ ਅਨੁਸਾਰ ਮਨੁੱਖ ਨੇ ਆਪਣੀਆਂ ਗਤੀਵਿਧੀਆਂ ਦੁਆਰਾ ਧਰਤੀ ਦਾ 70 ਫ਼ੀਸਦੀ ਅਤੇ ਸਮੁੰਦਰਾਂ ਦਾ 66 ਫ਼ੀਸਦੀ ਹਿੱਸਾ ਬਦਲ ਕੇ ਰੱਖ ਦਿੱਤਾ ਹੈ। ਧਰਤੀ ਅਤੇ ਸਮੁੰਦਰ ਦੇ ਵਾਤਾਵਰਨ ਨੂੰ ਮਨੁੱਖ ਨੇ ਆਪਣੀਆਂ ਸੁੱਖ-ਸਹੂਲਤਾਂ ਲਈ ਬਦਲ ਲਿਆ ਹੈ। ਮਨੁੱਖ ਨੇ ਆਪਣੇ ਵਸੇਬੇ ਲਈ ਪਿੰਡਾਂ, ਸ਼ਹਿਰਾਂ, ਸੜਕਾਂ ਅਤੇ ਹਰ ਤਰ੍ਹਾਂ ਦੇ ਬੁਨਿਆਦੀ ਢਾਂਚੇ ਦਾ ਨਿਰਮਾਣ ਕਰਦਿਆਂ ਜੰਗਲਾਂ ਨੂੰ ਅੰਨ੍ਹੇਵਾਹ ਵੱਢਿਆ ਹੈ, ਜਿਸ ਨਾਲ ਕਾਰਬਨ ਡਾਇਆਕਸਾਈਡ ਦੀ ਮਾਤਰਾ ਵਧ ਗਈ ਹੈ।

ਇੱਕ ਤੋਂ ਦੂਜੇ ਥਾਂ ਜਾਣ ਲਈ ਮੋਟਰ-ਗੱਡੀਆਂ, ਹਵਾਈ ਅਤੇ ਸਮੁੰਦਰੀ ਜਹਾਜ਼ਾਂ ਅਤੇ ਉਦਯੋਗਿਕ ਇਕਾਈਆਂ ਵਿੱਚ ਤੇਲ, ਕੋਲੇ, ਅਤੇ ਗੈਸ ਦੀ ਵਰਤੋਂ ਨਾਲ ਪੈਦਾ ਹੋਈਆਂ ਨਾਈਟਰੋਜਨ ਸਲਫਰ ਡਾਇਆਕਸਾਈਡ, ਕਾਰਬਨ ਮੋਨੋਆਕਸਾਈਡ ਆਦਿ ਵਰਗੀਆਂ ਗੈਸਾਂ ਵਾਤਾਵਰਨ ਨੂੰ ਤੇਜ਼ੀ ਨਾਲ ਗਰਮ ਕਰ ਰਹੀਆਂ ਹਨ। ਇਸ ਤੋਂ ਇਲਾਵਾ ਇਮਾਰਤਾਂ ਵਿੱਚ ਵਰਤਿਆ ਜਾਣ ਵਾਲਾ ਕੰਕਰੀਟ, ਸ਼ੀਸ਼ਾ, ਖੇਤੀਬਾੜੀ ਖੇਤਰ ਵਿੱਚ ਬਦਲਦਾ ਫ਼ਸਲੀ ਚੱਕਰ, ਵਧਦਾ ਸ਼ਹਿਰੀਕਰਨ, ਤੇਜ਼ੀ ਨਾਲ ਵੱਢੇ ਜਾਂਦੇ ਸਥਾਨਕ ਦਰੱਖ਼ਤ, ਪਿੰਡਾਂ ਤੇ ਸ਼ਹਿਰਾਂ ਵਿੱਚੋਂ ਘਟ ਰਹੀਆਂ ਚਰਾਗਾਹਾਂ ਅਤੇ ਬਾਗ਼-ਬਗੀਚੇ ਵੀ ਔਸਤ ਤਾਪਮਾਨ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਅ ਰਹੇ ਹਨ। ਮਨੁੱਖ ਨੇ ਆਪਣੀਆਂ ਗਤੀਵਿਧੀਆਂ ਰਾਹੀਂ ਹਵਾ ਦੇ ਨਾਲ-ਨਾਲ ਪਾਣੀ ਨੂੰ ਵੀ ਗਰਮ ਕਰ ਦਿੱਤਾ ਹੈ। ਦਰਿਆਵਾਂ ਉੱਤੇ ਉਨ੍ਹਾਂ ਦੀ ਸਮਰੱਥਾ ਨਾਲੋਂ ਵੱਧ ਡੈਮ ਬਣਾ ਕੇ ਉਨ੍ਹਾਂ ਦੀ ਹੋਂਦ ਨੂੰ ਹੀ ਖ਼ਤਰਾ ਖੜ੍ਹਾ ਕਰ ਦਿੱਤਾ ਹੈ।

ਸਥਾਨਕ ਜਲ ਸਰੋਤਾਂ ਵਿੱਚ ਕੂੜਾ-ਕਰਕਟ ਸੁੱਟ ਕੇ ਉਨ੍ਹਾਂ ਦਾ ਪਾਣੀ ਇੰਨਾ ਗੰਧਲਾ ਕਰ ਦਿੱਤਾ ਹੈ ਕਿ ਉਨ੍ਹਾਂ ਕੋਲੋਂ ਲੰਘਣਾ ਵੀ ਔਖਾ ਹੋ ਗਿਆ ਹੈ। ਪੁਰਾਣੇ ਖੂਹ, ਟੋਭੇ, ਝੀਲਾਂ ਆਦਿ ਜਿਨ੍ਹਾਂ ਨੂੰ ਸਾਡੇ ਬਜ਼ੁਰਗ ਪੂਜਦੇ ਸਨ, ਉਹ ਜਾਂ ਤਾਂ ਪੂਰ ਦਿੱਤੇ ਜਾਂ ਕੂੜੇਦਾਨਾਂ ਵਿੱਚ ਬਦਲ ਦਿੱਤੇ ਗਏ ਹਨ। ਇੱਥੋਂ ਤੱਕ ਕਿ ਸਮੁੰਦਰਾਂ ਨੂੰ ਵੀ ਬਖ਼ਸ਼ਿਆ ਨਹੀਂ ਗਿਆ, ਉਨ੍ਹਾਂ ਵਿੱਚ ਉਦਯੋਗਾਂ ਤੋਂ ਨਿਕਲੇ ਰਸਾਇਣ ਸੁੱਟ ਕੇ ਪਲੀਤ ਕਰ ਦਿੱਤਾ ਗਿਆ ਹੈ। ਗਰਮ ਤੇ ਗੰਧਲੀ ਹਵਾ, ਗਰਮ ਤੇ ਗੰਦਾ ਪਾਣੀ ਅਤੇ ਗੰਧਲਾ ਹੋਇਆ ਆਲਾ-ਦੁਆਲਾ ਲੋਕਾਂ ਅਤੇ ਵਾਤਾਵਰਨ ਨੂੰ ਹਰ ਪਲ, ਹਰ ਘੜੀ ਹੋਰ ਤਪਸ਼ ਵੱਲ ਧੱਕ ਰਹੇ ਹਨ। ਗਰਮ ਲਹਿਰਾਂ ਕਾਰਨ ਲੋਕ ਹੀਟ ਸਟਰੋਕ, ਚਮੜੀ ਦੇ ਰੋਗ, ਪਾਣੀ ਦੀ ਕਮੀ ਵਰਗੀਆਂ ਬਿਮਾਰੀਆਂ ਦੀ ਲਪੇਟ ਵਿੱਚ ਆ ਰਹੇ ਹਨ। ਪਸ਼ੂਆਂ ਅਤੇ ਪੰਛੀਆਂ ਉੱਤੇ ਵੀ ਗਰਮ ਹਵਾਵਾਂ ਦਾ ਮਨੁੱਖਾਂ ਵਾਂਗ ਹੀ ਅਸਰ ਹੁੰਦਾ ਹੈ। ਤਾਪਮਾਨ ਦੇ ਵਾਧੇ ਨਾਲ ਫ਼ਸਲਾਂ, ਫ਼ਲਾਂ, ਸਬਜ਼ੀਆਂ ਆਦਿ ਦਾ ਉਤਪਾਦਨ ਵੀ ਘਟ ਜਾਂਦਾ ਹੈ।

ਇਸ ਦੇ ਨਤੀਜੇ ਵਜੋਂ ਘੱਟ ਪੈਦਾਵਰ ਹੋਣ ਨਾਲ ਕਿਸਾਨਾਂ ਦੀ ਆਮਦਨੀ ਘਟੇਗੀ ਅਤੇ ਅਨਾਜ ਦੀ ਥੁੜ੍ਹ ਪੈਦਾ ਹੋ ਸਕਦੀ ਹੈ। ਅਨਾਜਾਂ ਦੀ ਥੁੜ੍ਹ ਕਾਰਨ ਮਹਿੰਗਾਈ ਵਧੇਗੀ ਅਤੇ ਅਨਾਜ ਪਦਾਰਥ ਗ਼ਰੀਬਾਂ ਦੀ ਪਹੁੰਚ ਤੋਂ ਬਾਹਰ ਹੋ ਜਾਣਗੇ। ਤਾਪਮਾਨ ਦੇ ਵਾਧੇ ਨਾਲ ਹਿਮਾਲਿਆ ਵਿਚਲੇ ਗਲੇਸ਼ੀਅਰ ਤੇਜ਼ੀ ਨਾਲ ਪਿਘਲਣ ਲੱਗ ਜਾਣਗੇ, ਜਿਸ ਕਾਰਨ ਗਲੇਸ਼ੀਅਰ ਝੀਲਾਂ ਦੇ ਆਕਾਰ ਵਿੱਚ ਤੇਜ਼ੀ ਨਾਲ ਵਾਧਾ ਹੋਣ ਨਾਲ ਉਨ੍ਹਾਂ ਦੇ ਫਟਣ ਦਾ ਖ਼ਤਰਾ ਵਧ ਜਾਵੇਗਾ। ਮੈਦਾਨੀ ਇਲਾਕਿਆਂ ਵਿੱਚ ਫਲੈਸ਼ ਫਲੱਡ ਆਉਣ ਦਾ ਖ਼ਤਰਾ ਵੀ ਵਧੇਗਾ, ਜਿਸ ਨਾਲ ਜਾਨੀ ਅਤੇ ਮਾਲੀ ਨੁਕਸਾਨ ਹੋਵੇਗਾ।

ਤਾਪਮਾਨ ਦੇ ਵਾਧੇ ਅਤੇ ਤਪਸ਼ ਦੇ ਕਹਿਰ ਤੋਂ ਨਿਜਾਤ ਪਾਉਣ ਲਈ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਠੋਸ ਯੋਜਨਾਵਾਂ ਉਲੀਕ ਕੇ ਫੌਰੀ ਉਪਰਾਲੇ ਕਰਨ ਦੀ ਲੋੜ ਹੈ।

ਇਸ ਲਈ ਆਵਾਜਾਈ ਦੇ ਸਾਧਨਾਂ, ਰਹਿਣ-ਸਹਿਣ ਦੇ ਤੌਰ-ਤਰੀਕਿਆਂ, ਖਾਣ-ਪੀਣ ਦੀਆਂ ਆਦਤਾਂ ਆਦਿ ਬਦਲਣ ਦੇ ਨਾਲ-ਨਾਲ ਇਮਾਰਤਾਂ ਦੀ ਉਸਾਰੀ ਲਈ ਵਰਤੀ ਜਾ ਰਹੀ ਸਮੱਗਰੀ ਵੀ ਸਥਾਨਕ ਖੇਤਰਾਂ ਦੀ ਭੂਗੋਲਿਕ ਸਥਿਤੀ ਦੇ ਅਨੁਸਾਰ ਹੀ ਲਾਉਣੀ ਚਾਹੀਦੀ ਹੈ। ਆਵਾਜਾਈ ਦੇ ਸਾਧਨਾਂ ਤੋਂ ਪੈਦਾ ਹੋ ਰਹੀਆਂ ਗਰੀਨ ਹਾਊਸ ਗੈਸਾਂ ਦੀ ਨਿਕਾਸੀ ਘਟਾਉਣ ਲਈ ਨਿੱਜੀ ਵਾਹਨਾਂ ਦੀ ਥਾਂ ਜਨਤਕ ਆਵਾਜਾਈ ਦੇ ਸਾਧਨਾਂ ਵਿੱਚ ਤਬਦੀਲੀਆਂ ਕਰ ਕੇ ਆਬਾਦੀ ਅਤੇ ਸਮੇਂ ਦੇ ਹਾਣ ਦੀ ਬਣਾਉਣ ਦੀ ਜ਼ਰੂਰਤ ਹੈ। ਜੰਗਲਾਂ ਹੇਠ ਰਕਬਾ ਵਧਾਉਣ ਦੇ ਨਾਲ-ਨਾਲ ਸੰਘਣੇ ਜੰਗਲਾਂ ਦੀ ਕਟਾਈ ਉੱਤੇ ਪੂਰਨ ਰੋਕ ਲਾਉਣੀ ਚਾਹੀਦੀ ਹੈ।

ਹਰ ਖੇਤਰ ਵਿੱਚ ਵਪਾਰਕ ਤੌਰ ਉੱਤੇ ਫ਼ਾਇਦੇਮੰਦ ਅਤੇ ਸਜਾਵਟੀ ਦਰੱਖ਼ਤਾਂ ਦੀ ਥਾਂ ਉੱਤੇ ਸਥਾਨਕ ਰੁੱਖ ਤਰਜੀਹੀ ਤੌਰ ਉੱਤੇ ਲਾਉਣੇ ਚਾਹੀਦੇ ਹਨ। ਪਹਾੜੀ ਰਾਜਾਂ ਵਿੱਚ ਚੌੜੀਆਂ ਸੜਕਾਂ ਅਤੇ ਹੋਟਲਾਂ ਆਦਿ ਦੀਆਂ ਗ਼ੈਰ-ਜ਼ਰੂਰੀ ਉਸਾਰੀਆਂ ਉੱਤੇ ਰੋਕ ਲਾਉਣੀ ਚਾਹੀਦੀ ਹੈ। ਸੈਲਾਨੀਆਂ ਅਤੇ ਨਿੱਜੀ ਮੋਟਰ-ਗੱਡੀਆਂ ਦੀ ਗਿਣਤੀ ਵੀ ਪਹਾੜੀ ਸ਼ਹਿਰਾਂ ਦੀ ਸਮੱਰਥਾ ਅਨੁਸਾਰ ਨਿਰਧਾਰਤ ਕਰਨੀ ਚਾਹੀਦੀ ਹੈ। ਦਰਿਆਵਾਂ ਦੀ ਸਮਰੱਥਾ ਅਨੁਸਾਰ ਹੀ ਉਨ੍ਹਾਂ ਉੱਤੇ ਪਣ-ਬਿਜਲੀ ਪ੍ਰਾਜੈਕਟ ਲਾਉਣੇ ਚਾਹੀਦੇ ਹਨ।

ਹਰ ਖੇਤਰ ਵਿੱਚ ਬਹੁ-ਮੰਜ਼ਿਲੀ ਕੰਕਰੀਟ ਅਤੇ ਸ਼ੀਸ਼ੇ ਦੀਆਂ ਇਮਾਰਤਾਂ ਬਣਾਉਣ ਦੀ ਥਾਂ ਸਥਾਨਕ ਤਕਨੀਕਾਂ ਅਤੇ ਲੋੜਾਂ ਅਨੁਸਾਰ ਹੀ ਉਸਾਰੀ ਕਰਨੀ ਚਾਹੀਦੀ ਹੈ। ਇਸ ਦੇ ਨਾਲ-ਨਾਲ ਦੇਸ਼ ਦੇ ਹਰ ਨਾਗਰਿਕ ਨੂੰ ਇਸ ਮਸਲੇ ਵਿੱਚ ਆਪਣੀ ਬਣਦੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।

## ਏਐਨਟੀਐਫ ਪੁਲਿਸ ਸਟੇਸ਼ਨ, ਐਸਏਐਸ ਨਗਰ ਵਿਖੇ ਕਈ ਆਧੁਨਿਕ ਤਕਨੀਕੀ ਅਤੇ ਇੰਟੈਲੀਜੈਂਸ ਸਹੂਲਤਾਂ ਕੀਤੀਆਂ ਸ਼ਾਮਲ

**ਚੰਡੀਗੜ੍ਹ, 10 ਜੂਨ**
**-ਪੱਤਰ ਪ੍ਰੇਰਕ-**

ਐਂਟੀ-ਨਾਰਕੋਟਿਕਸ ਟਾਸਕ ਫੋਰਸ (ਏਐਨਟੀਐਫ) ਦੀਆਂ ਕਾਰਜਸ਼ੀਲ ਸਮਰੱਥਾਵਾਂ ਵਿੱਚ ਵਾਧਾ ਕਰਨ ਵੱਲ ਅਹਿਮ ਕਦਮ ਚੁੱਕਦਿਆਂ, ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਏਐਨਟੀਐਫ ਪੁਲਿਸ ਸਟੇਸ਼ਨ, ਐਸ.ਏ.ਐਸ. ਨਗਰ ਵਿਖੇ ਨਵੀਂ ਸਥਾਪਿਤ ਅਤਿ-ਆਧੁਨਿਕ ਸਪੈਸ਼ਲ ਇੰਟੈਲੀਜੈਂਸ ਐਂਡ ਟੈਕਨੀਕਲ ਯੂਨਿਟ (ਐਸਆਈਟੀਯੂ) ਸਮੇਤ ਕਈ ਆਧੁਨਿਕ ਤਕਨੀਕੀ ਅਤੇ ਇੰਟੈਲੀਜੈਂਸ ਸਹੂਲਤਾਂ ਦਾ ਉਦਘਾਟਨ ਕੀਤਾ।

ਡੀਜੀਪੀ ਪੰਜਾਬ, ਜਿਨ੍ਹਾਂ ਦੇ ਨਾਲ ਸਪੈਸ਼ਲ ਡੀਜੀਪੀ ਏਐਨਟੀਐਫ ਕੁਲਦੀਪ ਸਿੰਘ ਅਤੇ ਏਡੀਜੀਪੀ ਏਐਨਟੀਐਫ ਨੀਲਭ ਕਿਸ਼ੋਰ ਮੌਜੂਦ ਸਨ, ਨੇ ਏਐਨਟੀਐਫ ਪੁਲਿਸ ਸਟੇਸ਼ਨ ਵਿਖੇ ਕ੍ਰਾਈਮ ਐਂਡ ਕ੍ਰਿਮੀਨਲ ਟ੍ਰੈਕਿੰਗ ਨੈੱਟਵਰਕ ਐਂਡ ਸਿਸਟਮਜ਼ (ਸੀਸੀਟੀਐਨਐਸ) ਰੂਮ, ਇੰਟੈਰੋਗੇਸ਼ਨ ਰੂਮ, ਐਮਐਚਸੀ ਰੂਮ ਅਤੇ ਡੀਐਸਪੀ ਦਫ਼ਤਰ ਦਾ ਵੀ ਉਦਘਾਟਨ ਕੀਤਾ।

ਜ਼ਿਕਰਯੋਗ ਹੈ ਕਿ ਅਗਸਤ 2024 ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਉਦਘਾਟਨ ਕੀਤੇ ਗਏ ਏਐਨਟੀਐਫ ਪੁਲਿਸ ਸਟੇਸ਼ਨ, ਐਸਏਐਸ ਨਗਰ ਦੀ



ਇਮਾਰਤ ਨੂੰ ਹੁਣ ਇੱਕ ਆਧੁਨਿਕ ਇੰਵੈਸਟੀਗੇਸ਼ਨ ਅਤੇ ਇੰਟੈਲੀਜੈਂਸ ਕੇਂਦਰ ਵਜੋਂ ਵਿਕਸਤ ਕੀਤਾ ਗਿਆ ਹੈ ਜੋ ਐਂਟੀ-ਨਾਰਕੋਟਿਕ ਗਤੀਵਿਧੀਆਂ ਲਈ ਇੱਕ ਮੁੱਖ ਕੇਂਦਰ ਵਜੋਂ ਕੰਮ ਕਰ ਰਿਹਾ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਅੱਜ ਉਦਘਾਟਨ ਕੀਤੀਆਂ ਗਈਆਂ ਸਹੂਲਤਾਂ ਵਿਗਿਆਨਕ ਜਾਂਚ, ਸਬੂਤਾਂ ਦਾ ਡਿਜੀਟਲ ਵਿਸ਼ਲੇਸ਼ਣ, ਖੁਫੀਆ ਜਾਣਕਾਰੀ ਇਕੱਠੀ ਕਰਨ, ਤਕਨੀਕੀ ਨਿਗਰਾਨੀ ਅਤੇ ਅਪਰਾਧਿਕ ਡੇਟਾਬੇਸ ਤੱਕ ਬਿਹਤਰ ਪਹੁੰਚ ਪ੍ਰਦਾਨ ਕਰਨਗੀਆਂ, ਜਿਸ ਨਾਲ ਨਾਰਕੋਟਿਕ ਇੰਵੈਸਟੀਗੇਸ਼ਨ ਦੀ ਗੁਣਵੱਤਾ ਅਤੇ ਪ੍ਰਭਾਵਸ਼ੀਲਤਾ ਵਿੱਚ ਹੋਰ ਸੁਧਾਰ ਹੋਵੇਗਾ।

ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਉਜਾਗਰ ਕਰਦਿਆਂ ਡੀਜੀਪੀ ਨੇ ਦੱਸਿਆ ਕਿ ਪਟਿਆਲਾ, ਜਲੰਧਰ ਅਤੇ ਬਠਿੰਡਾ ਵਿਖੇ ਅਤਿ-ਆਧੁਨਿਕ ਏਐਨਟੀਐਫ ਦਫਤਰ ਕੰਪਲੈਕਸ ਪਹਿਲਾਂ ਹੀ ਕਾਰਜਸ਼ੀਲ ਹਨ, ਜਦੋਂ ਕਿ ਲੁਧਿਆਣਾ ਅਤੇ ਫਿਰੋਜ਼ਪੁਰ ਵਿਖੇ ਨਵੀਆਂ ਸਹੂਲਤਾਂ ਇਸ ਸਮੇਂ ਨਿਰਮਾਣ ਅਧੀਨ ਹਨ। ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਵਿੱਚ ਇੱਕ ਸਮਰਪਿਤ ਏਐਨਟੀਐਫ ਸਹੂਲਤ ਸਥਾਪਤ ਕਰਨ ਦੀਆਂ ਯੋਜਨਾਵਾਂ ਵੀ ਪ੍ਰਗਤੀ ਅਧੀਨ ਹਨ ਅਤੇ ਇਸ ਸਬੰਧੀ ਜ਼ਮੀਨ ਨੂੰ ਪਹਿਲਾਂ ਹੀ ਅੰਤਿਮ ਰੂਪ ਦਿੱਤਾ ਜਾ ਚੁੱਕਾ ਹੈ।

ਉਨ੍ਹਾਂ ਦੱਸਿਆ ਕਿ ਇਸ ਤਕਨਾਲੋਜੀ-ਅਧਾਰਤ ਨਸ਼ਾ ਵਿਰੋਧੀ ਕਾਨੂੰਨੀ ਢਾਂਚੇ ਨੂੰ ਵਿਕਸਤ ਕਰਨ ਲਈ, ਸੂਬਾ ਸਰਕਾਰ ਨੇ ਵਿੱਤੀ ਸਾਲ 2024-25 ਅਤੇ ਵਿੱਤੀ ਸਾਲ 2025-26 ਦੌਰਾਨ 11.50 ਕਰੋੜ ਰੁਪਏ ਦਾ ਨਿਵੇਸ਼ ਕੀਤਾ ਹੈ, ਜਿਸ ਨਾਲ ਏ.ਐਨ.ਟੀ.ਐਫ. ਹੈੱਡਕੁਆਰਟਰ ਅਤੇ ਰੇਂਜ ਦਫਤਰਾਂ ਵਿੱਚ ਨਿਗਰਾਨੀ ਪ੍ਰਣਾਲੀਆਂ, ਸੰਚਾਰ ਬੁਨਿਆਦੀ ਢਾਂਚੇ, ਸਾਈਬਰ ਇੰਟੈਲੀਜੈਂਸ ਸਮਰੱਥਾਵਾਂ ਅਤੇ ਡਿਜੀਟਲ ਜਾਂਚ ਸਾਧਨਾਂ ਨੂੰ ਅਪਗ੍ਰੇਡ ਕਰਕੇ ਤਕਨੀਕੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਏਐਨਟੀਐਫ ਦੀ ਤਕਨੀਕੀ ਸਮਰੱਥਾ ਨੂੰ ਹੋਰ ਵਧਾਉਣ ਅਤੇ ਪ੍ਰਭਾਵੀ ਬਣਾਉਣ ਲਈ 14.16 ਕਰੋੜ ਰੁਪਏ ਹੋਰ ਅਲਾਟ ਕੀਤੇ ਗਏ ਹਨ।

ਡੀਜੀਪੀ ਗੌਰਵ ਯਾਦਵ ਨੇ ਅੱਗੇ ਦੱਸਿਆ ਕਿ ਏ.ਐਨ.ਟੀ.ਐਫ. ਪੰਜਾਬ ਨੂੰ ਸਟੇਟ ਐਨ.ਸੀ.ਓ.ਆਰ.ਡੀ. (ਨਾਰਕੋ ਕੋਆਰਡੀਨੇਸ਼ਨ ਸੈਂਟਰ) ਸਕੱਤਰੇਤ ਵਜੋਂ ਮਨੋਨੀਤ ਕੀਤਾ ਗਿਆ ਹੈ। ਇਸ ਸਮਰੱਥਾ ਨਾਲ ਹੁਣ ਏ.ਐਨ.ਟੀ.ਐਫ. ਵੱਖ-ਵੱਖ ਵਿਭਾਗਾਂ ਅਤੇ ਇਨਫੋਰਸਮੈਂਟ ਏਜੰਸੀਆਂ ਦਰਮਿਆਨ ਤਾਲਮੇਲ ਕਰਨ, ਖੁਫੀਆ ਜਾਣਕਾਰੀ ਸਾਂਝੀ ਕਰਨ ਅਤੇ ਰਾਜ ਭਰ ਵਿੱਚ ਨਸ਼ਾ ਵਿਰੋਧੀ ਪਹਿਲਕਦਮੀਆਂ ਦੀ ਨਿਗਰਾਨੀ ਲਈ ਨੋਡਲ ਏਜੰਸੀ ਵਜੋਂ ਕੰਮ ਕਰੇਗਾ।

ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਪੰਜਾਬ ਪੁਲਿਸ ਦੀ ਵਚਨਬੱਧਤਾ ਦੁਹਰਾਉਂਦਿਆਂ ਡੀਜੀਪੀ ਨੇ ਕਿਹਾ, "ਅਸੀਂ ਖੁਫੀਆ ਇਤਲਾਹ ਤੰਤਰ ਨਾਲ ਲੈਸ ਪੁਲਿਸਿੰਗ ਅਤੇ ਆਧੁਨਿਕ ਲਾਗੂਕਰਨ ਸਮਰੱਥਾਵਾਂ ਰਾਹੀਂ ਨਸ਼ਿਆਂ ਦੇ ਨੈੱਟਵਰਕਾਂ ਨੂੰ ਤਬਾਹ ਕਰਨ, ਨਸ਼ਾ ਸਪਲਾਈ ਚੇਨਾਂ ਨੂੰ ਠੱਲ੍ਹ ਪਾਉਣ ਅਤੇ ਪੰਜਾਬ ਨੂੰ ਨਸ਼ਾ ਮੁਕਤ ਤੇ ਸੁਰੱਖਿਅਤ ਕਰਨ ਲਈ ਵਚਨਬੱਧ ਹਾਂ।"

## ਚਹੁੰ-ਪੜਾਵੀਂ ਸਫ਼ਾਈ ਮਾਡਲ ਪਟਿਆਲਾ ਸ਼ਹਿਰ ਨੂੰ ਚਮਕਾਏਗਾ: ਹਰਜੋਤ ਸਿੰਘ ਬੈਂਸ



**ਪਟਿਆਲਾ, 10 ਜੂਨ**
**-ਛੱਤਰਪਾਲ ਸਿੰਘ-**

ਪੰਜਾਬ ਦੇ ਸ਼ਹਿਰੀ ਖੇਤਰਾਂ ਵਿੱਚ ਸਫ਼ਾਈ ਅਤੇ ਸਵੱਛਤਾ ਕਾਰਜਾਂ ਵਿੱਚ ਵੱਡਾ ਬਦਲਾਅ ਲਿਆਉਂਦਿਆਂ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਆਪਣੀ ਕਿਸਮ ਦੇ ਪਹਿਲੇ ਹਾਈਬ੍ਰਿਡ ਸਫ਼ਾਈ ਮਾਡਲ ਦਾ ਐਲਾਨ ਕੀਤਾ ਹੈ। ਇਹ ਮਾਡਲ ਇੱਕ ਮਹੀਨੇ ਦੇ ਅੰਦਰ ਪਟਿਆਲਾ ਨੂੰ ਸੂਬੇ ਦਾ ਸਭ ਤੋਂ ਸਾਫ਼ ਸ਼ਹਿਰ ਬਣਾਵੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਨੂੰ ਭਾਰਤ ਦਾ ਸਭ ਤੋਂ ਸਾਫ਼-ਸੁਥਰਾ ਸੂਬਾ ਬਣਾਇਆ ਜਾਵੇਗਾ। ਪਟਿਆਲਾ ਦੀਆਂ ਸੜਕਾਂ 'ਤੇ ਬੁੱਧਵਾਰ ਸਵੇਰੇ ਇਸ ਨਵੇਂ ਮਾਡਲ ਦੀ ਸ਼ੁਰੂਆਤ ਕਰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਹ ਹਾਈਬ੍ਰਿਡ ਮਾਡਲ ਮਸ਼ੀਨ ਨਾਲ ਘਾਹ-ਫੂਸ ਦੀ ਕਟਾਈ, ਸੁਪਰ-ਸਕਸ਼ਨ ਮਸ਼ੀਨਾਂ, ਸਕਰੱਬਰਜ਼, ਹੱਥੀਂ ਆਰਗੈਨਿਕ ਰਹਿੰਦ-ਖੂੰਹਦ ਇਕੱਠਾ ਕਰਨ ਅਤੇ ਸੜਕਾਂ ਦੀ ਧੁਆਈ ਦੇ ਕੰਮ ਨੂੰ ਆਪਸ ਵਿੱਚ ਜੋੜਦਾ ਹੈ। ਇਹ ਸਿਸਟਮ ਹਰੇਕ ਵਾਰਡ ਲਈ ਪਹਿਲਾਂ ਤੋਂ ਨਿਰਧਾਰਿਤ ਹਫ਼ਤਾਵਾਰੀ ਸਫ਼ਾਈ ਸ਼ਡਿਊਲ ਅਨੁਸਾਰ ਕੰਮ ਕਰੇਗਾ। ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ, ਭਾਰਤ ਦੇ ਸਭ ਤੋਂ ਬਿਹਤਰ ਸਫ਼ਾਈ ਮਾਡਲ ਨੂੰ ਲਾਗੂ ਕਰ ਰਿਹਾ ਹੈ। ਚਹੁੰ-ਪੜਾਵੀਂ ਇਸ ਮਾਡਲ ਵਿੱਚ ਆਟੋਮੈਟਿਕ ਸ਼ਰੱਬ ਕਟਰ (ਝਾੜੀਆਂ ਕੱਟਣ ਵਾਲੀ ਮਸ਼ੀਨ), ਘਾਹ-ਫੂਸ ਅਤੇ ਦਰੱਖਤਾਂ ਦੀਆਂ ਟਾਹਣੀਆਂ ਦੀ ਹੱਥੀਂ ਚੁਕਾਈ, ਸੁਪਰ-ਸਕਸ਼ਨ ਮਸ਼ੀਨ ਤੇ ਸਕਰੱਬਰਜ਼ ਸ਼ਾਮਲ ਹੈ। ਇਸ ਬਾਅਦ ਸੜਕਾਂ ਨੂੰ ਧੋਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਤਾਂ ਅਜੇ ਸ਼ੁਰੂਆਤ ਹੈ। ਅਗਲਾ ਸੋਮਵਾਰ ਇਸ ਤੋਂ ਵੀ ਬਿਹਤਰ ਹੋਵੇਗਾ ਅਤੇ ਹਰ ਹਫ਼ਤੇ ਇਸ ਵਿੱਚ ਹੋਰ ਸੁਧਾਰ ਹੋਵੇਗਾ।


ਸ਼ਅ

Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807



Shaheed-e-Azam Printed, publíshed and owned by Harjinder Chaudhary printed at Raftaar Printing Press, Factory Area, Patiaĺa and publíshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807








# ਸਿੱਖ ਇਤਿਹਾਸ ਨੂੰ ਦਰਸਾਉਂਦਾ ਭਾਈ ਜੈਤਾ ਜੀ ਯਾਦਗਾਰੀ ਮਿਊਜ਼ੀਅਮ

**ਸਤਨਾਮ ਸਿੰਘ ਮੱਟੂ**

ਸਿੱਖ ਧਰਮ ਦੀਆਂ ਕੁਰਬਾਨੀਆਂ ਦੇ ਗੌਰਵਮਈ ਇਤਿਹਾਸ ਅਤੇ ਸੂਰਬੀਰਤਾ ਦੇ ਕਾਰਨਾਮਿਆਂ ’ਤੇ ਸਮੁੱਚੀ ਸਿੱਖ ਕੌਮ ਨੂੰ ਹਮੇਸ਼ਾ ਮਾਣ ਹੈ ਅਤੇ ਰਹੇਗਾ। ਜਿਵੇਂ-ਜਿਵੇਂ ਮਨੁੱਖਤਾ ਦਾ ਘਾਣ ਕਰਨ ਵਾਲੀਆਂ ਜ਼ੁਲਮੀ ਹਕੂਮਤਾਂ ਨੇ ਜ਼ੁਲਮ ਦੀ ਇੰਤਹਾ ਕੀਤੀ, ਉਨ੍ਹਾਂ ਦੇ ਅੰਤ ਲਈ ਸਿੱਖ ਗੁਰੂ ਸਾਹਿਬਾਨ ਅਤੇ ਸਿੱਖ ਧਰਮ ਦੇ ਯੋਧਿਆਂ ਨੇ ਜਾਨ ਤਲੀ ’ਤੇ ਧਰ ਕੇ ਖ਼ੁਦ ਨੂੰ ਕੁਰਬਾਨ ਕਰਨ ਤੋਂ ਝਿਜਕ ਨਹੀਂ ਦਿਖਾਈ ਅਤੇ ਜ਼ੁਲਮ ਵਿਰੁੱਧ ਡਟ ਕੇ ਖੜ੍ਹੇ ਹੋਏ। ਉਨ੍ਹਾਂ ਯੋਧਿਆਂ ਦੀਆਂ ਲਾਸਾਨੀ ਕੁਰਬਾਨੀਆਂ ਦੀਆਂ ਇਤਿਹਾਸਕ ਯਾਦਗਾਰਾਂ ਸਾਂਭਣ ਅਤੇ ਨਵੀਆਂ ਪੀੜ੍ਹੀਆਂ ਲਈ ਮਾਰਗਦਰਸ਼ਕ ਬਣਾਉਣ ਲਈ ਸਿੱਖ ਜਥੇਬੰਦੀਆਂ, ਸੰਸਥਾਵਾਂ ਅਤੇ ਸਰਕਾਰਾਂ ਮਿਊਜ਼ੀਅਮ ਦਾ ਨਿਰਮਾਣ ਕਰ ਕੇ ਲੋਕਾਈ ਨੂੰ ਸਮਰਪਿਤ ਕਰਨਾ ਆਪਣਾ ਫਰਜ਼ ਸਮਝਦੀਆਂ ਹਨ। ਇਸੇ ਤਰ੍ਹਾਂ ਪੰਜਾਬ ਵਿੱਚ ਖ਼ਾਲਸੇ ਦੀ ਧਰਤੀ ਸ੍ਰੀ ਆਨੰਦਪੁਰ ਸਾਹਿਬ ਵਿੱਚ ਵੀ ਸਿੱਖ ਪੰਥ ਦੇ ਮਹਾਨ ਯੋਧੇ ਅਤੇ ਕੁਰਬਾਨੀ ਦੇ ਪੁੰਜ ਭਾਈ ਜੈਤਾ ਜੀ (ਬਾਬਾ ਜੀਵਨ ਸਿੰਘ) ਦੀ ਸ਼ਹਾਦਤ ਨੂੰ ਸਮਰਪਿਤ ‘ਭਾਈ ਜੈਤਾ ਜੀ ਯਾਦਗਾਰੀ ਮਿਊਜ਼ੀਅਮ’ ਦੀ ਸਥਾਪਨਾ ਕਰ ਕੇ ਇਸ ਨੂੰ ‘ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ 350 ਸਾਲ’ ਮੌਕੇ ਸਿੱਖ ਕੌਮ ਨੂੰ ਅਰਪਣ ਕੀਤਾ ਗਿਆ।

ਭਾਈ ਜੈਤਾ ਜੀ ਨਵੰਬਰ 1675 ਨੂੰ ਨੌਵੇਂ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਤੋਂ ਬਾਅਦ ਆਪਣੀ ਜਾਨ ਜੋਖ਼ਮ ਵਿੱਚ ਪਾ ਕੇ ਉਨ੍ਹਾਂ ਦਾ ਸੀਸ ਦਿੱਲੀ ਦੇ ਚਾਂਦਨੀ ਚੌਕ ਤੋਂ ਬਾਲ ਗੋਬਿੰਦ ਰਾਏ ਕੋਲ ਸ੍ਰੀ ਆਨੰਦਪੁਰ ਸਾਹਿਬ ਲਿਆਏ ਸਨ, ਜਿਨ੍ਹਾਂ ਨੇ ਉਨ੍ਹਾਂ ਨੂੰ ਗਲ ਨਾਲ ਲਾ ਕੇ ‘ਰੰਘਰੇਟੇ ਗੁਰੂ ਕੇ ਬੇਟੇ’ ਦੇ ਖਿਤਾਬ ਨਾਲ ਨਿਵਾਜਿਆ। ਬਾਅਦ ਵਿੱਚ ਅੰਮ੍ਰਿਤ ਛਕ ਕੇ ਉਹ ਬਾਬਾ ਜੀਵਨ ਸਿੰਘ ਬਣ ਗਏ। ਉਨ੍ਹਾਂ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਜ਼ੁਲਮ ਵਿਰੁੱਧ ਲੜੀਆਂ ਸਾਰੀਆਂ 17 ਜੰਗਾਂ ਵਿੱਚ ਮੋਹਰੀ ਭੂਮਿਕਾ ਨਿਭਾਈ ਅਤੇ ਆਖ਼ਰੀ ਦਮ ਤੱਕ ਲੜਦਿਆਂ ਚਮਕੌਰ ਦੀ ਜੰਗ ਵਿੱਚ ਸ਼ਹੀਦੀ ਪ੍ਰਾਪਤ ਕੀਤੀ ਸੀ।

ਨਵੰਬਰ 2025 ਵਿੱਚ ਪੰਜਾਬ ਸਰਕਾਰ ਨੇ ਨੌਵੇਂ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ 350 ਸਾਲਾ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਅਜਾਇਬ ਘਰ ਕੌਮ ਦੇ ਨਾਮ ਕੀਤਾ। ਇਸ ਇਤਿਹਾਸਕ ਮੌਕੇ ਗੁਰੂ ਸਾਹਿਬ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸਰਕਾਰ ਨੇ ਵੱਡਾ ਫੈਸਲਾ ਲੈਂਦਿਆਂ ਪਹਿਲੀ ਵਾਰ ਵਿਧਾਨ ਸਭਾ ਦਾ ਸੈਸ਼ਨ ਚੰਡੀਗੜ੍ਹ ਤੋਂ ਬਾਹਰ ਇਸੇ ਮਿਊਜ਼ੀਅਮ ਵਿੱਚ ਬੁਲਾ ਕੇ ਨਵਾਂ ਮੀਲ ਪੱਥਰ ਸਥਾਪਤ ਕੀਤਾ। ਸ੍ਰੀ ਆਨੰਦਪੁਰ ਸਾਹਿਬ ਤੋਂ ਬਰੋਟੂ ਪਿੰਡ ਨੂੰ ਜਾਂਦੀ ਸੜਕ ’ਤੇ ਭਾਖੜਾ ਨਹਿਰ ਦੇ ਪੁਲ ਤੋਂ ਪਹਿਲਾਂ ਇਸ ਬਹੁਤ ਹੀ ਖ਼ੂਬਸੂਰਤ ਅਤੇ ਪ੍ਰਭਾਵਸ਼ਾਲੀ ਇਮਾਰਤ ਦੀ ਉਸਾਰੀ ਕੀਤੀ ਗਈ ਹੈ।

ਮੁੱਖ ਦਰਵਾਜ਼ੇ ਤੋਂ ਅੰਦਰ ਵੜਦਿਆਂ ਹੀ ਗੋਲਾਈਦਾਰ ਦੋ ਭਾਗਾਂ ਵਿੱਚ ਵੰਡ ਕੇ ਬਣਾਈ ਇਮਾਰਤ ਮਨ ਮੋਂਹਦੀ ਹੈ। ਸਾਫ਼-ਸੁਥਰੇ ਘਾਹ ਦੇ ਮੈਦਾਨ, ਸ਼ਾਂਤਮਈ ਵਾਤਾਵਰਨ, ਪੂਰਨ ਸਹਿਯੋਗੀ ਮੁਲਾਜ਼ਮ/ਸੇਵਾਦਾਰਾਂ ਦਾ ਵਿਹਾਰ



ਮਾਨਸਿਕਤਾ ਨੂੰ ਇਤਿਹਾਸ ਦੇ ਅਤੀਤ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਅਦਾ ਕਰਦਾ ਹੈ ਅਤੇ ਅਤੀਤ ਵਿੱਚ ਡੁਬੋ ਦਿੰਦਾ ਹੈ। 5 ਏਕੜ ਖੇਤਰਫਲ ਵਿੱਚ ਫੈਲੇ 25 ਕਰੋੜ ਦੀ ਲਾਗਤ ਨਾਲ ਮਹਿਜ਼ 9 ਮਹੀਨਿਆਂ ਦੇ ਸਮੇਂ ਵਿੱਚ ਤਿਆਰ ਹੋਏ ਇਸ ਸਿੱਖ ਅਜਾਇਬ ਘਰ ਵਿੱਚ ਇਤਿਹਾਸ ਨੂੰ ਪੰਜ ਹਿੱਸਿਆਂ (ਪੰਜ ਗੈਲਰੀਆਂ) ਵਿੱਚ ਵੰਡਿਆ ਹੋਇਆ ਹੈ ਅਤੇ ਪੰਜ ਗੈਲਰੀਆਂ, ਦੋ ਵਿੰਗ ਏ, ਬੀ ਬਣਾ ਕੇ ਇਤਿਹਾਸ ਨੂੰ ਪ੍ਰਦਰਸ਼ਿਤ ਕੀਤਾ ਗਿਆ ਹੈ।

ਮੁੱਖ ਦਰਵਾਜ਼ੇ ਤੋਂ ਸੱਜੇ ਪਾਸੇ ਨੂੰ ਗੋਲਾਈਦਾਰ ਰਸਤੇ ’ਤੇ ਚਲਦਿਆਂ ਅੱਗਿਓਂ ਖੱਬੇ ਪਾਸੇ ਐਂਟਰੀ ਗੇਟ ਹੈ, ਇੱਥੇ ਇਸ ਯਾਦਗਾਰ ਬਾਰੇ ਰੱਖੇ ਮਾਡਲ ਅਤੇ ਵੀਡੀਓ ਰਾਹੀਂ ਜਾਣਕਾਰੀ ਦਿੱਤੀ ਜਾਂਦੀ ਹੈ। ਇਸ ਦੇ ਨਾਲ ਹੀ ਵਿੰਗ ਏ ਵਿੱਚ ਪਹਿਲੀ ਗੈਲਰੀ ਸ਼ੁਰੂ ਹੋ ਜਾਂਦੀ ਹੈ।

ਇਸ ਗੈਲਰੀ ਵਿੱਚ ਦਾਖਲ ਹੁੰਦਿਆਂ ਹੀ ਸਾਹਮਣੇ ‘ਜਪੁਜੀ ਸਾਹਿਬ’ ਦਾ ਮੂਲ ਮੰਤਰ ਲਿਖਿਆ ਹੋਇਆ ਹੈ, ਜੋ ਰੂਹਾਨੀ ਮਾਹੌਲ ਸਿਰਜਣ ਵਿੱਚ ਅਹਿਮ ਭੂਮਿਕਾ ਅਦਾ ਕਰਦਾ ਹੈ। ਤਸਵੀਰਾਂ ਨਾਲ ਸਿਰਜੇ ਖ਼ੂਬਸੂਰਤ ਇਤਿਹਾਸ ਨੂੰ ਤੱਕਦਿਆਂ ਇਨਸਾਨੀ ਮਨ ਅਤੀਤ ਦੀਆਂ ਯਾਦਾਂ ਵਿੱਚ ਡੁੱਬ ਜਾਂਦਾ ਹੈ। ਇਸ ਵਿੱਚ ਭਾਈ ਜੈਤਾ ਜੀ ਦੇ ਪੁਰਖਿਆਂ ਅਤੇ ਦਾਦਾ ਕਲਿਆਣ ਦਾਸ ਦਾ ਪਿੰਡ ਕੱਥੂਨੰਗਲ, ਉਨ੍ਹਾਂ ਦੇ ਘਰ ਦਾ ਮਾਹੌਲ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੀ ਸੇਵਾ ਵਿੱਚ ਪਰਿਵਾਰ ਦਾ ਯੋਗਦਾਨ, ਦਿੱਲੀ ਵਿੱਚ ਰਾਏਸਿਨਾ ਵਿੱਚ ਆਸ਼ਰਮ ਆਦਿ ਨੂੰ ਤਸਵੀਰਾਂ ਦੇ ਖ਼ੂਬਸੂਰਤ ਤਰੀਕਿਆਂ ਅਤੇ ਰੰਗਾਂ ਨਾਲ ਪ੍ਰਦਰਸ਼ਿਤ ਕੀਤਾ ਗਿਆ ਹੈ।

ਇਸੇ ਤਰ੍ਹਾਂ ਭਾਈ ਜੈਤਾ ਜੀ ਦੇ ਪਿਤਾ ਸਦਾ ਨੰਦ ਦੇ ਪਰਿਵਾਰ ਅਤੇ ਮਾਤਾ ਲਾਜਵੰਤੀ (ਪ੍ਰੇਮੋ) ਦੇ ਪਰਿਵਾਰ ਦੀ ਮੁਲਾਕਾਤ ਦਾ ਦ੍ਰਿਸ਼ ਗੁਰੂ ਤੇਗ ਬਹਾਦਰ ਜੀ ਵੱਲੋਂ ਵਿਆਹ ਲਈ ਸਹਿਮਤੀ ਅਤੇ ਆਨੰਦ ਕਾਰਜ ਸਮੇਂ ਆਸ਼ੀਰਵਾਦ ਦਾ ਦ੍ਰਿਸ਼, ਭਾਈ ਜੈਤਾ ਜੀ ਦੇ ਜਨਮ ਆਦਿ ਸਮੇਂ ਦੇ ਸੀਨ ਬਹੁਤ ਸੋਹਣੇ ਢੰਗ ਨਾਲ ਤਸਵੀਰਾਂ ਰਾਹੀਂ ਦਿਖਾਏ ਗਏ ਹਨ।

ਦੂਸਰੀ ਗੈਲਰੀ ਵਿੱਚ ਭਾਈ ਜੈਤਾ ਜੀ ਦਾ ਦਸਮ ? ਗੁਰੂ ਸਾਹਿਬ ਨਾਲ ਬਚਪਨ, ਮੁੱਢਲੀ ਸਿੱਖਿਆ ਦੀ ਪ੍ਰਾਪਤੀ, ਮਾਮਾ ਕਿਰਪਾਲ ਚੰਦ ਜੀ ਤੋਂ ਗੁਰੂ ਸਾਹਿਬ ਦੇ ਨਾਲ ਸ਼ਾਸਤਰ ਵਿੱਦਿਆ ਵਿੱਚ ਨਿਪੁੰਨਤਾ, ਯੁੱਧ ਵਿੱਚ ਪ੍ਰਵੀਨਤਾ, ਬਾਘਣੀ ਅਤੇ ਨਾਗਣੀ ਬੰਦੂਕਾਂ ਦੀ ਮੁਹਾਰਤ ਹਾਸਲ ਕਰਨਾ ਆਦਿ ਨੂੰ ਬਹੁਤ ਹੀ ਖ਼ੂਬਸੂਰਤ ਤਰੀਕੇ ਨਾਲ ਚਿਤਰਿਆ ਗਿਆ ਹੈ। ਜੰਮੂ ਕਸ਼ਮੀਰ ਵਿੱਚ ਮੁਗਲ ਗਵਰਨਰ ਵੱਲੋਂ ਹਿੰਦੂ ਧਰਮ ’ਤੇ ਜ਼ੁਲਮ ਦੀ ਇੰਤਹਾ, ਜੰਮੂ ਕਸ਼ਮੀਰ ਦੇ ਡਰਾਵਣੇ ਮਾਹੌਲ ਦੀਆਂ ਖੌਫਨਾਕ ਤਸਵੀਰਾਂ, ਕਸ਼ਮੀਰੀ ਪੰਡਿਤਾਂ ਦਾ ਕਿਰਪਾ ਰਾਮ ਦੀ ਰਹਿਨੁਮਾਈ ਹੇਠ ਜਥੇ ਵੱਲੋਂ ਨਾਨਕ ਦੇ ਦਰ ਗੁਰੂ ਤੇਗ ਬਹਾਦਰ ਜੀ ਕੋਲ ਆ ਕੇ ਧਰਮ ਸਲਾਮਤੀ ਦੀ ਫਰਿਆਦ ਕਰਨਾ, ਗੋਬਿੰਦ ਰਾਏ ਦਾ ਸ਼ਹਾਦਤ ਲਈ ਕਹਿਣਾ, ਗੁਰੂ ਤੇਗ ਬਹਾਦਰ ਜੀ ਦਾ ਕੁਰਬਾਨੀ ਦੇਣ ਲਈ ਦਿੱਲੀ ਵੱਲ ਚਾਲੇ ਪਾਉਣ ਸਮੇਂ ਭਾਈ ਜੈਤਾ ਜੀ, ਭਾਈ ਮਤੀਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦਾ ਨਾਲ ਜਾਣਾ, ਰਸਤੇ ਵਿੱਚ ਸੰਗਤ ਨੂੰ ਦੀਵਾਨ ਸਜਾ ਕੇ ਗੁਰਬਾਣੀ ਨਾਲ ਨਿਹਾਲ ਕਰਨਾ, ਆਗਰੇ ਤੋਂ ਗੁਰੂ ਸਾਹਿਬ ਨੂੰ ਮੁਗਲ ਹਕੂਮਤ ਵੱਲੋਂ ਗ੍ਰਿਫਤਾਰ ਕਰਨਾ, ਭਾਈ ਜੈਤਾ ਜੀ ਨੂੰ ਜਥੇ ਤੋਂ ਅਲੱਗ ਕਰਨਾ, ਗੁਰੂ ਜੀ ਨੂੰ ਕੈਦ ਕਰਨਾ, ਭਾਈ ਜੈਤਾ ਜੀ ਦਾ ਦਿੱਲੀ ਤੋਂ ਸਲੋਕ ਅਤੇ ਗੁਰਗੱਦੀ ਦਾ ਸਮਾਨ ਲੈ ਕੇ ਆਨੰਦਪੁਰ ਸਾਹਿਬ ਗੋਬਿੰਦ ਰਾਏ ਕੋਲ ਪਹੁੰਚਣਾ ਆਦਿ ਇਤਿਹਾਸਕ ਤੱਥਾਂ ਨੂੰ ਬਹੁਤ ਹੀ ਸੁਚੱਜੇ, ਸੁੰਦਰ ਅਤੇ ਆਕਰਸ਼ਕ ਤਸਵੀਰਾਂ ਨਾਲ ਪੇਸ਼ ਕੀਤਾ ਗਿਆ ਹੈ।

ਤੀਸਰੀ ਗੈਲਰੀ ਵਿੱਚ ਗੁਰੂ ਸਾਹਿਬ ਦੇ ਤਿਆਗ, ਦਿੱਲੀ ਦੇ ਚਾਂਦਨੀ ਚੌਕ ਵਿੱਚ 11 ਨਵੰਬਰ 1675 ਨੂੰ ਹੋਈ ਕੁਰਬਾਨੀ ਨੂੰ ਐਨੀਮੇਸ਼ਨ ਵੀਡੀਓ ਫਿਲਮਾਂਕਣ ਜ਼ਰੀਏ ਦਿਖਾਇਆ ਜਾਂਦਾ ਹੈ, ਜੋ ਲਗਾਤਾਰ ਚੱਲਦੀ ਰਹਿੰਦੀ ਹੈ। ਇੱਥੇ ਬਣਾਏ ਗਏ ਬੈਂਚਾਂ ਉੱਪਰ ਬੈਠ ਕੇ ਸ਼ਰਧਾਲੂ ਕੁਝ ਮਿੰਟਾਂ ਦੀ ਇਸ ਇਤਿਹਾਸਕ ਵੀਡੀਓ ਰਾਹੀਂ ਸਿਰਜੇ ਭਾਵਨਾਤਮਕ ਦ੍ਰਿਸ਼ ਦੇਖ ਕੇ ਭਾਵੁਕ ਹੋ ਜਾਂਦੇ ਹਨ। ਭਾਈ ਮਤੀਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀਆਂ ਦਿਖਾਈਆਂ ਦਰਦਨਾਕ ਸ਼ਹਾਦਤਾਂ ਅੱਗੇ ਆਪਣੇ ਆਪ ਸਿਜਦਾ ਹੋ ਜਾਂਦਾ ਹੈ।

ਇਸ ਤੋਂ ਅੱਗੇ ਭਾਈ ਜੈਤਾ ਜੀ ਦਾ ਦਿੱਲੀ ਤੋਂ ਆਨੰਦਪੁਰ ਸਾਹਿਬ ਤੱਕ ਸੀਸ ਲੈ ਕੇ ਆਉਣ ਵਾਲੇ ਰਸਤੇ ਨੂੰ ਮਾਡਲ ਨਾਲ ਦਰਸਾਇਆ ਗਿਆ ਹੈ, ਇਸ ਵਿੱਚ ਬਣਾਉਟੀ ਜੰਗਲ ਦਾ ਨਿਰਮਾਣ ਕੀਤਾ ਹੋਇਆ ਹੈ ਅਤੇ ਭਾਈ ਜੈਤਾ ਜੀ ਦੀਆਂ ਠਹਿਰਾਂ ਵਾਲੇ ਸਥਾਨ ਚਾਂਦਨੀ ਚੌਕ, ਮਜਨੂੰ ਟਿੱਲਾ, ਬੜ ਖਾਲਸਾ, ਸੋਨੀਪਤ, ਕਰਨਾਲ, ਅੰਬਾਲਾ, ਕੁਰਾਲੀ, ਕੋਟਲਾ ਨਿਹੰਗ, ਕੀਰਤਪੁਰ ਸਾਹਿਬ ਨੂੰ ਬਾਕਾਇਦਾ ਬੋਰਡ ਲਾ ਕੇ ਦਰਸਾਏ ਗਏ ਹਨ। ਇਸ ਰਸਤੇ ਤੋਂ ਲੰਘਦਿਆਂ ਤੁਸੀਂ ਆਪਣੇ ਆਪ ਨੂੰ ਉਸ ਸਮੇਂ ਦੇ ਅਤੀਤ ਨੂੰ ਮਹਿਸੂਸ ਕਰਦੇ ਹੋ।

ਇਸ ਗੈਲਰੀ ’ਚੋਂ ਬਾਹਰ ਆਉਂਦਿਆਂ ਖੱਬੇ ਪਾਸੇ ਵਿਸ਼ਾਲ ਸਟੇਨਲੈਸ ਸਟੀਲ ਦਾ 32 ਟਨ ਵਜ਼ਨੀ ਖੰਡਾ ਸਥਾਪਿਤ ਕੀਤਾ ਗਿਆ ਹੈ ਜੋ ਸਿੱਖ ਧਰਮ ਦੀ ਸ਼ਾਨ ਦਾ ਪ੍ਰਤੀਕ ਚੜ੍ਹਦੀ ਕਲਾ ਵਿੱਚ ਰਹਿਣ ਦਾ ਸੁਨੇਹਾ ਦਿੰਦਾ ਹੈ।

ਇਸ ਤੋਂ ਬਾਅਦ ਵਿੰਗ ਬੀ ਦੀ ਚਾਰ ਨੰਬਰ ਗੈਲਰੀ ਵਿੱਚ ਗੁਰੂ ਗੋਬਿੰਦ ਸਿੰਘ ਸਾਹਿਬ ਵੱਲੋਂ ਭਾਈ ਜੈਤਾ ਨੂੰ ‘ਰੰਘਰੇਟੇ ਗੁਰੂ ਕੇ ਬੇਟੇ’ ਦੇ ਖਿਤਾਬ ਦੇ ਇਤਿਹਾਸ ਨੂੰ ਤਸਵੀਰਾਂ ਰਾਹੀਂ ਪੇਸ਼ ਕੀਤਾ ਗਿਆ ਹੈ। ਇਸ ਸਬੰਧੀ ਇਤਿਹਾਸਕ ਤੱਥਾਂ ਦੀ ਕਾਰਜਸ਼ੀਲ ਸਥਿਤੀ ਉਭਾਰਨ ਲਈ ਲਗਾਤਾਰ ਚੱਲਦੀ ਐਨੀਮੇਟਡ ਵੀਡੀਓ ਰਾਹੀਂ ਜਾਣੂ ਕਰਵਾਇਆ ਗਿਆ ਹੈ।

ਇਸ ਤੋਂ ਇਲਾਵਾ ਕੀਰਤਪੁਰ ਸਾਹਿਬ ਵਿੱਚ ਗੋਬਿੰਦ ਰਾਏ ਨੂੰ ਸੀਸ ਭੇਟ ਕਰਨਾ, ਵਰਦਾਨ ਦੇਣਾ, ਨਗਾਰਾ ਵਜਾਉਣ, ਬਾਘਣੀ ਅਤੇ ਨਾਗਣੀ ਬੰਦੂਕਾਂ ਦਾ ਦ੍ਰਿਸ਼, ਜੰਗਾਂ ਆਦਿ ਦੇ ਇਤਿਹਾਸ ਨੂੰ ਪੇਸ਼ ਕੀਤਾ ਹੈ।

ਗੈਲਰੀ ਨੰਬਰ ਪੰਜ ਵਿੱਚ ਭਾਈ ਜੈਤਾ ਜੀ ਸਮੇਤ ਗੁਰੂ ਸਾਹਿਬ ਦੀਆਂ ਜੰਗਾਂ ਅਤੇ ਹੋਰ ਸਿੰਘਾਂ ਦੇ ਬਹਾਦਰੀ ਭਰੇ ਕਾਰਨਾਮਿਆਂ ਨੂੰ ਤਸਵੀਰਾਂ ਰਾਹੀਂ ਦਿਖਾਇਆ ਗਿਆ ਹੈ। ਆਨੰਦਪੁਰ ਸਾਹਿਬ ਦਾ ਕਿਲ੍ਹਾ ਛੱਡਣਾ, ਸਰਸਾ ਪਾਰ ਕਰਨਾ, ਜਥੇ ਦੀ ਅਗਵਾਈ, ਚਮਕੌਰ ਸਾਹਿਬ ਦੀ ਜੰਗ, ਭਾਈ ਜੈਤਾ ਜੀ ਜੰਗਾਂ ਵਿੱਚ ਦਿਖਾਏ ਜਲਵਿਆਂ ਨੂੰ ਇਤਿਹਾਸਕ ਦਸਤਾਵੇਜ਼ ਵਜੋਂ ਦਰਸਾਇਆ ਗਿਆ ਹੈ। ਇਸ ਗੈਲਰੀ ਵਿੱਚੋਂ ਬਾਹਰ ਆਉਣ ਸਮੇਂ ਦਰਸ਼ਕ ਮਨ ਅੰਦਰ ਬਹੁਤ ਸਾਰੀਆਂ ਇਤਿਹਾਸਕ ਯਾਦਾਂ, ਸਿੱਖ ਯੋਧਿਆਂ ਪ੍ਰਤੀ ਸਤਿਕਾਰ ਅਤੇ ਮਾਣ ਲੈ ਕੇ ਆਉਂਦਾ ਹੈ। ਸ੍ਰੀ ਆਨੰਦਪੁਰ ਸਾਹਿਬ ਆਉਣ ਸਮੇਂ ਗੁਰੂ ਘਰਾਂ ਦੇ ਦਰਸ਼ਨ ਦੀਦਾਰੇ ਕਰਨ ਦੇ ਨਾਲ-ਨਾਲ ਸਿੱਖ ਸ਼ਰਧਾਲੂ ਇਤਿਹਾਸ ਤੋਂ ਜਾਣੂ ਹੋਣ ਲਈ ਵਿਰਾਸਤ-ਏ-ਖਾਲਸਾ ਅਤੇ ਭਾਈ ਜੈਤਾ ਜੀ ਯਾਦਗਾਰੀ ਮਿਊਜ਼ੀਅਮ ਵੀ ਜ਼ਰੂਰ ਦੇਖਣ ਜਾਣ।

# 43 ਡਿਗਰੀ ਤਾਪਮਾਨ ਵਿਚ ਵੀ ਜਲ ਸਪਲਾਈ ਕਾਮਿਆਂ ਦੇ ਗੁੱਸੇ ਦਾ ਪਾਰਾ ਸਿਖਰਾਂ ’ਤੇ; ਧਰਨਾ 15ਵੇਂ ਦਿਨ ’ਚ ਦਾਖਲ

**ਪਟਿਆਲਾ, 10 ਜੂਨ**
**-ਅਮਨਦੀਪ ਸਰਾਂ-**

ਸੂਬੇ ਅੰਦਰ ਪੈ ਰਹੀ ਅੰਤਾਂ ਦੀ ਗਰਮੀ ਦੇ ਅੱਜ 43 ਡਿਗਰੀ ਤਾਪਮਾਨ ਵਿਚ ਵੀ ਪਟਿਆਲਾ ਨਾਭਾ ਰੋਡ ’ਤੇ ਜਲ ਸਪਲਾਈ ਤੇ ਸੈਨੀਟੇਸ਼ਨ ਦੇ ਮੁੱਖ ਦਫਤਰ ਅੱਗੇ ਚੱਲ ਰਹੇ ਪੱਕੇ ਮੋਰਚੇ ਦੇ 15ਵੇਂ ਦਿਨ ਵੀ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਦੇ ਮੁਲਾਜ਼ਮਾਂ ਦਾ ਸਰਕਾਰ ਵਿਰੁੱਧ ਗੁੱਸੇ ਦਾ ਪਾਰਾ ਸਿਖਰਾਂ ’ਤੇ ਦੇਖਿਆ ਗਿਆ। ਅੱਤ ਦੀ ਗਰਮੀ ਵਿਚ ਸਰਕਾਰ ਵਿਰੁੱਧ ਮੁਰਦਾਬਾਦ ਦੇ ਨਾਅਰਿਆਂ ਨੇ ਮਾਹੌਲ ਨੂੰ ਹੋਰ ਗਰਮਾ ਦਿੱਤਾ। ਜਿਸ ਤੋਂ ਸਾਫ ਪਤਾ ਚੱਲਦਾ ਸੀ ਕਿ ਇਨ੍ਹਾਂ ਮੁਲਾਜ਼ਮਾਂ ਨੂੰ ਆਪਣੀਆਂ ਮੰਗਾਂ ਮਨਵਾਉਣ ਲਈ



ਗਰਮੀ ਦੀ ਵੀ ਕੋਈ ਪ੍ਰਵਾਹ ਨਹੀਂ ਹੈ। ਫਿਰ ਆਪਣੇ ਪੱਕੇ ਮੋਰਚੇ ’ਤੇ ਡਟੇ ਹੋਏ ਹਨ। ਧਰਨੇ ਨੂੰ ਸੰਬੋਧਨ ਕਰਦੇ ਹੋਏ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ ਨੇ ਕਿਹਾ ਕਿ ਜਦੋਂ ਤੱਕ ਪੰਜਾਬ ਸਰਕਾਰ ਆਊਟ ਸੋਰਸਿਸ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਲਈ ਪੱਕੇ ਤੌਰ ’ਤੇ ਕੋਈ ਐਕਟ ਨਹੀਂ ਬਣਾਉਂਦੀ, ਉਦੋਂ ਤੱਕ ਸਰਕਾਰ ਵਿਰੁੱਧ ਲੜੀਵਾਰ ਧਰਨਾ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਵਿਚ ਬਤੌਰ ਇਨਲਿਸਟਮੈਂਟ ਕੈਟਾਗਿਰੀ ਅਧੀਨ 2800 ਵਰਕਰਾਂ ਨੂੰ ਇਸ ਪਾਲਿਸੀ ਅਧੀਨ ਪੱਕਾ ਕਰਨ ਸੰਬੰਧੀ ਸਰਕਾਰ ਨੇ ਕੋਈ ਜ਼ਿਕਰ ਨਹੀਂ ਕੀਤਾ ਤਾਂ ਹੀ ਇਸ ਪਾਲਿਸੀ ਨੂੰ ਯੂਨੀਅਨ ਮੁੱਢੋਂ ਰੱਦ ਕਰਦੀ ਹੈ।

ਉਨ੍ਹਾਂ ਕਿਹਾ ਕਿ 15 ਤੋਂ 20 ਸਾਲਾ ਲੰਮੇਂ ਅਰਸੇ ਤੋਂ ਨਾਮਾਤਰ ਤਨਖਾਹ ’ਤੇ ਕੰਮ ਕਰਦੇ ਆ ਰਹੇ ਹਨ। ਹੁਣ ਤੱਕ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਨਾ ਹੀ ਮੁਲਾਜ਼ਮਾਂ ਨੂੰ ਪੱਕਾ ਕੀਤਾ ਅਤੇ ਨਾ ਹੀ ਤਨਖਾਹਾਂ ਵਿਚ ਵਾਧਾ ਕੀਤਾ, ਜਿਸ ਕਰਕੇ ਮੁਲਾਜ਼ਮਾਂ ਦੇ ਪਰਿਵਾਰਾਂ ਨੂੰ ਘਰ ਦਾ ਗੁਜ਼ਾਰਾ ਕਰਨਾ ਵੀ ਬੇਹੱਦ ਮੁਸ਼ਕਲ ਹੁੰਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਾਡੇ ਚੱਲ ਰਹੇ ਧਰਨਿਆਂ ਵਿਚ ਆਪਣੇ ਨੁਮਾਇੰਦੇ ਭੇਜ ਕੇ ਸਮੁੱਚੇ ਮੁਲਾਜ਼ਮਾਂ ਨੂੰ ਸਰਕਾਰ ਬਣਨ ਉਪਰੰਤ ਪੱਕੇ ਕਰਨ ਦਾ ਵਾਅਦਾ ਕੀਤਾ ਸੀ ਜੋ ਹੁਣ ਸਰਕਾਰ ਦੇ ਕਾਰਜਕਾਲ ਪੂਰਾ ਹੋਣ ਦੇ ਨੇੜੇ ਹੋਣ ਦੇ ਬਾਵਜੂਦ ਵੀ ਪੂਰਾ ਨਹੀਂ ਕੀਤਾ ਗਿਆ। ਜਿਸ ਦਾ ਕਾਮਿਆਂ ਵੱਲੋਂ ਪੁਰਜ਼ੋਰ ਸ਼ਬਦਾਂ ਵਿਚ ਵਿਰੋਧ ਕੀਤਾ ਜਾ ਰਿਹਾ ਹੈ। ਕਈ ਮੁਲਾਜ਼ਮਾਂ ਦੀ ਤਾਂ ਹਾਦਸਿਆਂ ਵਿਚ ਮੌਤ ਵੀ ਹੋ ਚੁੱਕੀ ਹੈ, ਜਿਨ੍ਹਾਂ ਦੇ ਪਰਿਵਾਰਾਂ ਨੂੰ ਨਮੋਸ਼ੀ ਤੋਂ ਬਿਨ੍ਹਾ ਕੁਝ ਵੀ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਭਾਵੇਂ 2027 ਦੀਆਂ ਚੋਣਾਂ ਆ ਜਾਣ ਪਰ ਉਦੋਂ ਤੱਕ ਸਰਕਾਰ ਵਿਰੁੱਧ ਸੰਘਰਸ਼ ਜਾਰੀ ਰਹੇਗਾ।

## ਏਕ ਪੇੜ ਮਾਂ ਕੇ ਨਾਮ ਮੁਹਿੰਮ ਦੇ ਤਹਿਤ ਚੰਡੀਗੜ੍ਹ ਪ੍ਰਸ਼ਾਸਨ ਨੇ ਵਿਸ਼ਵ ਵਾਤਾਵਰਣ ਦਿਵਸ ’ਤੇ ਚਲਾਈ ਪੌਦੇ ਲਗਾਉਣ ਦੀ ਮੁਹਿੰਮ

**ਚੰਡੀਗੜ੍ਹ, 10 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਵਿਸ਼ਵ ਵਾਤਾਵਰਣ ਦਿਵਸ ਦੇ ਅਵਸਰ ’ਤੇ ਵਾਤਾਵਰਣ ਸੰਭਾਲ਼ ਪ੍ਰਤੀ ਆਪਣੀ ਪ੍ਰਤੀਬੱਧਤਾ ਨੂੰ ਦੁਹਰਾਉਂਦੇ ਹੋਏ ਚੰਡੀਗੜ੍ਹ ਪ੍ਰਸ਼ਾਸਨ ਨੇ ਰਾਸ਼ਟਰ ਵਿਆਪੀ ਏਕ ਪੇੜ ਮਾਂ ਕੇ ਨਾਮ ਮੁਹਿੰਮ ਦੇ ਤਹਿਤ ਪੌਦੇ ਲਗਾਉਣ ਦੀ ਮੁਹਿੰਮ ਆਯੋਜਿਤ ਕੀਤੀ। ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਨੇ ਸ਼ਹਿਰ ਦੇ ਵਿਭਿੰਨ ਸਥਾਨਾਂ ’ਤੇ ਪੌਦੇ ਲਗਾ ਕੇ ਇਸ ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਕੀਤੀ।

ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ ਨੇ ਆਪਣੇ ਪਰਿਵਾਰਕ ਮੈਂਬਰਾਂ ਨਾਲ ਸੈਕਟਰ 7, ਚੰਡੀਗੜ੍ਹ ਵਿਖੇ ਪਬਲਿਕ ਪਾਰਕ ਵਿੱਚ ਪੌਦੇ ਲਗਾਏ। ਪੌਦੇ ਲਗਾਉਣ ਦੀ ਇਹ ਗਤੀਵਿਧੀ ਹਰਿਤ ਅਤੇ ਤੰਦਰੁਸਤ ਵਾਤਾਵਰਣ ਨੂੰ ਹੁਲਾਰਾ ਦੇਣ ਅਤੇ ਨਾਗਰਿਕਾਂ ਨੂੰ ਵਾਤਾਵਰਣਕ ਸਥਿਰਤਾ ਲਈ ਯੋਗਦਾਨ ਦੇਣ ਹਿਤ ਪ੍ਰੇਰਿਤ ਕਰਨ ਦੀ ਪ੍ਰਸ਼ਾਸਨ ਦੀ ਪ੍ਰਤੀਬੱਧਤਾ ਦਾ ਪ੍ਰਤੀਕ ਰਹੀ।

ਗ੍ਰਹਿ ਸਕੱਤਰ-ਅਤੇ-ਸਕੱਤਰ ਵਣ, ਸ਼੍ਰੀ ਮਨਦੀਪ ਸਿੰਘ ਬਰਾੜ ਨੇ ਚੰਡੀਗੜ੍ਹ ਬਰਡ ਪਾਰਕ ਵਿਖੇ ਪੌਦਾ ਲਗਾਇਆ। ਇਸ ਅਵਸਰ ’ਤੇ ਮੁੱਖ ਵਣਪਾਲ (ਸੀਸੀਐੱਫ/336) ਸ਼੍ਰੀ ਸੌਰਭ ਕੁਮਾਰ ਅਤੇ ਵਣਪਾਲ ਅਤੇ ਮੁੱਖ ਵਣਜੀਵ ਵਾਰਡਨ, ਯੂਟੀ ਚੰਡੀਗੜ੍ਹ ਸ਼੍ਰੀ ਅਨੂਪ ਕੁਮਾਰ ਸੋਨੀ ਨੇ ਵੀ ਪੌਦਾ ਲਗਾਇਆ।

ਅਧਿਕਾਰੀਆਂ ਨੇ ਜਲਵਾਯੂ ਪਰਿਵਰਤਨ ਦੀਆਂ ਚੁਣੌਤੀਆਂ ਨਾਲ ਨਜਿੱਠਣ, ਵਾਯੂ ਗੁਣਵੱਤਾ ਵਿੱਚ ਸੁਧਾਰ ਲਿਆਉਣ ਅਤੇ ਜੈਵ ਵਿਵਿਧਤਾ ਨੂੰ ਸੁਰੱਖਿਅਤ ਰੱਖਣ ਵਿੱਚ ਰੁੱਖ ਲਗਾਉਣ ਦੀ ਮਹੱਤਵਪੂਰਨ ਭੂਮਿਕਾ ’ਤੇ ਬਲ ਦਿੱਤਾ। ਉਨ੍ਹਾਂ ਨੇ ਨਾਗਰਿਕਾਂ ਨੂੰ ਵੀ ਆਪਣੇ ਆਸਪਾਸ ਅਧਿਕ ਤੋਂ ਅਧਿਕ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਦੇਖਭਾਲ਼ ਕਰਨ ਦਾ ਸੱਦਾ ਦਿੱਤਾ।ਏਕ ਪੇੜ ਮਾਂ ਕੇ ਨਾਮ ਮੁਹਿੰਮ ਦੇ ਤਹਿਤ ਪੌਦੇ ਲਗਾਉਣ ਦੀ ਇਹ ਮੁਹਿੰਮ ਵਾਤਾਵਰਣ ਸੁਰੱਖਿਆ ਅਤੇ ਟਿਕਾਊ ਵਿਕਾਸ ਪ੍ਰਤੀ ਚੰਡੀਗੜ੍ਹ ਪ੍ਰਸ਼ਾਸਨ ਦੀ ਨਿਰੰਤਰ ਪ੍ਰਤੀਬੱਧਤਾ ਨੂੰ ਦਰਸਾਉਂਦੀ ਹੈ। ਨਾਲ ਹੀ ਇਹ ਪ੍ਰਕ੍ਰਿਤੀ ਦੇ ਉਪਹਾਰ ਦੇ ਜ਼ਰੀਏ ਮਾਤਾਵਾਂ ਦੇ ਸਨਮਾਨ ਦਾ ਸੰਦੇਸ਼ ਵੀ ਸਸ਼ਕਤ ਤੌਰ ’ਤੇ ਪ੍ਰਸਾਰਿਤ ਕਰਦੀ ਹੈ।

## ਭੰਗੜਾ ਪਲੱਸ ਅਕੈਡਮੀ ਵੱਲੋਂ ਬਠਿੰਡਾ ਦੇ ਮਿੱਤਲ ਸਿਟੀ ਮਾਲ ਵਿਖੇ ਮੁਫ਼ਤ ‘ਲੁੱਡੀ ਵਰਕਸ਼ਾਪ’ ਦਾ ਸਫ਼ਲ ਆਯੋਜਨ

**ਬਠਿੰਡਾ,10 ਜੂਨ**
**ਗੁਰਤੇਜ ਅਤਲਾ**

ਪੰਜਾਬੀ ਲੋਕ ਨਾਚ ਅਤੇ ਅਮੀਰ ਵਿਰਾਸਤ ਨੂੰ ਪ੍ਰਫੁੱਲਿਤ ਕਰਨ ਦੇ ਉਦੇਸ਼ ਨਾਲ ‘ਭੰਗੜਾ ਪਲੱਸ ਅਕੈਡਮੀ’ ਵੱਲੋਂ ਬਠਿੰਡਾ ਦੇ ਮਿੱਤਲ ਸਿਟੀ ਮਾਲ ਵਿਖੇ ਇੱਕ ਵਿਸ਼ੇਸ਼ ਅਤੇ ਮੁਫ਼ਤ ‘ਲੁੱਡੀ ਵਰਕਸ਼ਾਪ’ ਦਾ ਆਯੋਜਨ ਕੀਤਾ ਗਿਆ। ਇਸ ਸੱਭਿਆਚਾਰਕ ਕੈਂਪ ਵਿੱਚ ਹਰ ਉਮਰ ਦੇ ਲੋਕਾਂ, ਨੌਜਵਾਨਾਂ, ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਇਹ ਵਰਕਸ਼ਾਪ ਅਕੈਡਮੀ ਦੇ ਮੈਨੇਜਿੰਗ ਡਾਇਰੈਕਟਰ ਹਰਪ੍ਰੀਤ ਸਿੰਘ ਬਰਾੜ ਅਤੇ ਮਨਪ੍ਰੀਤ ਕੌਰ ਬਰਾੜ ਦੀ ਯੋਗ ਦੇਖ-ਰੇਖ ਹੇਠ ਉਲੀਕੀ ਗਈ। ਇਸ ਦੌਰਾਨ ਪ੍ਰਸਿੱਧ ਡੋਲੀ ਗੁਰਪ੍ਰੀਤ ਨੇ ਆਪਣੀ ਢੋਲ ਦੀ ਰਵਾਇਤੀ ਤਾਲ ਨਾਲ ਸਮਾਂ ਬੰਨ੍ਹਿਆ ਅਤੇ ਹਾਜ਼ਰ ਸਿਖਿਆਰਥੀਆਂ ਨੂੰ ਲੁੱਡੀ ਨਾਚ ਦੇ ਵੱਖ-ਵੱਖ ਗੁਰ ਅਤੇ ਸਟੈੱਪ ਬੜੇ ਸਰਲ ਤਰੀਕੇ ਨਾਲ ਸਿਖਾਏ।



ਵਰਕਸ਼ਾਪ ਦੀ ਖਾਸ ਗੱਲ ਇਹ ਰਹੀ ਕਿ ਇਸ ਵਿੱਚ ਬੱਚਿਆਂ ਦੇ ਨਾਲ-ਨਾਲ ਉਨ੍ਹਾਂ ਦੇ ਮਾਪਿਆਂ ਨੇ ਵੀ ਖੂਬ ਇੰਜੋਏ ਕੀਤਾ। ਢੋਲ ਦੀਆਂ ਰਵਾਇਤੀ ਤਾਲਾਂ ਨੇ ਜਿੱਥੇ ਬੱਚਿਆਂ ਨੂੰ ਆਪਣੇ ਅਮੀਰ ਪੰਜਾਬੀ ਸੱਭਿਆਚਾਰ ਅਤੇ ਪੁਰਾਤਨ ਵਿਰਾਸਤ ਨਾਲ ਜੋੜਿਆ, ਉੱਥੇ ਹੀ ਪ੍ਰੋਗਰਾਮ ਵਿੱਚ ਪਹੁੰਚੇ ਮਾਪਿਆਂ ਦੇ ਮਨਾਂ ਵਿੱਚ ਉਨ੍ਹਾਂ ਦੇ ਆਪਣੇ ਬਚਪਨ ਦੀਆਂ ਖ਼ੂਬਸੂਰਤ ਯਾਦਾਂ ਨੂੰ ਇੱਕ ਵਾਰ ਫਿਰ ਤਾਜ਼ਾ ਕਰ ਦਿੱਤਾ।

ਇਸ ਮੌਕੇ ਅਕੈਡਮੀ ਦੇ ਪ੍ਰਬੰਧਕਾਂ ਨੇ ਦੱਸਿਆ ਕਿ ‘ਸਿੱਖੋ, ਨੱਚੋ ਅਤੇ ਅਨੰਦ ਮਾਣੋ’ ਦੇ ਨਾਅਰੇ ਤਹਿਤ ਕਰਵਾਈ ਗਈ ਇਸ ਵਰਕਸ਼ਾਪ ਦਾ ਮੁੱਖ ਮਕਸਦ ਅੱਜ ਦੀ ਕੰਪਿਊਟਰ ਅਤੇ ਮੋਬਾਈਲ ਯੁੱਗ ਦੀ ਪੀੜ੍ਹੀ ਨੂੰ ਸਰੀਰਕ ਫਿਟਨੈੱਸ ਦੇ ਨਾਲ-ਨਾਲ ਆਪਣੇ ਰਵਾਇਤੀ ਲੋਕ ਨਾਚਾਂ ਪ੍ਰਤੀ ਜਾਗਰੂਕ ਕਰਨਾ ਹੈ। ਵਰਕਸ਼ਾਪ ਦੇ ਅਖੀਰ ਵਿੱਚ ਸਾਰੇ ਬੱਚਿਆਂ, ਮਾਪਿਆਂ ਅਤੇ ਪ੍ਰਬੰਧਕਾਂ ਨੇ ਢੋਲ ਦੀ ਤਾਲ ’ਤੇ ਇਕੱਠੇ ਮਿਲ ਕੇ ਲੁੱਡੀ ਪਾਈ ਅਤੇ ਮਾਲ ਦੇ ਪੂਰੇ ਮਾਹੌਲ ਨੂੰ ਸੱਭਿਆਚਾਰਕ ਰੰਗ ਵਿੱਚ ਰੰਗ ਦਿੱਤਾ।

## ਡਿਪਟੀ ਕਮਿਸ਼ਨਰ ਵੱਲੋਂ ਡੇਂਗੂ ਤੇ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਅਤੇ ਜਾਗਰੂਕਤਾ ਮੁਹਿੰਮ ਤੇਜ਼ ਕਰਨ ਦੀ ਹਦਾਇਤ

**ਪਟਿਆਲਾ, 10 ਜੂਨ**
**-ਹਰਸ਼ਪ੍ਰੀਤ ਕੌਰ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਹੈ ਕਿ ਪੰਜਾਬ ਸਰਕਾਰ ਦੇ ਟੀਚਿਆਂ ਅਨੁਸਾਰ ਜ਼ਿਲ੍ਹਾ ਵਾਸੀਆਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਕੋਈ ਢਿੱਲ ਨਾ ਵਰਤੀ ਜਾਵੇ। ਅੱਜ ਜ਼ਿਲ੍ਹਾ ਹੈਲਥ ਸੋਸਾਇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਅੰਦਰ ਡੇਂਗੂ ਅਤੇ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਫਾਗਿੰਗ ਦੀ ਗਤੀ ਤੇਜ਼ ਕਰਨ, ਘਰ-ਘਰ ਲਾਰਵਾ ਚੈਕਿੰਗ ਕਰਨ ਅਤੇ ਡੇਂਗੂ ਮੱਛਰ ਦਾ ਲਾਰਵਾ ਮਿਲਣ ’ਤੇ ਨਿਯਮਾਂ ਅਨੁਸਾਰ



ਚਲਾਨ ਕਰਕੇ ਜੁਰਮਾਨੇ ਕਰਨ ਦੀ ਹਦਾਇਤ ਕੀਤੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਾਗਰਿਕਾਂ ਨੂੰ ਦੂਸ਼ਿਤ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਉਣ ਲਈ ਸਥਾਨਕ ਸਰਕਾਰਾਂ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਨਾਲ ਤਾਲਮੇਲ ਕਰਕੇ ਪਾਣੀ ਦੀ ਨਿਯਮਤ ਟੈਸਟਿੰਗ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸੰਭਾਵਿਤ ਦੂਸ਼ਿਤ ਪਾਣੀ ਵਾਲੇ ਖੇਤਰਾਂ ਵਿੱਚ ਵਿਸ਼ੇਸ਼ ਨਿਗਰਾਨੀ ਰੱਖੀ ਜਾਵੇ ਅਤੇ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ-ਨਾਲ ਲੋੜੀਂਦੀਆਂ ਬਚਾਅ ਕਾਰਵਾਈਆਂ ਵੀ ਕੀਤੀਆਂ ਜਾਣ।

ਜ਼ਿਲ੍ਹੇ ਅੰਦਰ ਟੀ.ਬੀ. ਰੋਕਥਾਮ ਪ੍ਰੋਗਰਾਮ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਟੀ.ਬੀ. ਦੇ ਮਰੀਜ਼ਾਂ ਨੂੰ ਸੰਤੁਲਿਤ ਆਹਾਰ ਕਿੱਟਾਂ ਮੁਹੱਈਆ ਕਰਵਾਉਣ, ਇਲਾਜ ਸਹੂਲਤਾਂ ਅਤੇ ਨਿਯਮਤ ਟੈਸਟਿੰਗ ਨੂੰ ਹੋਰ ਮਜ਼ਬੂਤ ਕਰਨ ਉਤੇ ਜ਼ੋਰ ਦਿੱਤਾ। ਉਨ੍ਹਾਂ ਨੇ 14 ਸਾਲ ਤੱਕ ਦੀ ਉਮਰ ਦੀਆਂ ਬਾਲਿਕਾਵਾਂ ਨੂੰ ਸਰਵਾਈਕਲ ਕੈਂਸਰ ਤੋਂ ਬਚਾਅ ਲਈ ਟੀਕਾਕਰਨ ਯਕੀਨੀ ਬਣਾਉਣ ਅਤੇ ਗਰਮੀ ਦੀ ਲੂ ਤੋਂ ਬਚਾਅ ਲਈ ਜਾਗਰੂਕਤਾ ਵਧਾਉਣ ਦੀ ਵੀ ਹਦਾਇਤ ਕੀਤੀ।

ਡਾ. ਹਿਮਾਂਸ਼ੂ ਅਗਰਵਾਲ ਨੇ ਘੱਟ ਓ.ਪੀ.ਡੀ. ਵਾਲੇ ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ਾਂ ਦੀ ਗਿਣਤੀ ਵਧਾਉਣ ਲਈ ਲੋਕ ਜਾਗਰੂਕਤਾ ਵਧਾਉਣ ਅਤੇ ਮਰੀਜ਼ਾਂ ਦਾ ਵਿਸ਼ਵਾਸ ਜਿੱਤਣ ਲਈ ਡਾਕਟਰਾਂ ਨੂੰ ਲੋਕਾਂ ਨਾਲ ਹੋਰ ਨੇੜਤਾ ਬਣਾਉਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿਹਤ ਖੇਤਰ ਨੂੰ ਵਿਸ਼ੇਸ਼ ਤਰਜੀਹ ਦਿੱਤੀ ਗਈ ਹੈ, ਇਸ ਲਈ ਮਰੀਜ਼ਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਵੱਖ-ਵੱਖ ਸਿਹਤ ਯੋਜਨਾਵਾਂ ਦਾ ਜਾਇਜ਼ਾ ਲੈਂਦਿਆਂ ਸੇਵਾਵਾਂ ਦੀ ਗੁਣਵੱਤਾ ਨੂੰ ਹਰ ਪੱਧਰ ’ਤੇ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ।

ਡਾ. ਹਿਮਾਂਸ਼ੂ ਅਗਰਵਾਲ ਨੇ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਨਸ਼ਾ ਪ੍ਰਭਾਵਿਤ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਸੇਵਾਵਾਂ ਨਾਲ ਜੋੜਨ ਲਈ ਸਿਹਤ ਵਿਭਾਗ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰਨ ਦੀ ਹਦਾਇਤ ਕੀਤੀ।







# ਵਧੀਕ ਜਿਲ੍ਹਾ ਮੈਜਿਸਟ੍ਰੇਟ ਵੱਲੋਂ ਜਿਲ੍ਹੇ 'ਚ ਵੱਖ ਵੱਖ ਪਾਬੰਦੀ ਦੇ ਹੁਕਮ ਜਾਰੀ

**ਪਟਿਆਲਾ, 10 ਜੂਨ**
**-ਛਤਰਪਾਲ ਸਿੰਘ-**

ਵਧੀਕ ਜ਼ਿਲ੍ਹਾ ਮੈਜਿਸਟਰੇਟ ਅਨੁਪ੍ਰਿਤਾ ਜੌਹਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲ੍ਹਾ ਪਟਿਆਲਾ ਦੀਆਂ ਸੀਮਾਵਾਂ ਅੰਦਰ ਵੱਖ ਵੱਖ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 6 ਜੂਨ 2026 ਤੋਂ 5 ਅਗਸਤ 2026 ਤਕ ਲਾਗੂ ਰਹਿਣਗੇ।

1 *ਏਵੀਏਸ਼ਨ ਕਲੱਬ ਦੇ ਦੋ ਕਿਲੋਮੀਟਰ ਘੇਰੇ 'ਚ ਲਾਰਟੇਨ ਕਾਈਟਸ/ ਵਿਸ਼ ਕਾਈਟਸ ਉਡਾਉਣ ਤੇ ਪਾਬੰਦੀ*

ਵਧੀਕ ਜਿਲ੍ਹਾ ਮੈਜਿਸਟ੍ਰੇਟ ਅਨੁਪ੍ਰਿਤਾ ਜੌਹਲ ਨੇ ਭਾਰਤੀ ਨਾਗਰਿਕ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਸਿਵਲ ਏਵੀਏਸ਼ਨ ਕਲੱਬ ਪਟਿਆਲਾ ਦੇ ਨੇੜੇ ਦੋ ਕਿਲੋਮੀਟਰ ਘੇਰੇ ਵਿੱਚ ਲਾਰਟੇਨ ਕਾਈਟਸ/ਵਿਸ਼ ਕਾਈਟਸ ਦੀ ਵਰਤੋ ਕਰਨ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਗਾਈ ਹੈ। ਇਹ ਹੁਕਮ 6 ਜੂਨ 2026 ਤੋਂ 5 ਅਗਸਤ 2026 ਤਕ ਲਾਗੂ ਰਹਿਣਗੇ।

2 ਜਨਤਕ ਥਾਵਾਂ 'ਤੇ ਤੇਜ਼ਧਾਰ ਹਥਿਆਰ ਲੈ ਕੇ ਜਾਣ 'ਤੇ ਮਨਾਹੀ ਹੁਕਮ ਵਧੀਕ ਜ਼ਿਲ੍ਹਾ ਮੈਜਿਸਟਰੇਟ ਅਨੁਪ੍ਰਿਤਾ ਜੌਹਲ ਨੇ ਜ਼ਿਲ੍ਹੇ ਵਿੱਚ ਅਮਨ ਕਾਨੂੰਨ ਕਾਇਮ ਰੱਖਣ ਅਤੇ ਲੋਕ ਹਿਤ ਵਿੱਚ ਸ਼ਾਂਤੀ ਬਰਕਰਾਰ ਰੱਖਣ ਲਈ ਜ਼ਿਲ੍ਹਾ ਪਟਿਆਲਾ ਦੀਆਂ ਸੀਮਾਵਾਂ ਅੰਦਰ ਜਨਤਕ ਥਾਵਾਂ 'ਤੇ ਅਗਨ ਸ਼ਸ਼ਤਰ, ਅਸਲਾ, ਵਿਸਫੋਟਕ, ਜਲਣਸ਼ੀਲ, ਚੀਜ਼ਾਂ, ਤੇਜ਼ਧਾਰ ਹਥਿਆਰ ਜਿਵੇਂ ਕਿ ਟਕੂਏ, ਬਰਛੇ, ਤ੍ਰਿਸ਼ੂਲ ਆਦਿ ਸ਼ਾਮਲ ਹਨ, ਨੂੰ ਚੁੱਕਣ 'ਤੇ ਪਾਬੰਦੀ ਲਗਾਈ ਹੈ। ਇਹ ਹੁਕਮ ਦਿਵਿਆਂਗ/ਬਿਰਧ ਵਿਅਕਤੀ (ਜੋ ਬਿਨਾਂ ਡੰਡੇ ਲਾਠੀ ਦੇ ਸਹਾਰੇ ਤੋਂ ਚੱਲ ਨਹੀਂ ਸਕਦੇ) ਅਤੇ ਸੁਰੱਖਿਆ ਅਮਲੇ/ਡਿਊਟੀ 'ਤੇ ਤਾਇਨਾਤ ਪੁਲਿਸ ਅਮਲੇ 'ਤੇ ਲਾਗੂ ਨਹੀਂ ਹੋਵੇਗਾ। ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।



3 *ਕਿਰਾਏਦਾਰਾਂ, ਨੌਕਰਾਂ ਅਤੇ ਪੇਇੰਗ ਗੈਸਟ ਦਾ ਪੂਰਾ ਵੇਰਵਾ ਪੁਲਿਸ ਥਾਣਿਆਂ 'ਚ ਦਰਜ ਕਰਵਾਉਣ ਦੇ ਹੁਕਮ ਜਾਰੀ*

ਪਟਿਆਲਾ ਦੇ ਵਧੀਕ ਜ਼ਿਲ੍ਹਾ ਮੈਜਿਸਟਰੇਟ ਅਨੁਪ੍ਰਿਤਾ ਜੌਹਲ ਨੇ ਹੁਕਮ ਜਾਰੀ ਕੀਤੇ ਹਨ ਕਿ ਜਿਲ੍ਹਾ ਪਟਿਆਲਾ ਦੀ ਹੱਦ ਅੰਦਰ ਮਿਊਂਸਪਲ ਕਮੇਟੀਆਂ, ਨਗਰ ਪੰਚਾਇਤਾਂ ਅਤੇ ਪਿੰਡਾਂ ਦੀਆਂ ਪੰਚਾਇਤਾਂ ਦੇ ਅਧਿਕਾਰ ਖੇਤਰ ਵਿੱਚ ਰਹਿਣ ਵਾਲਾ ਜਦੋਂ ਵੀ ਕੋਈ ਵਿਅਕਤੀ ਆਪਣੇ ਘਰ ਵਿੱਚ ਕਿਰਾਏਦਾਰ/ਨੌਕਰ/ ਪੇਇੰਗ ਗੈਸਟ ਰੱਖੇਗਾ ਤਾਂ ਉਹ ਉਸ ਦਾ ਪੂਰਾ ਵੇਰਵਾ ਨੇੜੇ ਦੇ ਪੁਲਿਸ ਥਾਣੇ/ ਚੌਂਕੀ ਵਿੱਚ ਦਰਜ ਕਰਾਉਣਾ ਯਕੀਨੀ ਬਣਾਏਗਾ। ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

4 *ਜ਼ਿਲ੍ਹੇ ਵਿੱਚ ਫੌਜੀ ਰੰਗ ਦੀਆਂ ਵਰਦੀਆਂ, ਬੈਚ, ਟੋਪੀ, ਬੈਲਟਾਂ ਆਦਿ ਦੀ ਖਰੀਦ ਵੇਚ 'ਤੇ ਪਾਬੰਦੀ*

ਵਧੀਕ ਜ਼ਿਲ੍ਹਾ ਮੈਜਿਸਟਰੇਟ ਅਨੁਪ੍ਰਿਤਾ ਜੌਹਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਪਟਿਆਲਾ ਦੀਆਂ ਸੀਮਾਵਾਂ ਅੰਦਰ ਆਮ ਜਨਤਾ ਦੇ ਉਲਾਈਵ ਹਰੇ ਰੰਗ (ਮਿਲਟਰੀ ਰੰਗ) ਦੀਆਂ ਵਰਦੀਆਂ, ਆਰਮੀ ਬੈਚ, ਟੋਪੀ, ਬੈਲਟਾਂ ਅਤੇ ਆਰਮੀ ਚਿੰਨ ਆਦਿ ਖਰੀਦ, ਵੇਚ ਅਤੇ ਵਰਤੋਂ ਕਰਨ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾਈ ਹੈ। ਜ਼ਿਲ੍ਹੇ ਵਿੱਚ ਇਹ ਹੁਕਮ 5 ਅਗਸਤ 2026 ਤੱਕ ਲਾਗੂ ਰਹਿਣਗੇ।

# ਸਾਬਕਾ ਸਰਪੰਚ ਅਕਾਲੀ ਦਲ ਛੱਡ ਕੇ 'ਆਪ' 'ਚ ਹੋਈ ਸ਼ਾਮਲ



**ਸਮਾਣਾ, 10 ਜੂਨ**
**-ਮਨੋਜ ਵਰਮਾ-**

ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਆਗੂ ਸੁਰਜੀਤ ਸਿੰਘ ਰੱਖੜਾ ਦੇ ਛੋਟੇ ਭਰਾ ਚਰਨਜੀਤ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਹਲਕਾ ਸਮਾਣਾ ਦੇ ਪਿੰਡ ਮੈਣ ਤੋਂ ਸਾਬਕਾ ਸਰਪੰਚ ਬੀਬੀ ਜਸਵਿੰਦਰ ਕੌਰ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਉਨ੍ਹਾਂ ਦੇ ਸਪੁੱਤਰ ਗੁਰਜੀਤ ਸਿੰਘ ਵੀ ਨਾਲ ਮੌਜੂਦ ਸਨ।

ਚਰਨਜੀਤ ਸਿੰਘ ਧਾਲੀਵਾਲ ਨੇ ਰੱਖੜਾ ਟੈਕਨਾਲੋਜੀ, ਪਟਿਆਲਾ ਵਿਖੇ ਬੀਬੀ ਜਸਵਿੰਦਰ ਕੌਰ ਅਤੇ ਗੁਰਜੀਤ ਸਿੰਘ ਦਾ ਨਿੱਘਾ ਸਵਾਗਤ ਕਰਦਿਆਂ 'ਆਪ' ਪਰਿਵਾਰ ਵਿੱਚ ਸ਼ਾਮਲ ਹੋਣ 'ਤੇ ਵਧਾਈ ਦਿੱਤੀ।

ਇਸ ਸਮੇਂ ਧਾਲੀਵਾਲ ਨੇ ਕਿਹਾ ਕਿ ਹਲਕਾ ਸਮਾਣਾ ਵਿੱਚ ਵੱਖ-ਵੱਖ ਸਿਆਸੀ ਪਾਰਟੀਆਂ ਨਾਲ ਜੁੜੇ ਆਗੂਆਂ ਦਾ ਲਗਾਤਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣਾ ਮਾਨ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਪਾਰਟੀ ਦੀ ਵਧਦੀ ਹਰਮਨ ਪਿਆਰਤਾ ਦਾ ਪ੍ਰਤੀਕ ਹੈ।

ਉਨ੍ਹਾਂ ਕਿਹਾ ਕਿ ਸੁਰਜੀਤ ਸਿੰਘ ਰੱਖੜਾ ਨੇ ਸਮਾਣਾ ਨੂੰ ਸਿਰਫ਼ ਆਪਣਾ ਸਿਆਸੀ ਹਲਕਾ ਨਹੀਂ, ਸਗੋਂ ਆਪਣਾ ਪਰਿਵਾਰ ਸਮਝ ਕੇ ਲੋਕਾਂ ਦੀ ਸੇਵਾ ਕੀਤੀ ਹੈ, ਜਿਸ ਕਾਰਨ ਸਮਾਣਾ ਵਾਸੀਆਂ ਵੱਲੋਂ ਉਨ੍ਹਾਂ ਨੂੰ ਭਰਪੂਰ ਪਿਆਰ, ਸਤਿਕਾਰ ਅਤੇ ਸਮਰਥਨ ਮਿਲ ਰਿਹਾ ਹੈ।

ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਬੀਬੀ ਜਸਵਿੰਦਰ ਕੌਰ ਦਾ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਹਲਕਾ ਸਮਾਣਾ ਵਿੱਚ ਆਮ ਆਦਮੀ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ।

# ਬੇਰੁਜ਼ਗਾਰ ਲਾਈਨਮੈਨਾਂ 'ਤੇ ਲਾਠੀਚਾਰਜ ਅਤੇ ਪੁਲਿਸ ਦਾ ਵਤੀਰਾ ਬੇਹੱਦ ਸ਼ਰਮਨਾਕ, ਭਗਵੰਤ ਮਾਨ ਸਰਕਾਰ ਦੱਸੇ ਕੀ ਇਹੀ ਹੈ ਤੁਹਾਡਾ 'ਬਦਲਾਅ': ਜੈ ਇੰਦਰ ਕੌਰ

**ਪਟਿਆਲਾ, 10 ਜੂਨ**
**-ਅਰਸ਼ਦੀਪ ਸਿੰਘ-**



ਪਟਿਆਲਾ ਵਿਖੇ ਬਿਜਲੀ ਬੋਰਡ ਦੇ ਮੁੱਖ ਦਫ਼ਤਰ ਬਾਹਰ ਆਪਣੇ ਹੱਕਾਂ ਅਤੇ ਰੁਜ਼ਗਾਰ ਦੀ ਮੰਗ ਕਰ ਰਹੇ ਬੇਰੁਜ਼ਗਾਰ 9"9 ਪਾਸ ਨੌਜਵਾਨਾਂ 'ਤੇ ਪੁਲਿਸ ਵੱਲੋਂ ਕੀਤੇ ਗਏ ਬੇਰਹਿਮ ਲਾਠੀਚਾਰਜ ਦੀ ਪੰਜਾਬ ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਮੰਗਾਂ ਨਾ ਮੰਨੇ ਜਾਣ ਦੇ ਰੋਸ ਵਜੋਂ ÷2600 ਲਾਈਨਮੈਨ ਅਪ੍ਰੈਂਟਿਸਸ਼ਿਪ ਆਲ ਪੰਜਾਬ ਯੂਨੀਅਨ÷ ਵੱਲੋਂ ਸ਼ੁਰੂ ਕੀਤੇ ਗਏ 'ਟਾਵਰ ਮੋਰਚੇ' ਦੌਰਾਨ ਜੈ ਇੰਦਰ ਕੌਰ ਅੱਜ ਆਪਣੇ ਸਾਥੀਆਂ ਸਮੇਤ ਬਿਜਲੀ ਦੇ ਉੱਚੇ ਖੰਭਿਆਂ 'ਤੇ ਚੜ੍ਹੇ ਨੌਜਵਾਨਾਂ ਦਾ ਹਾਲ-ਚਾਲ ਪੁੱਛਣ ਅਤੇ ਉਹਨਾਂ ਦੇ ਸੰਘਰਸ਼ ਨੂੰ ਸਮਰਥਨ ਦੇਣ ਪਹੁੰਚੇ।

ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜੈ ਇੰਦਰ ਕੌਰ ਨੇ ਭਗਵੰਤ ਮਾਨ ਸਰਕਾਰ ਅਤੇ ਪ੍ਰਸ਼ਾਸਨ 'ਤੇ ਤਿੱਖੇ ਨਿਸ਼ਾਨੇ ਸਾਧੇ ਉਨ੍ਹਾਂ ਕਿਹਾ, ਇਹ ਬੇਹੱਦ ਸ਼ਰਮਨਾਕ ਗੱਲ ਹੈ ਕਿ ਪਹਿਲਾਂ ਪਟਿਆਲਾ ਵਿਖੇ ਪੜ੍ਹੇ-ਲਿਖੇ ਨੌਜਵਾਨਾਂ 'ਤੇ ਬੇਰਹਿਮੀ ਨਾਲ ਲਾਠੀਚਾਰਜ ਕੀਤਾ ਗਿਆ ਅਤੇ ਹੁਣ ਸਮਾਣਾ ਦੇ ਐਸ.ਐਚ.ਓ. ਵੱਲੋਂ ਇਹਨਾਂ ਹੱਕ ਮੰਗਦੇ ਨੌਜਵਾਨਾਂ ਨੂੰ 'ਮੰਡੀਰ ਅਤੇ ਮਲੰਗ' ਕਹਿ ਕੇ ਸਨਮਾਨਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਸਵਾਲ ਚੁੱਕਿਆ ਕਿ ਐਨੀ ਭਿਆਨਕ ਗਰਮੀ ਵਿੱਚ ਨੌਜਵਾਨ ਟਾਵਰਾਂ 'ਤੇ ਚੜ੍ਹੇ ਹੋਏ ਹਨ, ਪਰ ਹਾਲੇ ਤੱਕ ਸਰਕਾਰ ਜਾਂ ਪ੍ਰਸ਼ਾਸਨ ਦਾ ਕੋਈ ਵੀ ਨੁਮਾਇੰਦਾ ਇਨ੍ਹਾਂ ਦੀ ਸਾਰ ਲੈਣ ਨਹੀਂ ਪਹੁੰਚਿਆ। ਜੈ ਇੰਦਰ ਕੌਰ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਸ ਸੰਘਰਸ਼ ਦੌਰਾਨ ਕਿਸੇ ਵੀ ਨੌਜਵਾਨ ਦਾ ਕੋਈ ਜਾਨੀ-ਮਾਲੀ ਨੁਕਸਾਨ ਹੁੰਦਾ ਹੈ, ਤਾਂ ਇਸ ਦੀ ਸਿੱਧੀ ਜ਼ਿੰਮੇਵਾਰ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਅਤੇ ਬਿਜਲੀ ਬੋਰਡ ਦਾ ਮੈਨੇਜਮੈਂਟ ਹੋਵੇਗਾ। ਨੌਜਵਾਨਾਂ ਨੂੰ ਭਰੋਸਾ ਦਵਾਉਂਦਿਆਂ ਭਾਜਪਾ ਆਗੂ ਨੇ ਕਿਹਾ ਕਿ ਉਨ੍ਹਾਂ ਨੇ ਇਸ ਗੰਭੀਰ ਮੁੱਦੇ 'ਤੇ ਭਾਰਤੀ ਜਨਤਾ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਨਾਲ ਗੱਲਬਾਤ ਕੀਤੀ ਹੈ। ਪਾਰਟੀ ਹਾਈਕਮਾਂਡ ਨੇ ਵਿਸ਼ਵਾਸ ਦਿਵਾਇਆ ਹੈ ਕਿ ਸਾਲ 2027 ਵਿੱਚ ਪੰਜਾਬ ਅੰਦਰ ਭਾਜਪਾ ਦੀ ਸਰਕਾਰ ਬਣਨ 'ਤੇ ਇਹਨਾਂ ਸਾਰੇ ਨੌਜਵਾਨਾਂ ਨੂੰ ਮੁਕੰਮਲ ਤੌਰ 'ਤੇ ਪੱਕਾ ਕੀਤਾ ਜਾਵੇਗਾ।

# ਮਹਿੰਦਰਾ ਕਾਲਜ ਦੀ ਐਨਸੀਸੀ ਏਅਰ ਤੇ ਨੇਵਲ ਵਿੰਗ ਵੱਲੋਂ ਫਿਟ ਇੰਡੀਆ ਸਾਈਕਲ ਰੈਲੀ



**ਪਟਿਆਲਾ, 10 ਜੂਨ**
**-ਪ੍ਰੈਸ ਕੀ ਤਾਕਤ ਬਿਊਰੋ-**

ਸਰਕਾਰੀ ਮਹਿੰਦਰਾ ਕਾਲਜ ਦੀ ਐਨਸੀਸੀ ਏਅਰ ਵਿੰਗ ਅਤੇ ਐਨਸੀਸੀ ਨੇਵਲ ਵਿੰਗ ਵੱਲੋਂ ਨੌਜਵਾਨਾਂ ਵਿੱਚ ਸਰੀਰਕ ਤੰਦਰੁਸਤੀ, ਸਿਹਤਮੰਦ ਜੀਵਨ ਸ਼ੈਲੀ ਅਤੇ ਵਾਤਾਵਰਣ ਪ੍ਰਤੀ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਫਿਟ ਇੰਡੀਆ ਸਾਈਕਲ ਰੈਲੀ ਕੱਢੀ ਗਈ।

ਰੈਲੀ ਨੂੰ ਮਹਿੰਦਰਾ ਕਾਲਜ ਦੀ ਪ੍ਰਿੰਸੀਪਲ ਡਾ. ਨਿਸ਼ਠਾ ਤ੍ਰਿਪਾਠੀ ਨੇ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਸਿਹਤਮੰਦ ਅਤੇ ਸਰਗਰਮ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨ ਵਿੱਚ ਐਨਸੀਸੀ ਇਕਾਈਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਰੋਜ਼ਾਨਾ ਜੀਵਨ ਵਿੱਚ ਤੰਦਰੁਸਤੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਕੈਡਿਟਾਂ ਨੂੰ ਫਿਟ ਇੰਡੀਆ ਲਹਿਰ ਦੇ ਦੂਤ ਬਣਨ ਲਈ ਪ੍ਰੇਰਿਤ ਕੀਤਾ।

ਇਹ ਰੈਲੀ ਸੀਟੀਓ ਰਣਦੀਪ ਸਿੰਘ ਸ਼ੇਰਗਿੱਲ, ਐਨਸੀਸੀ ਏਅਰ ਵਿੰਗ, ਸੀਟੀਓ ਪ੍ਰਦੀਪ ਸਿੰਘ, ਐਨਸੀਸੀ ਨੇਵਲ ਵਿੰਗ, ਅਤੇ ਸੀਟੀਓ ਡਾ. ਦਵਿੰਦਰ ਕੌਰ, ਐਨਸੀਸੀ ਨੇਵਲ ਵਿੰਗ ਦੀ ਅਗਵਾਈ ਹੇਠ ਕਰਵਾਈ ਗਈ।

ਵੱਡੀ ਗਿਣਤੀ ਵਿੱਚ ਐਨਸੀਸੀ ਕੈਡਿਟਾਂ ਨੇ ਪੂਰੇ ਉਤਸ਼ਾਹ ਨਾਲ ਰੈਲੀ ਵਿੱਚ ਭਾਗ ਲਿਆ ਅਤੇ ਨਿਰਧਾਰਿਤ ਮਾਰਗਾਂ 'ਤੇ ਸਾਈਕਲ ਚਲਾ ਕੇ ਸਿਹਤ, ਤੰਦਰੁਸਤੀ ਅਤੇ ਰਾਸ਼ਟਰੀ ਭਲਾਈ ਦਾ ਸੰਦੇਸ਼ ਲੋਕਾਂ ਤੱਕ ਪਹੁੰਚਾਇਆ।

ਰੈਲੀ ਦੀ ਸਮਾਪਤੀ ਸਮੇਂ ਕੈਡਿਟਾਂ ਨੇ ਸਰੀਰਕ ਤੌਰ 'ਤੇ ਤੰਦਰੁਸਤ ਰਹਿਣ ਅਤੇ ਹੋਰਨਾਂ ਨੂੰ ਵੀ ਸਿਹਤਮੰਦ ਜੀਵਨ ਅਪਣਾਉਣ ਲਈ ਪ੍ਰੇਰਿਤ ਕਰਨ ਦੀ ਸਹੁੰ ਚੁੱਕੀ।

# ਭਾਜਪਾ ਪੰਜਾਬ ਦੇ ਨਵੇਂ ਪ੍ਰਧਾਨ ਕੇਵਲ ਸਿੰਘ ਢਿੱਲੋਂ ਦਾ ਲੁਧਿਆਣਾ ਵਿੱਚ ਭਰਵਾਂ ਸਵਾਗਤ



**ਲੁਧਿਆਣਾ, 10 ਜੂਨ**
**ਲਛਮਣ ਜੀਤ ਸਿੰਘ ਪੁਰਬਾ**

ਭਾਰਤੀ ਜਨਤਾ ਪਾਰਟੀ ਪੰਜਾਬ ਦੇ ਨਵ-ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਦਾ ਪਹਿਲੀ ਵਾਰ ਲੁਧਿਆਣਾ ਪਹੁੰਚਣ 'ਤੇ ਭਾਜਪਾ ਆਗੂਆਂ ਅਤੇ ਵਰਕਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੀ ਅਗਵਾਈ ਹੇਠ ਹੋਏ ਸਮਾਗਮ ਦੌਰਾਨ ਵਰਕਰਾਂ ਨੇ ਫੁੱਲ ਮਾਲਾਵਾਂ ਪਾ ਕੇ ਅਤੇ ਨਾਅਰੇ ਲਗਾ ਕੇ ਉਨ੍ਹਾਂ ਦਾ ਸਨਮਾਨ ਕੀਤਾ।

ਇਸ ਮੌਕੇ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਭਾਜਪਾ ਪੰਜਾਬ ਵਿੱਚ ਸੰਗਠਨ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦਾ ਹਰ ਵਰਕਰ ਭਾਜਪਾ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਸਾਰਿਆਂ ਨੂੰ ਨਾਲ ਲੈ ਕੇ ਪੰਜਾਬ ਦੇ ਵਿਕਾਸ ਅਤੇ ਲੋਕ ਸੇਵਾ ਲਈ ਕੰਮ ਕੀਤਾ ਜਾਵੇਗਾ।

# ਬੇਰੁਜ਼ਗਾਰ ਨੌਜਵਾਨਾਂ ਦੀਆਂ ਹੱਕੀ ਮੰਗਾਂ 'ਤੇ ਲਾਠੀਚਾਰਜ ਨਿੰਦਣਯੋਗ : ਹਰਵਿੰਦਰ ਸਿੰਘ ਭੱਟੀ

**ਲੁਧਿਆਣਾ, 10 ਜੂਨ**
**ਲਛਮਣ ਜੀਤ ਸਿੰਘ ਪੁਰਬਾ**

ਟੈਕਨੀਕਲ ਸਰਵਿਸਿਜ਼ ਯੂਨੀਅਨ ਯੂਨਿਟ ਉਪ ਮੰਡਲ ਸ਼੍ਰੀ ਮਾਛੀਵਾੜਾ ਸਾਹਿਬ ਵੱਲੋਂ ਬੇਰੁਜ਼ਗਾਰ ਨੌਜਵਾਨਾਂ ਅਤੇ ਐਪਰੈਂਟਿਸ ਲਾਈਨਮੈਨਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਦੀ ਕਾਰਵਾਈ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਹੈ।

ਯੂਨੀਅਨ ਦੇ ਪ੍ਰਧਾਨ ਹਰਵਿੰਦਰ ਸਿੰਘ ਭੱਟੀ ਨੇ ਪ੍ਰੈਸ ਨੂੰ ਜਾਰੀ ਬਿਆਨ ਵਿੱਚ ਕਿਹਾ ਕਿ ਜਿਹੜੀ ਸਰਕਾਰ ਸੱਤਾ ਵਿੱਚ ਆਉਣ ਤੋਂ ਪਹਿਲਾਂ ਪਿਛਲੀਆਂ ਸਰਕਾਰਾਂ ਦੀਆਂ ਨੀਤੀਆਂ 'ਤੇ ਤਿੱਖੇ ਸਵਾਲ ਉਠਾਉਂਦੀ ਸੀ, ਉਹੀ ਸਰਕਾਰ ਅੱਜ ਆਪਣੇ ਚੋਣ ਵਾਅਦਿਆਂ ਨੂੰ ਭੁਲਾ ਕੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਆਪਣੀਆਂ ਹੱਕੀ ਮੰਗਾਂ ਲਈ ਆਵਾਜ਼ ਉਠਾਉਣ ਵਾਲਿਆਂ 'ਤੇ ਲਾਠੀਚਾਰਜ ਕਰਵਾ ਰਹੀ ਹੈ।ਉਨ੍ਹਾਂ ਕਿਹਾ ਕਿ ਸ਼ਾਂਤਮਈ ਢੰਗ ਨਾਲ ਰੋਸ ਪ੍ਰਦਰਸ਼ਨ ਕਰ ਰਹੇ ਨੌਜਵਾਨਾਂ 'ਤੇ ਬਲ ਪ੍ਰਯੋਗ ਕਰਨਾ ਲੋਕਤੰਤਰਿਕ ਕਦਰਾਂ-ਕੀਮਤਾਂ ਦੇ ਖ਼ਿਲਾਫ਼ ਹੈ।

# ਮੁੱਖ ਮੰਤਰੀ ਨੇ ਰੋਹਤਕ ਵਿੱਚ ਹੋਏ ਹਾਦਸੇ 'ਤੇ ਜਤਾਇਆ ਦੁੱਖ

**ਚੰਡੀਗੜ੍ਹ, 10 ਜੂਨ**
**-ਪੱਤਰ ਪ੍ਰੇਰਕ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਰੋਹਤਕ ਵਿੱਚ ਹੋਏ ਹਾਦਸੇ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਹੈ ਅਤੇ ਇਸ ਹਾਦਸੇ ਵਿੱਚ ਪ੍ਰਭਾਵਿਤ ਪਰਿਵਾਰਾਂ ਪ੍ਰਤੀ ਆਪਣੀ ਡੂੰਘੀ ਹਮਦਰਦੀ ਪ੍ਰਗਟ ਕੀਤੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਰੋਹਤਕ ਵਿੱਚ ਹੋਏ ਹਾਦਸੇ ਵਿੱਚ ਜਿਨ੍ਹਾਂ ਪਰਿਵਾਰਾਂ ਨੇ ਆਪਣੇ ਕਿਸੇ ਨਜ਼ਦੀਕੀ ਨੂੰ ਖੋਹਿਆ ਹੈ, ਅਜਿਹੇ ਪਰਿਵਾਰਾਂ ਨੂੰ 10 ਲੱਖ ਰੁਪਏ ਦੀ ਸਹਾਇਤਾ ਰਕਮ ਅਤੇ ਇਸ ਹਾਦਸੇ ਵਿੱਚ ਜੋ ਜ਼ਖਮੀ ਹਨ, ਉਨ੍ਹਾਂ ਨੂੰ 2 ਲੱਖ ਰੁਪਏ ਦੀ ਸਹਾਇਤਾ ਸਰਕਾਰ ਵੱਲੋਂ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਹਾਦਸੇ ਵਿੱਚ ਜ਼ਖਮੀ ਹੋਏ ਲੋਕਾਂ ਦਾ ਸਰਕਾਰੀ ਹਸਪਤਾਲ ਵਿੱਚ ਮੁਫ਼ਤ ਇਲਾਜ ਵੀ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਇਸ ਹਾਦਸੇ ਦੀ ਮੁਕੰਮਲ ਜਾਂਚ ਜ਼ਿਲ੍ਹਾ ਡਿਪਟੀ ਕਮਿਸ਼ਨਰ ਕਰਨਗੇ ਅਤੇ ਜੋ ਵੀ ਜਾਨ-ਮਾਲ ਦਾ ਨੁਕਸਾਨ ਹੋਇਆ ਹੈ, ਉਸ ਦਾ ਮੁਲਾਂਕਣ ਕਰਕੇ ਉਸ ਦੀ ਭਰਪਾਈ ਲਈ ਉਚਿਤ ਕਾਰਵਾਈ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਹਾਦਸੇ ਤੋਂ ਪ੍ਰਭਾਵਿਤ ਪਰਿਵਾਰਾਂ ਦੇ ਨਾਲ ਖੜ੍ਹੀ ਹੈ।

# ਪਟਿਆਲਾ 'ਚ ਤੰਬਾਕੂ ਨਿਯੰਤਰਣ ਮੁਹਿੰਮ ਤਹਿਤ ਵਿਸ਼ੇਸ਼ ਚੈਕਿੰਗ ਜਾਰੀ : ਡਾ ਇੰਦਰਪ੍ਰੀਤ ਰੰਧਾਵਾ



**ਪਟਿਆਲਾ, 10 ਜੂਨ**
**-ਅਮਨਦੀਪ ਸੱਭਰਵਾਲ-**

ਸਿਵਲ ਸਰਜਨ ਦਫ਼ਤਰ, ਪਟਿਆਲਾ ਵੱਲੋਂ ਨੈਸ਼ਨਲ ਟੋਬੈਕੋ ਕੰਟਰੋਲ ਪ੍ਰੋਗਰਾਮ ਅਤੇ ਨੈਸ਼ਨਲ ਬਲਾਈਂਡਨੈੱਸ ਕੰਟਰੋਲ ਪ੍ਰੋਗਰਾਮ ਤਹਿਤ ਵਿਸ਼ੇਸ਼ ਚੈਕਿੰਗ ਅਤੇ ਜਾਗਰੂਕਤਾ ਮੁਹਿੰਮ ਚਲਾਈ ਗਈ। ਇਹ ਮੁਹਿੰਮ ਜ਼ਿਲ੍ਹਾ ਪ੍ਰੋਗਰਾਮ ਅਫਸਰ ਡਾ. ਇੰਦਰਪ੍ਰੀਤ ਰੰਧਾਵਾ, ਪਰਮਜੀਤ ਅਤੇ ਖੁਸ਼ਵੀਰ ਦੀ ਅਗਵਾਈ ਹੇਠ ਚਲਾਈ ਗਈ।

ਇਸ ਦੌਰਾਨ ਟੀਮ ਵੱਲੋਂ ਭਾਦਸੋਂ ਰੋਡ, ਨਾਭਾ ਰੋਡ ਅਤੇ ਫੈਕਟਰੀ ਏਰੀਆ, ਪਟਿਆਲਾ 'ਚ ਵਿਸ਼ੇਸ਼ ਜਾਂਚ ਕੀਤੀ ਗਈ।

ਜਾਂਚ ਦੌਰਾਨ ਤੰਬਾਕੂ ਨਿਯੰਤਰਣ ਕਾਨੂੰਨ ਦੀ ਉਲੰਘਣਾ ਕਰਦੇ ਹੋਏ ਕੁੱਲ 8 ਚਲਾਨ ਜਾਰੀ ਕੀਤੇ ਗਏ। ਇਸ ਕਾਰਵਾਈ ਰਾਹੀਂ ਕੁੱਲ 1100 ਰੁਪਏ ਦਾ ਜੁਰਮਾਨਾ ਵਸੂਲ ਕੀਤਾ ਗਿਆ। ਵਿਭਾਗ ਵੱਲੋਂ ਸਪਸ਼ਟ ਕੀਤਾ ਗਿਆ ਕਿ ਤੰਬਾਕੂ ਉਤਪਾਦਾਂ ਦੀ ਵਿਕਰੀ ਅਤੇ ਵਰਤੋਂ ਸਬੰਧੀ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਸਖ਼ਤ ਕਾਰਵਾਈ ਜਾਰੀ ਰਹੇਗੀ।

ਇਸ ਤੋਂ ਇਲਾਵਾ ਨੈਸ਼ਨਲ ਬਲਾਈਂਡਨੈੱਸ ਕੰਟਰੋਲ ਪ੍ਰੋਗਰਾਮ ਅਧੀਨ ਮੋਤੀਆ ਬਿੰਦ ਜਾਂਚ ਕੈਂਪ ਲਗਾਏ ਅਤੇ ਬਜ਼ੁਰਗਾਂ ਦੀ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਉਹਨਾਂ ਨੂੰ ਦਵਾਈਆਂ ਅਤੇ ਚਸ਼ਮੇ ਵੀ ਵੰਡੇ ਗਏ।

ਇਹ ਕੈਂਪ ਪਿੰਡ ਲੌਟ, ਭਾਦਸੋਂ ਬਲਾਕ, ਪਟਿਆਲਾ ਵਿੱਚ ਲਗਾਏ ਗਏ ਸਨ। ਟੀਮ ਨੇ ਕੈਂਪਾਂ ਦੀ ਕਾਰਗੁਜ਼ਾਰੀ, ਮਰੀਜ਼ਾਂ ਦੀ ਜਾਂਚ, ਦਵਾਈਆਂ ਦੀ ਉਪਲਬਧਤਾ ਅਤੇ ਅੱਖਾਂ ਦੇ ਇਲਾਜ ਸਬੰਧੀ ਸੇਵਾਵਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ। ਮਰੀਜ਼ਾਂ ਨੂੰ ਉਚਿਤ ਸਲਾਹ, ਦਵਾਈਆਂ ਅਤੇ ਅਗਲੇ ਇਲਾਜ ਲਈ ਰੈਫਰਲ ਸੇਵਾਵਾਂ ਵੀ ਪ੍ਰਦਾਨ ਕੀਤੀਆਂ ਗਈਆਂ।

ਸਿਹਤ ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਤੰਬਾਕੂ ਵਰਗੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਅੱਖਾਂ ਦੀ ਸਿਹਤ ਲਈ ਸਮੇਂ-ਸਮੇਂ 'ਤੇ ਜਾਂਚ ਕਰਵਾਉਣ।

# ਸੰਯੁਕਤ ਕਮਿਸ਼ਨਰ ਮਨਰੀਤ ਰਾਣਾ ਵੱਲੋਂ ਲੋਕ ਮਿਲਣੀ ਸਬੰਧੀ ਪ੍ਰਬੰਧਾਂ ਦਾ ਜਾਇਜ਼ਾ



**ਪਟਿਆਲਾ, 10 ਜੂਨ**
**-ਅਮਨਦੀਪ ਸੱਭਰਵਾਲ-**

ਸੰਯੁਕਤ ਕਮਿਸ਼ਨਰ ਨਗਰ ਨਿਗਮ ਪਟਿਆਲਾ ਸ੍ਰੀਮਤੀ ਮਨਰੀਤ ਰਾਣਾ ਦੀ ਅਗਵਾਈ ਹੇਠ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਕ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਵਿੱਚ ਡੀ ਸੀ ਵੱਲੋਂ ਕੀਤੀ ਜਾਣ ਵਾਲੀ ਲੋਕ ਮਿਲਣੀ ਸਬੰਧੀ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ। ਮੀਟਿੰਗ ਵਿੱਚ ਨਗਰ ਨਿਗਮ ਦੇ ਵੱਖ-ਵੱਖ ਸ਼ਾਖਾਵਾਂ ਦੇ ਅਧਿਕਾਰੀਆਂ ਨੇ ਭਾਗ ਲਿਆ।

ਮੀਟਿੰਗ ਦੌਰਾਨ ਸੰਯੁਕਤ ਕਮਿਸ਼ਨਰ ਮਨਰੀਤ ਰਾਣਾ ਨੇ ਹਦਾਇਤ ਕੀਤੀ ਕਿ ਲੋਕ ਮਿਲਣੀ ਦੌਰਾਨ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਅਤੇ ਮੰਗਾਂ ਦੇ ਨਿਪਟਾਰੇ ਲਈ ਸਬੰਧਤ ਵਿਭਾਗ ਪਹਿਲਾਂ ਤੋਂ ਹੀ ਪੂਰੀ ਤਿਆਰੀ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਸਾਰੇ ਅਧਿਕਾਰੀ ਆਪਣੇ-ਆਪਣੇ ਵਿਭਾਗ ਨਾਲ ਸਬੰਧਤ ਮਾਮਲਿਆਂ ਦੀ ਤਾਜ਼ਾ ਸਥਿਤੀ ਅਤੇ ਲੋੜੀਂਦੀ ਜਾਣਕਾਰੀ ਨਾਲ ਮੀਟਿੰਗ ਵਿੱਚ ਹਾਜ਼ਰ ਹੋਣ।

ਮਨਰੀਤ ਰਾਣਾ ਨੇ ਸਫ਼ਾਈ, ਸੀਵਰੇਜ, ਪੀਣ ਵਾਲੇ ਪਾਣੀ ਦੀ ਸਪਲਾਈ, ਸਟਰੀਟ ਲਾਈਟਾਂ, ਪਾਰਕਾਂ ਦੀ ਸੰਭਾਲ ਅਤੇ ਹੋਰ ਨਾਗਰਿਕ ਸਹੂਲਤਾਂ ਨਾਲ ਸਬੰਧਤ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਲਈ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਕਿਹਾ ਕਿ ਨਾਗਰਿਕਾਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨਾ ਨਗਰ ਨਿਗਮ ਦੀ ਮੁੱਖ ਜ਼ਿੰਮੇਵਾਰੀ ਹੈ ਅਤੇ ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਸੰਯੁਕਤ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਨਿਰਧਾਰਿਤ ਸਮੇਂ ਅੰਦਰ ਹੱਲ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਲੋਕ ਮਿਲਣੀ ਦੌਰਾਨ ਉਠਾਏ ਜਾਣ ਵਾਲੇ ਮੁੱਦਿਆਂ ਸਬੰਧੀ ਲੋੜੀਂਦੇ ਰਿਕਾਰਡ ਅਤੇ ਰਿਪੋਰਟਾਂ ਪਹਿਲਾਂ ਹੀ ਤਿਆਰ ਰੱਖੀਆਂ ਜਾਣ ਤਾਂ ਜੋ ਮੌਕੇ 'ਤੇ ਹੀ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾ ਸਕੇ।

ਮੀਟਿੰਗ ਵਿੱਚ ਨਗਰ ਨਿਗਮ ਦੇ ਵੱਖ-ਵੱਖ ਸ਼ਾਖਾਵਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

# ਪੰਜਾਬ ਸਰਕਾਰ ਨੇ ਨੌਜਵਾਨਾਂ ਨੂੰ ਸਿਰਫ਼ ਯੋਗਤਾ ਦੇ ਆਧਾਰ 'ਤੇ 67000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ: ਕੁਲਤਾਰ ਸਿੰਘ ਸੰਧਵਾਂ

**ਚੰਡੀਗੜ੍ਹ, 10 ਜੂਨ**
**-ਪੱਤਰ ਪ੍ਰੇਰਕ-**

ਪੰਜਾਬ ਵਿਧਾਨ ਸਭਾ ਸਪੀਕਰ ਸਰਦਾਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਨੇ ਸਿਰਫ਼ ਯੋਗਤਾ ਦੇ ਆਧਾਰ 'ਤੇ ਪੰਜਾਬ ਦੇ ਨੌਜਵਾਨਾਂ ਨੂੰ 67000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਇਸ ਵਿਸ਼ਾਲ ਭਰਤੀ ਮੁਹਿੰਮ ਨੇ ਨੌਜਵਾਨਾਂ ਨੂੰ ਉਨ੍ਹਾਂ ਦੇ ਆਪਣੇ ਸੂਬੇ ਵਿੱਚ ਹੀ ਰੁਜ਼ਗਾਰ ਦੇ ਨਵੇਂ ਮੌਕੇ ਉਪਲਬਧ ਕਰਵਾ ਕੇ ਵਿਦੇਸ਼ ਜਾਣ ਦੇ ਰੁਝਾਨ ਨੂੰ ਸਫਲਤਾਪੂਰਵਕ ਰੋਕਿਆ ਹੈ।

ਸਪੀਕਰ ਸੰਧਵਾਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਸੂਬੇ ਵਿੱਚ ਪੂਰੀ ਭਰਤੀ ਪ੍ਰਕਿਰਿਆ ਵਿੱਚ ਇੱਕ ਵੱਡਾ ਬਦਲਾਅ ਆਇਆ ਹੈ। "ਸਰਕਾਰੀ ਨੌਕਰੀ ਪ੍ਰਾਪਤ ਕਰਨ ਵਿੱਚ ਰਿਸ਼ਵਤਖੋਰੀ, ਭਾਈ-ਭਤੀਜਾਵਾਦ ਅਤੇ ਰਾਜਨੀਤਿਕ ਸਿਫ਼ਾਰਿਸ਼ਾਂ ਦੇ ਦਿਨ ਪੂਰੀ ਤਰ੍ਹਾਂ ਖਤਮ ਹੋ ਗਏ ਹਨ,।" ਉਨ੍ਹਾਂ ਅੱਗੇ ਕਿਹਾ ਕਿ ਮੌਜੂਦਾ ਪ੍ਰਸ਼ਾਸਨ ਵੱਲੋਂ ਪੂਰੇ ਨਿਰਪੱਖ, ਪਾਰਦਰਸ਼ੀ ਅਤੇ ਸਿਫਾਰਸ਼-ਮੁਕਤ ਢੰਗ ਰਾਹੀਂ ਸਿਰਫ਼ ਯੋਗ ਉਮੀਦਵਾਰਾਂ ਦੀ ਹੀ ਚੋਣ ਕੀਤੀ ਜਾ ਰਹੀ ਹੈ।

ਸਰਕਾਰ ਦੇ ਮੁੱਖ ਦ੍ਰਿਸ਼ਟੀਕੋਣ ਦਾ ਹਵਾਲਾ ਦਿੰਦਿਆਂ ਸਪੀਕਰ ਸੰਧਵਾਂ ਨੇ ਕਿਹਾ ਕਿ ਅਹੁਦਾ ਸੰਭਾਲਣ ਤੋਂ ਬਾਅਦ ਸਾਡਾ ਮੁੱਖ ਉਦੇਸ਼ ਬੇਰੁਜ਼ਗਾਰ ਨੌਜਵਾਨਾਂ ਨੂੰ ਸਸ਼ਕਤ ਬਣਾਉਣਾ ਰਿਹਾ ਤਾਂ ਜੋ ਉਹ ਆਪਣੇ ਸੁਪਨਿਆਂ ਨੂੰ ਸਾਕਾਰ ਕਰਕੇ ਖੁਸ਼ਹਾਲ ਤੇ ਸੁਰੱਖਿਅਤ ਭਵਿੱਖ ਵੱਲ ਵਧ ਸਕਣ।

ਸਪੀਕਰ ਨੇ ਵਿਦਿਆਰਥੀ ਨੂੰ ਪੂਰੀ ਲਗਨ, ਸਖ਼ਤ ਮਿਹਨਤ ਅਤੇ ਤਨਦੇਹੀ ਨਾਲ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਮਾਨਦਾਰ ਯਤਨਾਂ ਸਦਕਾ ਕੋਈ ਵੀ ਸੁਪਨਾ ਪੂਰਾ ਕਰਨਾ ਅਸੰਭਵ ਨਹੀਂ ਹੈ।

ਨਵ-ਨਿਯੁਕਤ ਉਮੀਦਵਾਰਾਂ ਨੂੰ ਵਧਾਈ ਦਿੰਦਿਆਂ ਸਪੀਕਰ ਸੰਧਵਾਂ ਨੇ ਉਨ੍ਹਾਂ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਆਪਣੀ ਡਿਊਟੀ ਨਿਭਾਉਣ ਦੀ ਅਪੀਲ ਕੀਤੀ। ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਉਨ੍ਹਾਂ ਉਮੀਦਵਾਰਾਂ ਦੀ ਚੋਣ ਕਰਨ ਲਈ ਦ੍ਰਿੜਤਾ ਨਾਲ ਵਚਨਬੱਧ ਹੈ ਜੋ ਸਰਕਾਰੀ ਨੌਕਰੀਆਂ ਹਾਸਲ ਕਰਨ ਲਈ ਰਾਤਾਂ ਨੂੰ ਜਾਗ-ਜਾਗ ਕੇ ਮਿਹਨਤ ਕਰਦੇ ਹਨ।

# ਕਲਾਸ ਫ਼ੋਰ ਦੀ ਕਮੇਟੀਆਂ ਦੀ ਮੀਟਿੰਗ ਯੂਨੀਅਨ ਦੇ ਜ਼ਿਲ੍ਹਾ ਦਫ਼ਤਰ ਰਾਜਪੁਰਾ ਕਾਲੋਨੀ ਵਿਖੇ ਆਯੋਜਿਤ



**ਪਟਿਆਲਾ, 10 ਜੂਨ**
**ਛਤਰਪਾਲ ਸਿੰਘ**

ਦੀ ਕਲਾਸ ਫ਼ੋਰਥ ਗੌਰਮਿੰਟ ਇੰਪਲਾਈਜ ਯੂਨੀਅਨ ਪੰਜਾਬ(1680) ਜ਼ਿਲ੍ਹਾ ਕਲਾਸ ਫ਼ੋਰ ਦੀ ਕਮੇਟੀਆਂ ਦੀ ਮੀਟਿੰਗ ਯੂਨੀਅਨ ਦੇ ਜ਼ਿਲ੍ਹਾ ਦਫ਼ਤਰ ਰਾਜਪੁਰਾ ਕਾਲੋਨੀ ਪਟਿਆਲਾ ਵਿਖੇ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਸਾਥੀ ਸ੍ਰੀ ਰਾਮ ਲਾਲ ਰਾਮਾ ਪ੍ਰਧਾਨ ਸ਼ਹਿਰੀ ਨੇ ਕੀਤੀ। ਇਸ ਮੀਟਿੰਗ ਵਿੱਚ ਮਰਹੂਮ ਕਾਮਰੇਡ ਸ੍ਰ ਸ੍ਰੀ ਸੱਜਣ ਸਿੰਘ ਜੀ ਦੀ ਛੇਵੀਂ ਬਰਸੀ ਮਿਤੀ 20-06-2026 (ਦਿਨ ਸ਼ਨੀਵਾਰ ਵਾਰ) ਨੂੰ ਸਵੇਰੇ 09.00 ਵਜੇ ਯੂਨੀਅਨ ਦਫ਼ਤਰ ਰਾਜਪੁਰਾ ਕਾਲੋਨੀ ਪਟਿਆਲਾ ਵਿਖੇ ਮਨਾਉਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਸੂਬਾ ਕਮੇਟੀ PSSF 1680 ਵੱਲੋਂ ਸਿਹਤ ਵਿਭਾਗ ਵਿਚਲੇ ਕੱਚੇ ਕਰਮਚਾਰੀਆਂ ਦੀਆਂ ਮੰਗਾਂ ਨੂੰ ਕੰਟਰੈਕਟ, ਆਊਟਸੋਰਸ, ਡੇਲੀਵੇਜਜ, ਵਰਕ ਚਾਰਜ, ਅਤੇ ਪਾਰਟ ਟਾਈਮ ਕਾਮੀਆਂ ਨੂੰ ਰੈਗੂਲਰ ਕਰਾਉਣ ਅਤੇ ਬਰਾਬਰ ਕੰਮ- ਬਰਾਬਰ ਤਨਖਾਹ ਇਸ ਤਰ੍ਹਾਂ ਘੱਟੋ ਘੱਟ ਉਜਰਤਾਂ ਵਿਚ ਵਾਧਾ ਕਰਨ, ਪੁਰਾਣੀ ਪੈਨਸ਼ਨ ਬਹਾਲੀ ਅਤੇ ਆਦਿ ਇਸ਼ੂਆ ਨੂੰ ਲੈਕੇ ਮਿਤੀ 26-06-2026 ਨੂੰ ਸਿਹਤ ਮੰਤਰੀ ਦੇ ਵਿਧਾਨ ਸਭਾ ਹਲਕਾ ਪਟਿਆਲਾ-2 ਵਿਖੇ ਰੈਲੀ ਕਰਨ ਅਤੇ ਰੋਸ ਮਾਰਚ ਕਰਨ ਦਾ ਫੈਸਲਾ ਕੀਤਾ ਗਿਆ ਅਤੇ ਸਤ ਮੈਂਬਰੀ ਤਿਆਰੀ ਕਮੇਟੀ ਦਾ ਗਠਨ ਵੀ ਕੀਤਾ ਗਿਆ ਅਤੇ ਧਰਨੇ ਤੇ ਰੈਲੀ ਦੀਆਂ ਤਿਆਰੀਆਂ ਤੁਰੰਤ ਕੀਤੀਆਂ ਜਾਣ ਜੀ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ ਸਾਥੀ ਸ੍ਰੀ ਦਰਸ਼ਨ ਸਿੰਘ ਲੁਬਾਣਾ, ਸ਼ਿਵਚਰਨ ਲਖਵੀਰ ਸਿੰਘ ਅਮਰੀਕ ਸਿੰਘ ਇੰਦਰ ਪਾਲ ਵਾਲੀਆ ਰਾਜੇਸ਼ ਕੁਮਾਰ ਦਯਾ ਸ਼ੰਕਰ ਤਰਲੋਕ ਰਾਮ ਸੁਨੀਲ ਦੱਤ ਧਰਮਿੰਦਰ ਸਿੰਘ ਅਜੈ ਕੁਮਾਰ ਹੈਪੀ ਰਾਮ ਜੋਧਾ ਬੁਧ ਰਾਮ ਰਾਕੇਸ਼ ਕੁਮਾਰ ਹਰਦੀਪ ਸਿੰਘ ਆਦਿ ਹਾਜ਼ਰ ਸਨ।ਜਾਰੀ ਕਰਤਾ ਸਾਥੀ ਸ੍ਰੀ ਰਾਮ ਲਾਲ ਰਾਮਾ, ਪ੍ਰਧਾਨ ਸ਼ਹਿਰੀ ਮੋਬਾਈਲ ਨੰ 9888700357 ਸ੍ਰੀ ਸਤਿਆ ਨਾਰਾਇਣ ਗੋਨੀ , ਜ਼ਿਲ੍ਹਾ ਸਕੱਤਰ ਅਤੇ ਦਫ਼ਤਰ ਸਕੱਤਰ ਰਾਜਪੁਰਾ ਕਾਲੋਨੀ ਪਟਿਆਲਾ।

# ਭਾਜਪਾ ਦੀ ਸਿੱਖ ਮਾਮਲਿਆਂ ਵਿੱਚ ਵੱਧ ਰਹੀ ਦਖ਼ਲਅੰਦਾਜ਼ੀ 'ਤੇ ਵਿਚਾਰ-ਚਰਚਾ ਲਈ 11 ਨੂੰ ਜਲੰਧਰ ਵਿਖੇ ਵਿਸ਼ੇਸ਼ ਪੰਥਕ ਮੀਟਿੰਗ- ਇਮਾਨ ਸਿੰਘ ਮਾਨ

**ਅੰਮ੍ਰਿਤਸਰ, 10 ਜੂਨ**
**-ਪੱਤਰ ਪ੍ਰੇਰਕ-**

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਕਾਰਜਕਾਰੀ ਪ੍ਰਧਾਨ ਸ. ਇਮਾਨ ਸਿੰਘ ਮਾਨ ਨੇ ਸਮੂਹ ਸਿੱਖ ਜਥੇਬੰਦੀਆਂ, ਧਾਰਮਿਕ ਵਿਦਵਾਨਾਂ, ਪੰਥ ਦਰਦੀਆਂ ਅਤੇ ਜਾਗਰੂਕ ਸਿੱਖ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਹੈ ਕਿ ਆਰ.ਐਸ.ਐਸ. ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਵੱਲੋਂ ਸਿੱਖ ਪੰਥ ਦੇ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਮਸਲਿਆਂ ਵਿੱਚ ਕੀਤੀ ਜਾ ਰਹੀ ਕਥਿਤ ਦਖ਼ਲਅੰਦਾਜ਼ੀ ਸਬੰਧੀ ਵਿਚਾਰ-ਵਟਾਂਦਰੇ ਲਈ 11 ਜੂਨ ਨੂੰ ਸਵੇਰੇ 11 ਵਜੇ ਜਲੰਧਰ ਦੇ ਗੁਰੂ ਤੇਗ ਬਹਾਦਰ ਨਗਰ ਜਲੰਧਰ ਵਿਖੇ ਇੱਕ ਵਿਸ਼ੇਸ਼ ਪੰਥਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਹੈ।

ਸ. ਇਮਾਨ ਸਿੰਘ ਮਾਨ ਨੇ ਕਿਹਾ ਕਿ ਸਿੱਖ ਕੌਮ ਦੀ ਵੱਖਰੀ ਧਾਰਮਿਕ ਪਛਾਣ, ਇਤਿਹਾਸ ਅਤੇ ਸਿਧਾਂਤਾਂ ਨੂੰ ਪ੍ਰਭਾਵਿਤ ਕਰਨ ਵਾਲੇ ਕਈ ਅਜਿਹੇ ਮੁੱਦੇ ਸਾਹਮਣੇ ਆ ਰਹੇ ਹਨ, ਜਿਨ੍ਹਾਂ ਬਾਰੇ ਸਮੁੱਚੇ ਪੰਥ ਨੂੰ ਇੱਕਜੁੱਟ ਹੋ ਕੇ ਗੰਭੀਰਤਾ ਨਾਲ ਵਿਚਾਰ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਵੱਖ-ਵੱਖ ਮੰਚਾਂ ਰਾਹੀਂ ਸਿੱਖੀ ਦੇ ਸਰੂਪ, ਸਿੱਖ ਇਤਿਹਾਸ ਅਤੇ ਪੰਥਕ ਸੰਸਥਾਵਾਂ ਨਾਲ ਸਬੰਧਤ ਮਾਮਲਿਆਂ ਵਿੱਚ ਬਾਹਰੀ ਦਖ਼ਲ ਦੀਆਂ ਚਰਚਾਵਾਂ ਵਧੀਆਂ ਹਨ, ਜਿਸ ਕਾਰਨ ਸੰਗਤਾਂ ਵਿੱਚ ਚਿੰਤਾ ਪਾਈ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਇਸ ਮਾਮਲੇ ਨੂੰ ਕਿਸੇ ਇੱਕ ਜਥੇਬੰਦੀ ਜਾਂ ਧਿਰ ਦਾ ਨਹੀਂ, ਸਗੋਂ ਸਮੁੱਚੇ ਪੰਥ ਦਾ ਸਾਂਝਾ ਵਿਸ਼ਾ ਮੰਨਦਾ ਹੈ।

ਇਸ ਲਈ ਇਸ ਮੀਟਿੰਗ ਵਿੱਚ ਹਰ ਉਸ ਵਿਅਕਤੀ, ਜਥੇਬੰਦੀ ਜਾਂ ਸੰਸਥਾ ਦਾ ਸਵਾਗਤ ਕੀਤਾ ਜਾਵੇਗਾ ਜੋ ਸਿੱਖ ਕੌਮ ਦੇ ਭਵਿੱਖ ਅਤੇ ਪੰਥਕ ਮਸਲਿਆਂ ਪ੍ਰਤੀ ਚਿੰਤਤ ਹੈ ਅਤੇ ਆਪਣੇ ਵਿਚਾਰ ਸਾਂਝੇ ਕਰਨਾ ਚਾਹੁੰਦਾ ਹੈ।

ਸ. ਮਾਨ ਨੇ ਦੱਸਿਆ ਕਿ ਇਸ ਇਕੱਤਰਤਾ ਦਾ ਮੁੱਖ ਉਦੇਸ਼ ਆਰ.ਐਸ.ਐਸ. ਅਤੇ ਭਾਜਪਾ ਦੀਆਂ ਨੀਤੀਆਂ ਅਤੇ ਗਤੀਵਿਧੀਆਂ ਬਾਰੇ ਖੁੱਲ੍ਹੀ ਅਤੇ ਉਸਾਰੂ ਚਰਚਾ ਕਰਨਾ ਹੈ, ਤਾਂ ਜੋ ਸਿੱਖ ਕੌਮ ਸਾਹਮਣੇ ਖੜ੍ਹੀਆਂ ਚੁਣੌਤੀਆਂ ਦਾ ਸਹੀ ਮੁਲਾਂਕਣ ਕੀਤਾ ਜਾ ਸਕੇ। ਇਸ ਤੋਂ ਇਲਾਵਾ, ਪੰਥਕ ਏਕਤਾ, ਸਿੱਖ ਸੰਸਥਾਵਾਂ ਦੀ ਖੁਦਮੁਖਤਿਆਰੀ ਅਤੇ ਸਿੱਖ ਪਛਾਣ ਨਾਲ ਸਬੰਧਤ ਮੁੱਦਿਆਂ 'ਤੇ ਵੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸਮੇਂ ਦੀ ਮੰਗ ਹੈ ਕਿ ਸਿੱਖ ਕੌਮ ਦੇ ਬੁੱਧੀਜੀਵੀ, ਨੌਜਵਾਨ, ਧਾਰਮਿਕ ਪ੍ਰਚਾਰਕ, ਸਮਾਜਿਕ ਆਗੂ ਅਤੇ ਵੱਖ-ਵੱਖ ਪੰਥਕ ਜਥੇਬੰਦੀਆਂ ਆਪਸੀ ਮਤਭੇਦਾਂ ਤੋਂ ਉੱਪਰ ਉੱਠ ਕੇ ਸਾਂਝੇ ਮੁੱਦਿਆਂ 'ਤੇ ਵਿਚਾਰ ਕਰਨ। ਇਸ ਤਰ੍ਹਾਂ ਦੀ ਚਰਚਾ ਨਾ ਸਿਰਫ਼ ਮੌਜੂਦਾ ਸਥਿਤੀ ਨੂੰ ਸਮਝਣ ਵਿੱਚ ਮਦਦ ਕਰੇਗੀ, ਸਗੋਂ ਭਵਿੱਖ ਲਈ ਇੱਕ ਸਾਂਝੀ ਰਣਨੀਤੀ ਤਿਆਰ ਕਰਨ ਵਿੱਚ ਵੀ ਸਹਾਇਕ ਹੋਵੇਗੀ।

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਕਾਰਜਕਾਰੀ ਪ੍ਰਧਾਨ ਸ. ਈਮਾਨ ਸਿੰਘ ਮਾਨ ਨੇ ਸਮੂਹ ਪੰਥ ਦਰਦੀਆਂ, ਸਿੱਖ ਜਥੇਬੰਦੀਆਂ, ਵਿਦਿਆਰਥੀ ਸੰਗਠਨਾਂ, ਧਾਰਮਿਕ ਆਗੂਆਂ ਅਤੇ ਸੰਗਤਾਂ ਨੂੰ ਇਸ ਵਿਸ਼ੇਸ਼ ਮੀਟਿੰਗ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।

# ਇੰਸਪੈਕਟਰ ਪ੍ਰਿੰਸਪ੍ਰੀਤ ਸਿੰਘ ਨੇ ਅਨਾਜ ਮੰਡੀ ਥਾਣੇ ਦੇ ਐਸ ਐਚ ਓ ਵਜੋਂ ਚਾਰਜ ਸੰਭਾਲਿਆ



**ਪਟਿਆਲਾ, 10 ਜੂਨ**
**-ਮਨੋਜ ਵਰਮਾ-**

ਇੰਸਪੈਕਟਰ ਪ੍ਰਿੰਸਪ੍ਰੀਤ ਸਿੰਘ ਜਿਨਾਂ ਨੇ ਅਨਾਜ ਮੰਡੀ ਪਟਿਆਲਾ ਥਾਣੇ ਵਿੱਚ ਬਤੌਰ ਇਨਚਾਰਜ ਐਸ ਐਚ ਓ ਵਜੋਂ ਜੁਆਇਨ ਕੀਤਾ ਹੈ , ਨੂੰ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਹੈਲਥ ਮਨਿਸਟਰ ਦੇ ਓਐਸਡੀ ਲਾਲ ਸਿੰਘ ਅਤੇ ਪਟਿਆਲਾ ਦਿਹਾਤੀ ਹਲਕਾ ਇੰਚਾਰਜ ਐਸ ਸੀ ਵਿੰਗ, ਲੈਕਚਰਾਰ ਪ੍ਰਦੀਪ ਸ਼ਰਮਾ, ਗੱਜਣ ਸਿੰਘ ਜਿਲ੍ਹਾ ਮੀਡੀਆ ਸਕੱਤਰ ਅਤੇ ਨਿਸ਼ਾਂਤ ਕੁਮਾਰ ਕੌਂਸਲਰ ਵਾਰਡ 21 ਵੱਲੋਂ ਉਹਨਾਂ ਨੂੰ ਗੁੱਲਦਸਤਾ ਦੇ ਕੇ ਮੂੰਹ ਮਿੱਠਾ ਕਰਾਇਆ ਅਤੇ ਨਵੀਂ ਪੋਸਟਿੰਗ ਤੇ ਵਧਾਈ ਦਿੱਤੀ। ਇਸ ਮੌਕੇ ਉਨਾਂ ਵੱਲੋਂ ਰਸਮੀ ਤੌਰ ਤੇ ਸ਼ਹਿਰ ਲਾ ਐਂਡ ਆਰਡਰ ਸਬੰਧੀ ਵਿਚਾਰ ਵਟਾਂਦਰਾ ਕੀਤਾ , ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ÷ਯੁੱਧ ਨਸ਼ਿਆਂ ਵਿਰੁੱਧ ÷ਮੁਹਿੰਮ ਨਸ਼ੇ ਦੇ ਸੁਦਾਗਰਾਂ ਤੇ ਠਲ ਪਾਉਣ ਵਾਲੀ ਮਹਿਮ ਹੈ ,ਇਸ ਨੂੰ ਅਸੀਂ ਪੂਰੀ ਸਖਤੀ ਨਾਲ ਲਾਗੂ ਕਰਾਂਗੇ ਅਤੇ ਇਲਾਕੇ ਵਿੱਚ ਨਸ਼ੇਖੋਰਾਂ ਨੂੰ ਨੱਥ ਪਾਈ ਜਾਏਗੀ, ਉਨਾਂ ਨੇ ਇਹ ਵੀ ਦੱਸਿਆ ਕਿ ਇਸ ਮਹਿਮ ਨੂੰ ਪੂਰਨ ਤੌਰ ਤੇ ਲਾਗੂ ਕਰਨ ਲਈ ਇਲਾਕਾ ਨਿਵਾਸੀਆਂ ਦੇ ਸਹਿਯੋਗ ਦੀ ਵੀ ਬਹੁਤ ਲੋੜ ਹੈ। ਉਹਨਾਂ ਅੱਗੇ ਦੱਸਿਆ ਕਿ ਜੋ ਲੋਕ ਸ਼ਰਾਬ ਜਾਂ ਕੋਈ ਨਸ਼ਾ ਕਰਕੇ ਗੱਡੀ ਚਲਾਉਂਦੇ ਹਨ, ਇਹ ਕਾਨੂੰਨ ਜੁਰਮ ਹੈ ਅਤੇ ਇਸ ਇਸ ਤਰ੍ਹਾਂ ਦੇ ਲੋਕਾਂ ਤੇ ਵੀ ਪੂਰਨ ਤੌਰ ਤੇ ਨਜ਼ਰ ਰੱਖੀ ਜਾਵੇਗਾ। ਇਸ ਮੌਕੇ ਉਹਨਾਂ ਨੇ ਪਬਲਿਕ ਨੂੰ ਅਪੀਲ ਕੀਤੀ ਕਿ ਪਬਲਿਕ ਸਥਾਨਾਂ ਤੇ ਗੱਡੀਆਂ ਚ ਬੈਠ ਕੇ ਸ਼ਰਾਬ ਪੀਣ ਤੇ ਗੁਰੇਜ ਕਰਨ ।

# ਪੰਜਾਬ ਟਰੇਡਰਜ਼ ਕਮਿਸ਼ਨ ਨਾਲ ਹਫ਼ਤਾਵਾਰੀ ਸਮੀਖਿਆ ਮੀਟਿੰਗ, ਵਪਾਰੀਆਂ ਦੀਆਂ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਦੇ ਨਿਰਦੇਸ਼

**ਮਲੇਰਕੋਟਲਾ, 10 ਜੂਨ**
**-ਪੱਤਰ ਪ੍ਰੇਰਕ-**

ਪੰਜਾਬ ਸਰਕਾਰ ਵੱਲੋਂ ਵਪਾਰੀਆਂ ਨੂੰ ਬਿਹਤਰ ਅਤੇ ਸੁਖਾਵਾਂ ਕਾਰੋਬਾਰੀ ਮਾਹੌਲ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਪੰਜਾਬ ਟਰੇਡਰਜ਼ ਕਮਿਸ਼ਨ ਨਾਲ ਸੰਬੰਧਿਤ ਹਫ਼ਤਾਵਾਰੀ ਰਿਵਿਊ ਮੀਟਿੰਗ ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ।

ਮੀਟਿੰਗ ਦੌਰਾਨ ਚੇਅਰਪਰਸਨ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਮਾਲੇਰਕੋਟਲਾ ਆਜਮ ਦਾਰਾ, ਚੇਅਰਪਰਸਨ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਇਮਤਿਆਜ਼ ਅਲੀ, ਚੇਅਰਪਰਸਨ ਵਿਧਾਨ ਸਭਾ ਹਲਕਾ ਅਮਰਗੜ੍ਹ ਅਸ਼ਵਨੀ ਕੁਮਾਰ, ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ, ਸਹਾਇਕ ਕਮਿਸ਼ਨਰ ਮਨਦੀਪ ਕੌਰ, ਐਸ.ਡੀ.ਐਮ. ਮਾਲੇਰਕੋਟਲਾ ਕਨੂ ਗਰਗ, ਡੀ.ਐਸ.ਪੀ. ਮਾਨਵਜੀਤ ਸਿੰਘ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ। ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਪਾਰੀਆਂ ਲਈ ਸੁਹਿਰਦ,ਪਾਰਦਰਸ਼ੀ ਅਤੇ ਵਪਾਰ-ਅਨੁਕੂਲ ਮਾਹੌਲ ਸਿਰਜਣ ਲਈ ਲਗਾਤਾਰ ਯਤਨਸ਼ੀਲ ਦਾ ਪ੍ਰਗਟਾਵਾਂ ਕਰਦਿਆ ਉਨ੍ਹਾਂ ਵਪਾਰੀਆਂ ਵੱਲੋਂ ਪ੍ਰਾਪਤ ਹੋਈਆਂ ਸ਼ਿਕਾਇਤਾਂ ਅਤੇ ਮੰਗਾਂ ਸਬੰਧੀ ਵਿਸਥਾਰਪੂਰਵਕ ਸਮੀਖਿਆ ਕੀਤੀ ਅਤੇ ਤੁਰੰਤ ਫੌਰੀ ਹੱਲ ਲਈ ਵਿਚਾਰ-ਵਟਾਂਦਰਾ ਕੀਤਾ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਪਾਰ ਅਤੇ ਉਦਯੋਗ ਕਿਸੇ ਵੀ ਖੇਤਰ ਦੀ ਆਰਥਿਕ ਤਰੱਕੀ ਦਾ ਅਹਿਮ ਆਧਾਰ ਹੁੰਦੇ ਹਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਪਾਰੀਆਂ ਨੂੰ ਹਰ ਸੰਭਵ ਸਹਿਯੋਗ ਦੇਣ ਲਈ ਵਚਨਬੱਧ ਹੈ।ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਪਾਰੀਆਂ ਵੱਲੋਂ ਉਠਾਏ ਗਏ ਮਸਲਿਆਂ ਅਤੇ ਸ਼ਿਕਾਇਤਾਂ ਦਾ ਤਰਜੀਹੀ ਆਧਾਰ 'ਤੇ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਹਰੇਕ ਵਿਭਾਗ ਆਪਣੇ ਕੋਲ ਪ੍ਰਾਪਤ ਸ਼ਿਕਾਇਤਾਂ ਦੀ ਨਿਯਮਿਤ ਸਮੀਖਿਆ ਕਰੇ ਅਤੇ ਉਨ੍ਹਾਂ ਦੇ ਹੱਲ ਸਬੰਧੀ ਵਪਾਰੀਆਂ ਨੂੰ ਸਮੇਂ ਸਿਰ ਜਾਣੂ ਕਰਵਾਏ ਤਾਂ ਜੋ ਕਾਰੋਬਾਰੀਆਂ ਨੂੰ ਕਿਸੇ ਕਿਸਮ ਦੀ ਬੇਲੋੜੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਪਾਰੀਆਂ ਲਈ ਸੁਹਿਰਦ, ਪਾਰਦਰਸ਼ੀ ਅਤੇ ਵਪਾਰ-ਅਨੁਕੂਲ ਮਾਹੌਲ ਸਿਰਜਣ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਵਪਾਰੀਆਂ ਦੀਆਂ ਜਾਇਜ਼ ਮੰਗਾਂ ਅਤੇ ਸਮੱਸਿਆਵਾਂ ਦਾ ਨਿਪਟਾਰਾ ਪਹਿਲ ਦੇ ਆਧਾਰ 'ਤੇ ਯਕੀਨੀ ਬਣਾਇਆ ਜਾਵੇਗਾ।

# ਕਾਂਗਰਸ ਇੱਕ ਖੇਰੂੰ-ਖੇਰੂੰ ਹੋਈ ਪਾਰਟੀ ਹੈ, ਜਿੱਥੇ ਵਰਕਰਾਂ ਨਾਲੋਂ ਮੁੱਖ ਮੰਤਰੀ ਦੇ ਦਾਅਵੇਦਾਰ ਜ਼ਿਆਦਾ ਹਨ ਅਤੇ ਪੰਜਾਬ ਲਈ ਕੋਈ ਸੋਚ ਨਹੀਂ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਚੰਡੀਗੜ੍ਹ, 10 ਜੂਨ**
**-ਸੰਜੀਵ ਸ਼ਰਮਾ-**

ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਵਿਚਾਲੇ ਮੁੜ ਗਠਜੋੜ ਹੋਣ ਦੀਆਂ ਚੱਲ ਰਹੀਆਂ ਚਰਚਾਵਾਂ ਦਰਮਿਆਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਦੋਵਾਂ ਪਾਰਟੀਆਂ ਦਾ ਇਕੱਠੇ ਹੋਣਾ, ਪੰਜਾਬ ਦੇ ਲੋਕਾਂ ਵੱਲੋਂ ਵਾਰ-ਵਾਰ ਨਕਾਰੇ ਜਾਣ ਤੋਂ ਬਾਅਦ ਸਿਆਸੀ ਸੱਤਾ ਹਾਸਲ ਕਰਨ ਦੀ ਇੱਕ ਨਿਰਾਸ਼ਾਜਨਕ ਕੋਸ਼ਿਸ਼ ਨੂੰ ਦਰਸਾਉਂਦਾ ਹੈ। ਅਮਲੋਹ ਹਲਕੇ ਦੇ ਪਿੰਡ ਸ਼ਮਸਪੁਰ ਵਿਖੇ ਲੋਕ ਮਿਲਣੀ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਲੀ-ਭਾਜਪਾ ਗਠਜੋੜ ਜਨਤਾ ਦੀ ਭਲਾਈ ਜਾਂ ਕਿਸੇ ਸਾਂਝੀ ਵਿਚਾਰਧਾਰਾ ਲਈ ਨਹੀਂ, ਸਗੋਂ ਉਸ ਸਿਆਸਤ ਨੂੰ ਸੁਰਜੀਤ ਕਰਨ ਲਈ ਕੀਤਾ ਜਾ ਰਿਹਾ ਹੈ, ਜਿਸ ਨੇ ਨਸ਼ਿਆਂ ਦੀ ਪੁਸ਼ਤਪਨਾਹੀ, ਕਿਸਾਨ ਵਿਰੋਧੀ ਨੀਤੀਆਂ ਅਤੇ ਪਾੜੋ ਤੇ ਰਾਜ ਕਰੋ ਦੇ ਏਜੰਡਿਆਂ ਰਾਹੀਂ ਪੰਜਾਬ ਦਾ ਨੁਕਸਾਨ ਕੀਤਾ ਸੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਨੂੰ ਲੈ ਕੇ ਭਾਜਪਾ 'ਤੇ ਵੀ ਨਿਸ਼ਾਨਾ ਸਾਧਿਆ ਅਤੇ ਕਿਹਾ ਕਿ ਕਾਂਗਰਸ ਅੰਦਰੂਨੀ ਕਲੇਸ਼ ਅਤੇ ਲੀਡਰਸ਼ਿਪ ਦੀਆਂ ਨਿੱਜੀ ਇੱਛਾਵਾਂ ਦੀ ਭੇਟ ਚੜ੍ਹ ਚੁੱਕੀ ਹੈ। ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਲੋਕ ਭਲਾਈ ਦੇ ਉਪਰਾਲਿਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬੀਆਂ ਨੇ 2022 ਵਿੱਚ ਇਮਾਨਦਾਰ ਸ਼ਾਸਨ ਅਤੇ ਵਿਕਾਸ ਨੂੰ ਚੁਣਿਆ ਅਤੇ ਉਹ ਹੁਣ ਲੁੱਟ-ਖਸੁੱਟ, ਧੋਖਾਧੜੀ ਤੇ ਨਿੱਜੀ ਹਿੱਤਾਂ ਦੀ ਰਾਜਨੀਤੀ ਨੂੰ ਦੁਬਾਰਾ ਭਾਰੂ ਨਹੀਂ ਹੋਣ ਦੇਣਗੇ।

ਇਕੱਠ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਾਅਵਾ ਕੀਤਾ, ਪੰਜਾਬੀ ਪਹਿਲਾਂ ਹੀ ਰਵਾਇਤੀ ਪਾਰਟੀਆਂ ਨੂੰ ਨਕਾਰ ਚੁੱਕੇ ਹਨ ਅਤੇ ਉਹ ਅਜਿਹੇ ਮੌਕਾਪ੍ਰਸਤ ਸਿਆਸੀ ਸਮਝੌਤਿਆਂ ਰਾਹੀਂ ਉਨ੍ਹਾਂ ਨੂੰ ਵਾਪਸ ਨਹੀਂ ਆਉਣ ਦੇਣਗੇ, ਜੋ ਨਾ ਤਾਂ ਕਿਸੇ ਵਿਚਾਰਧਾਰਾ ਅਤੇ ਨਾ ਹੀ ਜਨਤਾ ਦੀ ਭਲਾਈ ਦੇ ਹੱਕ ਵਿੱਚ ਹਨ।ਅਕਾਲੀ ਦਲ ਅਤੇ ਭਾਜਪਾ ਦੇ ਉੱਭਰ ਰਹੇ ਗਠਜੋੜ ਬਾਰੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਕਾਲੀ ਦਲ-ਭਾਜਪਾ ਗਠਜੋੜ ਦੋਵਾਂ ਪਾਰਟੀਆਂ ਲਈ ਘਾਤਕ ਸਾਬਤ ਹੋਵੇਗਾ ਕਿਉਂਕਿ ਇਹ ਕਿਸੇ ਵਿਚਾਰਧਾਰਾ ਜਾਂ ਲੋਕ ਭਲਾਈ ਦੇ ਸਰੋਕਾਰ 'ਤੇ ਅਧਾਰਤ ਨਹੀਂ ਹੈ। ਇਸ ਦਾ ਇੱਕੋ ਇੱਕ ਉਦੇਸ਼ ਪੰਜਾਬ ਵਿੱਚ ਸੱਤਾ ਹਥਿਆਉਣਾ ਹੈ। ਦੋਵਾਂ ਪਾਰਟੀਆਂ ਦੇ ਆਗੂਆਂ ਨੇ ਸਾਲਾਂਬੱਧੀ ਇੱਕ-ਦੂਜੇ 'ਤੇ ਹਮਲੇ ਕੀਤੇ ਅਤੇ ਜ਼ਹਿਰ ਉਗਲਿਆ ਹੈ। ਹੁਣ ਉਹ ਲੋਕਾਂ ਨੂੰ ਦੱਸਣ ਕਿ ਉਹ ਕਿਸ ਮੂੰਹ ਨਾਲ ਜਨਤਾ ਤੋਂ ਸਮਰਥਨ ਮੰਗਣਗੇ। ਪੰਜਾਬੀ ਅਜਿਹੇ ਸਿਆਸੀ ਡਰਾਮਿਆਂ ਦੇ ਛਲਾਵੇ ਵਿੱਚ ਨਹੀਂ ਆਉਣਗੇ ਅਤੇ ਉਨ੍ਹਾਂ ਨੂੰ ਕਰਾਰਾ ਸਬਕ ਸਿਖਾਉਣਗੇ।

ਭਾਜਪਾ ਨੂੰ ਨਿਸ਼ਾਨੇ 'ਤੇ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਭਾਜਪਾ ਨੇ ਹਮੇਸ਼ਾ ਪੰਜਾਬ ਵਿਰੋਧੀ ਮਾਨਸਿਕਤਾ ਦਾ ਪ੍ਰਦਰਸ਼ਨ ਕੀਤਾ ਹੈ ਅਤੇ ਵਾਰ-ਵਾਰ ਪੰਜਾਬ ਨਾਲ ਵਿਤਕਰਾ ਕੀਤਾ ਹੈ, ਜਿਸ ਨਾਲ ਸੂਬੇ ਦੇ ਵਿਕਾਸ ਅਤੇ ਤਰੱਕੀ ਨੂੰ ਖ਼ਤਰੇ ਵਿੱਚ ਪਾਇਆ ਗਿਆ। ਭਾਜਪਾ ਵੱਲੋਂ ਥੋਪੇ ਗਏ ਕਿਸਾਨ ਵਿਰੋਧੀ ਕਾਨੂੰਨਾਂ ਖ਼ਿਲਾਫ਼ ਸੰਘਰਸ਼ ਦੌਰਾਨ 700 ਤੋਂ ਵੱਧ ਕਿਸਾਨਾਂ ਦੀ ਜਾਨ ਗਈ। ਇਸ ਪਾਰਟੀ ਨੇ ਲਗਾਤਾਰ ਪੰਜਾਬ ਨਾਲ ਬੇਇਨਸਾਫ਼ੀ ਕੀਤੀ ਹੈ ਅਤੇ ਹੁਣ ਧਰਮ ਦੇ ਨਾਂ 'ਤੇ ਲੋਕਾਂ ਨੂੰ ਵੰਡਣ ਦੀ ਕੋਸ਼ਿਸ਼ ਕਰ ਰਹੀ ਹੈ।

ਕੇਂਦਰੀ ਏਜੰਸੀਆਂ ਦੀ ਦੁਰਵਰਤੋਂ 'ਤੇ ਚਿੰਤਾ ਪ੍ਰਗਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਕੇਂਦਰੀ ਏਜੰਸੀਆਂ ਲਗਾਤਾਰ ਭਾਜਪਾ ਦੇ ਇਸ਼ਾਰੇ 'ਤੇ ਕੰਮ ਕਰ ਰਹੀਆਂ ਹਨ ਅਤੇ ਲੋਕਾਂ 'ਤੇ ਭਗਵਾ ਪਾਰਟੀ ਦਾ ਸਮਰਥਨ ਕਰਨ ਲਈ ਦਬਾਅ ਪਾਉਣ ਅਤੇ ਡਰਾਉਣ-ਧਮਕਾਉਣ ਲਈ ਵਰਤੀਆਂ ਜਾ ਰਹੀਆਂ ਹਨ। ਸਿਆਸੀ ਵਿਰੋਧੀਆਂ ਅਤੇ ਇੱਥੋਂ ਤੱਕ ਕਿ ਛੋਟੇ ਵਪਾਰੀਆਂ ਨੂੰ ਵੀ ਪਾਰਟੀ ਹਿੱਤਾਂ ਲਈ ਤੰਗ-ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਅਜਿਹੇ ਹੱਥਕੰਡਿਆਂ ਰਾਹੀਂ ਵਿਰੋਧੀਆਂ ਨੂੰ ਨਿਸ਼ਾਨਾ ਬਣਾ ਕੇ ਭਾਜਪਾ ਜਮਹੂਰੀ ਆਵਾਜ਼ਾਂ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ ਅਤੇ ਪੰਜਾਬ ਅਜਿਹੀਆਂ ਕਾਰਵਾਈਆਂ ਨੂੰ ਕਦੇ ਬਰਦਾਸ਼ਤ ਨਹੀਂ ਕਰੇਗਾ। ਅਕਾਲੀ ਦਲ ਦੇ ਕਾਰਜਕਾਲ ਦੌਰਾਨ ਹੋਈਆਂ ਬੇਅਦਬੀ ਦੀਆਂ ਘਟਨਾਵਾਂ ਅਤੇ ਨਸ਼ਿਆਂ ਦੇ ਮੁੱਦੇ 'ਤੇ ਤਿੱਖੇ ਹਮਲੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪਾਰਟੀ ਨੇ ਵਾਰ-ਵਾਰ ਗੁਰਬਾਣੀ ਦੇ ਨਾਂ 'ਤੇ ਵੋਟਾਂ ਮੰਗੀਆਂ ਪਰ ਜਦੋਂ ਪੰਜਾਬ ਵਿੱਚ ਬੇਅਦਬੀ ਦੀਆਂ ਘਟਨਾਵਾਂ ਵਾਪਰੀਆਂ, ਜਿਨ੍ਹਾਂ ਨੇ ਲੋਕਾਂ ਦੀਆਂ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਈ ਤਾਂ ਇਹ ਆਗੂ ਗੁਰਬਾਣੀ ਦੀ ਪਵਿੱਤਰਤਾ ਦੀ ਰਾਖੀ ਕਰਨ ਵਿੱਚ ਨਾਕਾਮ ਰਹੇ।



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਕਾਲੀਆਂ ਨੇ ਗੁਰਬਾਣੀ ਦੇ ਨਾਂ 'ਤੇ ਵੋਟਾਂ ਮੰਗੀਆਂ ਪਰ ਇਸ ਦੀ ਪਵਿੱਤਰਤਾ ਨੂੰ ਬਰਕਰਾਰ ਰੱਖਣ ਵਿੱਚ ਅਸਫ਼ਲ ਰਹੇ। ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਦਾ ਵਾਰ-ਵਾਰ ਹਵਾਲਾ ਦੇਣ ਦੇ ਬਾਵਜੂਦ ਉਨ੍ਹਾਂ ਦੇ ਸ਼ਾਸਨ ਦੌਰਾਨ ਬੇਅਦਬੀ ਦੀਆਂ ਅਜਿਹੀਆਂ ਘਟਨਾਵਾਂ ਵਾਪਰੀਆਂ, ਜਿਨ੍ਹਾਂ ਨੇ ਪੰਜਾਬੀਆਂ ਦੇ ਹਿਰਦੇ ਵਲੂੰਧਰ ਦਿੱਤੇ। ਜਿਹੜੇ ਲੋਕ ਆਪਣੇ ਕਾਰਜਕਾਲ ਦੌਰਾਨ ਵਿਕਾਸ ਦੀਆਂ ਗੱਲਾਂ ਕਰਦੇ ਹਨ, ਉਹ ਕੋਟਕਪੂਰਾ, ਬਹਿਬਲ ਕਲਾਂ ਅਤੇ ਹੋਰ ਦਰਦਨਾਕ ਘਟਨਾਵਾਂ ਨੂੰ ਆਸਾਨੀ ਨਾਲ ਭੁੱਲ ਜਾਂਦੇ ਹਨ, ਜਿੱਥੇ ਮਾਸੂਮ ਜਾਨਾਂ ਗਈਆਂ ਸਨ।

ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ 'ਤੇ ਸਿੱਧਾ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਬਾਦਲ ਅਕਾਲੀ ਸਰਕਾਰ ਵੇਲੇ ਦੇ ਵਿਕਾਸ ਦੀਆਂ ਗੱਲਾਂ ਕਰਦੇ ਹਨ ਪਰ ਕੋਟਕਪੂਰਾ, ਬਹਿਬਲ ਕਲਾਂ ਅਤੇ ਹੋਰ ਘਟਨਾਵਾਂ ਵੱਲੋਂ ਅੱਖਾਂ ਮੀਟ ਲੈਂਦੇ ਹਨ, ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਹੋਈ ਅਤੇ ਬੇਕਸੂਰ ਲੋਕਾਂ ਦੀਆਂ ਜਾਨਾਂ ਗਈਆਂ। ਅਕਾਲੀਆਂ ਨੂੰ ਪੀੜ੍ਹੀਆਂ ਬਰਬਾਦ ਕਰਨ ਲਈ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ ਕਿਉਂਕਿ ਉਨ੍ਹਾਂ ਦੇ ਲੰਮੇ ਕੁਸ਼ਾਸਨ ਦੌਰਾਨ ਨਸ਼ਿਆਂ ਦਾ ਕਾਰੋਬਾਰ ਵਧਿਆ-ਫੁੱਲਿਆ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, ਇਨ੍ਹਾਂ ਆਗੂਆਂ ਦੇ ਹੱਥ ਉਨ੍ਹਾਂ ਲੱਖਾਂ ਨੌਜਵਾਨਾਂ ਦੇ ਖ਼ੂਨ ਨਾਲ ਰੰਗੇ ਹੋਏ ਹਨ, ਜੋ ਸੂਬੇ ਭਰ ਵਿੱਚ ਸਪਲਾਈ ਕੀਤੇ ਜਾਣ ਵਾਲੇ ਨਸ਼ਿਆਂ ਦੀ ਭੇਟ ਚੜ੍ਹ ਗਏ। ਉਨ੍ਹਾਂ ਦੇ ਗੁਨਾਹ ਮੁਆਫ਼ੀ ਦੇ ਯੋਗ ਨਹੀਂ ਹਨ ਅਤੇ ਲੋਕ ਉਨ੍ਹਾਂ ਦੇ ਮਾੜੇ ਕਾਰਨਾਮਿਆਂ ਦੀ ਲੰਮੀ ਦਾਸਤਾਨ ਨੂੰ ਕਦੇ ਭੁਲਾ ਨਹੀਂ ਸਕਦੇ। ਅਕਾਲੀ ਆਗੂਆਂ ਨੇ ਆਪਣੇ ਲੰਮੇ ਸ਼ਾਸਨ ਦੌਰਾਨ ਪੰਜਾਬ ਨੂੰ ਬੇਰਹਿਮੀ ਨਾਲ ਲੁੱਟਿਆ ਅਤੇ ਆਮ ਨਾਗਰਿਕਾਂ 'ਤੇ ਅਣਗਿਣਤ ਜ਼ੁਲਮ ਕੀਤੇ।

ਅਕਾਲੀ ਦਲ ਅਤੇ ਭਾਜਪਾ ਵਿਚਕਾਰ ਭਵਿੱਖ ਵਿੱਚ ਹੋਣ ਵਾਲੇ ਕਿਸੇ ਵੀ ਗਠਜੋੜ ਵਿਰੁੱਧ ਚੇਤਾਵਨੀ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਦੋਵੇਂ ਪਾਰਟੀਆਂ ਹੁਣ ਆਪਣੀ ਸੱਤਾ ਦੀ ਭੁੱਖ ਮਿਟਾਉਣ ਲਈ ਦੁਬਾਰਾ ਹੱਥ ਮਿਲਾਉਣਾ ਚਾਹੁੰਦੀਆਂ ਹਨ। ਅਜਿਹਾ ਗਠਜੋੜ ਪੰਜਾਬ ਲਈ ਤਬਾਹਕੁਨ ਸਾਬਤ ਹੋਵੇਗਾ ਕਿਉਂਕਿ ਇਸ ਦਾ ਇੱਕੋ-ਇੱਕ ਉਦੇਸ਼ ਸੂਬੇ ਦੀ ਤਰੱਕੀ ਨੂੰ ਲੀਹੋਂ ਲਾਹੁਣਾ ਅਤੇ ਇਸ ਨੂੰ ਮੁੜ ਕਾਲੇ ਦੌਰ ਵਿੱਚ ਧੱਕਣਾ ਹੈ। ਪੰਜਾਬੀ ਇਨ੍ਹਾਂ ਪਾਰਟੀਆਂ ਦੇ ਚਰਿੱਤਰ ਅਤੇ ਨੀਅਤ ਨੂੰ ਚੰਗੀ ਤਰ੍ਹਾਂ ਸਮਝਦੇ ਹਨ ਅਤੇ ਅਜਿਹੇ ਸੌੜੀ ਸੋਚ ਵਾਲੇ ਗਠਜੋੜ ਦਾ ਕਦੇ ਵੀ ਸਮਰਥਨ ਨਹੀਂ ਕਰਨਗੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਪੱਸ਼ਟ ਕੀਤਾ ਕਿ ਰਵਾਇਤੀ ਪਾਰਟੀਆਂ ਨੇ ਲੋਕਾਂ ਨੂੰ ਫਿਰਕੂ ਲੀਹਾਂ 'ਤੇ ਵੰਡ ਕੇ ਵਾਰ-ਵਾਰ ਉਨ੍ਹਾਂ ਦਾ ਸ਼ੋਸ਼ਣ ਕੀਤਾ ਹੈ। ਉਨ੍ਹਾਂ ਕਿਹਾ, ਇਨ੍ਹਾਂ ਪਾਰਟੀਆਂ ਦਾ ਪੰਜਾਬ ਦੇ ਸਰੋਤਾਂ ਨੂੰ ਲੁੱਟਣ ਅਤੇ ਆਮ ਨਾਗਰਿਕਾਂ ਦਾ ਸ਼ੋਸ਼ਣ ਕਰਨ ਤੋਂ ਇਲਾਵਾ ਕੋਈ ਏਜੰਡਾ ਨਹੀਂ ਹੈ। ਪੰਜਾਬ ਦੇ ਲੋਕ ਸਰਵਉੱਚ ਹਨ ਅਤੇ ਉਹ ਉਸ ਸਰਕਾਰ ਦੇ ਨਾਲ ਚਟਾਨ ਵਾਂਗ ਖੜ੍ਹੇ ਹਨ, ਜੋ ਸਮਾਜ ਦੇ ਹਰ ਵਰਗ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ। ਕਾਂਗਰਸ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਹਰ ਕਾਂਗਰਸੀ ਆਗੂ ਮੁੱਖ ਮੰਤਰੀ ਬਣਨਾ ਚਾਹੁੰਦਾ ਹੈ। ਉਨ੍ਹਾਂ ਕੋਲ ਵਰਕਰਾਂ ਨਾਲੋਂ ਜ਼ਿਆਦਾ ਮੁੱਖ ਮੰਤਰੀ ਬਣਨ ਦੇ ਚਾਹਵਾਨ ਹਨ। ਕਾਂਗਰਸੀ ਆਗੂ ਸੱਤਾ ਵਿੱਚ ਵਾਪਸੀ ਦੇ ਸੁਪਨੇ ਦੇਖਦੇ ਰਹਿੰਦੇ ਹਨ, ਪਰ ਪਾਰਟੀ ਆਪਸ ਵਿੱਚ ਵੰਡੀ ਪਈ ਹੈ ਅਤੇ ਅੰਦਰੂਨੀ ਲੜਾਈਆਂ ਦਾ ਅੱਡਾ ਬਣੀ ਹੋਈ ਹੈ। ਉਨ੍ਹਾਂ ਕੋਲ ਪੰਜਾਬ ਲਈ ਕੋਈ ਦ੍ਰਿਸ਼ਟੀਕੋਣ ਨਹੀਂ ਹੈ ਅਤੇ ਉਨ੍ਹਾਂ ਦਾ ਇੱਕੋ-ਇੱਕ ਉਦੇਸ਼ ਸੱਤਾ ਹਾਸਲ ਕਰਨਾ ਹੈ।ਉਨ੍ਹਾਂ ਅੱਗੇ ਕਿਹਾ, ਕਾਂਗਰਸੀ ਆਗੂ ਪੰਜਾਬ ਵਿੱਚ ਸੱਤਾ ਸੰਭਾਲਣ ਦੇ ਸੁਪਨੇ ਦੇਖ ਰਹੇ ਹਨ। ਪਾਰਟੀ ਇਕਜੁੱਟ ਨਹੀਂ ਹੈ, ਜੋ ਆਪਣੇ ਅੰਦਰੂਨੀ ਝਗੜਿਆਂ ਕਾਰਨ ਤਾਸ਼ ਦੇ ਪੱਤਿਆਂ ਵਾਂਗ ਢਹਿ ਜਾਵੇਗੀ। ਉਨ੍ਹਾਂ ਦਾ ਇੱਕੋ ਇੱਕ ਉਦੇਸ਼ ਪੰਜਾਬ ਦੇ ਸਰੋਤਾਂ 'ਤੇ ਕਬਜ਼ਾ ਕਰਨਾ ਹੈ ਪਰ ਸੂਬੇ ਦੇ ਲੋਕ ਉਨ੍ਹਾਂ ਦੇ ਮਨਸੂਬਿਆਂ ਤੋਂ ਪੂਰੀ ਤਰ੍ਹਾਂ ਜਾਣੂ ਹਨ।

2022 ਵਿੱਚ ਲੋਕਾਂ ਵੱਲੋਂ ਦਿੱਤੇ ਗਏ ਇਤਿਹਾਸਕ ਫਤਵੇ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਵਾਇਤੀ ਰਾਜਨੀਤਿਕ ਪਾਰਟੀਆਂ ਦੇ ਦਹਾਕਿਆਂ ਲੰਮੇ ਸ਼ਾਸਨ ਤੋਂ ਬਾਅਦ ਪੰਜਾਬ ਨੇ ਸ਼ਾਸਨ ਵਿੱਚ ਇੱਕ ਆਦਰਸ਼ ਤਬਦੀਲੀ ਦੇਖੀ ਹੈ। ਉਨ੍ਹਾਂ ਕਿਹਾ, ਦਹਾਕਿਆਂ ਤੋਂ ਰਵਾਇਤੀ ਪਾਰਟੀਆਂ ਸੱਤਾ 'ਤੇ ਕਾਬਜ਼ ਹੋਣ ਲਈ ਆਪਣੀ ਵਾਰੀ ਦੀ ਉਡੀਕ ਕਰਦੀਆਂ ਰਹੀਆਂ। ਅੱਜ ਝਾੜੂ ਉਨ੍ਹਾਂ ਪਾਰਟੀਆਂ ਦੁਆਰਾ ਪੈਦਾ ਕੀਤੀ ਗੰਦਗੀ ਨੂੰ ਸਾਫ਼ ਕਰ ਰਿਹਾ ਹੈ। 2022 ਵਿੱਚ ਲੋਕਾਂ ਨੇ ਸੱਤ ਸਾਬਕਾ ਮੁੱਖ ਮੰਤਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਬਾਹਰ ਦਾ ਰਸਤਾ ਦਿਖਾ ਕੇ ਇੱਕ ਇਮਾਨਦਾਰ ਸਰਕਾਰ ਨੂੰ ਸੱਤਾ ਸੌਂਪ ਦਿੱਤੀ। ਉਸ ਇਤਿਹਾਸਕ ਫਤਵੇ ਨੇ ਪੰਜਾਬ ਨੂੰ ਬਦਲ ਦਿੱਤਾ ਹੈ ਅਤੇ ਸਾਨੂੰ ਲੋਕ ਭਲਾਈ ਲਈ ਅਣਥੱਕ ਕੰਮ ਕਰਨ ਦੇ ਯੋਗ ਬਣਾਇਆ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 2022 ਦੇ ਫਤਵੇ ਨੇ ਪੰਜਾਬ ਨੂੰ ਬਦਲਣ ਅਤੇ ਇਸ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਵਿੱਚ ਮੁੱਖ ਭੂਮਿਕਾ ਨਿਭਾਈ ਹੈ। ਉਨ੍ਹਾਂ ਅੱਗੇ ਕਿਹਾ ਕਿ 'ਆਪ' ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਯਕੀਨੀ ਬਣਾਉਣ ਲਈ ਠੋਸ ਯਤਨ ਕਰ ਰਹੀ ਹੈ। ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ 2026 ਨੂੰ ਲਾਗੂਕਰਨ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਵਾਹਿਗੁਰੂ ਨੇ ਸਾਨੂੰ ਇਸ ਇਤਿਹਾਸਕ ਕਾਨੂੰਨ ਰਾਹੀਂ ਮਨੁੱਖਤਾ ਦੀ ਸੇਵਾ ਕਰਨ ਦਾ ਮੌਕਾ ਬਖ਼ਸ਼ਿਆ ਹੈ।

ਇਸ ਕਾਨੂੰਨ ਤਹਿਤ ਬੇਅਦਬੀ ਦੇ ਦੋਸ਼ੀ ਪਾਏ ਜਾਣ ਵਾਲੇ ਹਰ ਵਿਅਕਤੀ ਨੂੰ ਹੁਣ ਦਸ ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਕੈਦ ਦੇ ਨਾਲ-ਨਾਲ 50 ਲੱਖ ਰੁਪਏ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ। ਜੇਕਰ ਜੁਰਮਾਨਾ ਅਦਾ ਨਹੀਂ ਕੀਤਾ ਜਾਂਦਾ ਹੈ ਤਾਂ ਜਾਇਦਾਦ ਕੁਰਕ ਕੀਤੀ ਜਾ ਸਕਦੀ ਹੈ ਅਤੇ ਵੇਚੀ ਜਾ ਸਕਦੀ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਸ੍ਰੀ ਗੁਰੂ ਸਾਹਿਬ ਸਾਹਿਬ ਦੀ ਬੇਅਦਬੀ ਦੇ ਨਤੀਜਿਆਂ ਨੂੰ ਯਾਦ ਰੱਖਣ।

ਇਸ ਕਾਨੂੰਨ ਦੇ ਬੇਅਦਬੀ ਵਿਰੁੱਧ ਇੱਕ ਮਜ਼ਬੂਤ ਰੋਕਥਾਮ ਵਜੋਂ ਕੰਮ ਕਰਨ ਦੀ ਉਮੀਦ ਪ੍ਰਗਟਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਰ ਸਿੱਖ ਲਈ ਪਿਤਾ ਵਾਂਗ ਹਨ ਅਤੇ ਇਸ ਦੀ ਪਵਿੱਤਰਤਾ ਰਾਖੀ ਕਰਨਾ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ। ਜਿਨ੍ਹਾਂ ਨੇ ਰਾਜਨੀਤਿਕ ਹਿੱਤਾਂ ਲਈ ਧਰਮ ਦੀ ਦੁਰਵਰਤੋਂ ਕੀਤੀ, ਉਨ੍ਹਾਂ ਨੂੰ ਮੁਆਫ਼ ਨਹੀਂ ਕੀਤਾ ਜਾ ਸਕਦਾ। ਅਸੀਂ ਖ਼ੁਸ਼ਕਿਸਮਤ ਹਾਂ ਕਿ ਇਸ ਇਤਿਹਾਸਕ ਕਾਨੂੰਨ ਨੂੰ ਲਾਗੂ ਕਰਕੇ ਅਸੀਂ ਆਪਣੀ ਜ਼ਿੰਮੇਵਾਰੀ ਨਿਭਾਈ ਹੈ, ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਵਿਰੁੱਧ ਰੋਕਥਾਮ ਵਜੋਂ ਕੰਮ ਕਰੇਗਾ।

ਉਨ੍ਹਾਂ ਅੱਗੇ ਕਿਹਾ, ਇਹ ਕਾਨੂੰਨ ਇਹ ਯਕੀਨੀ ਬਣਾਏਗਾ ਕਿ ਭਵਿੱਖ ਵਿੱਚ ਕੋਈ ਵੀ ਅਜਿਹਾ ਅਪਰਾਧ ਕਰਨ ਦੀ ਹਿੰਮਤ ਨਾ ਕਰੇ। ਜੇਕਰ ਪੰਜਾਬ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰਾਖੀ ਨਹੀਂ ਕਰ ਸਕਦੀ ਤਾਂ ਕੋਈ ਹੋਰ ਨਹੀਂ ਕਰੇਗਾ। ਸਾਨੂੰ ਇਹ ਇਤਿਹਾਸਕ ਕਾਨੂੰਨ ਪਾਸ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ, ਜੋ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਨੂੰ ਰੋਕਣ ਵਿੱਚ ਮਦਦ ਕਰੇਗਾ।

ਆਪ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਲੋਕਾਂ ਦੇ ਟੈਕਸ ਦਾ ਪੈਸਾ ਲੋਕਾਂ ਦਾ ਹੈ ਅਤੇ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਹਰ ਪੈਸਾ ਲੋਕਾਂ ਦੀ ਭਲਾਈ 'ਤੇ ਖਰਚ ਕੀਤਾ ਜਾਵੇ। ਲੋਕਾਂ ਦਾ ਪੈਸਾ ਉਨ੍ਹਾਂ ਨੂੰ ਬਿਹਤਰ ਸਕੂਲਾਂ, ਹਸਪਤਾਲਾਂ, ਸੜਕਾਂ ਅਤੇ ਜਨਤਕ ਸੇਵਾਵਾਂ ਰਾਹੀਂ ਵਾਪਸ ਕੀਤਾ ਜਾ ਰਿਹਾ ਹੈ।

ਉਨ੍ਹਾਂ ਅੱਗੇ ਕਿਹਾ, 90 ਫ਼ੀਸਦੀ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ, 67,000 ਤੋਂ ਵੱਧ ਨੌਜਵਾਨਾਂ ਨੂੰ ਬਿਨਾਂ ਕਿਸੇ ਭ੍ਰਿਸ਼ਟਾਚਾਰ ਤੋਂ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ, ਸੜਕਾਂ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ, ਟੋਲ ਪਲਾਜ਼ਾ ਬੰਦ ਕੀਤੇ ਗਏ ਹਨ, ਜਿਸ ਨਾਲ ਰੋਜ਼ਾਨਾ 70 ਲੱਖ ਰੁਪਏ ਦੀ ਬੱਚਤ ਹੋ ਰਹੀ ਹੈ ਅਤੇ ਬੁਨਿਆਦੀ ਢਾਂਚੇ ਸਬੰਧੀ ਵਿਆਪਕ ਪ੍ਰੋਜੈਕਟ ਪ੍ਰਗਤੀ ਅਧੀਨ ਹਨ।

ਸਿੰਜਾਈ ਸੁਧਾਰਾਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਜਦੋਂ ਅਸੀਂ ਸੱਤਾ ਸੰਭਾਲੀ ਸੀ ਤਾਂ ਸਿੰਜਾਈ ਲਈ ਸਿਰਫ਼ 22 ਫ਼ੀਸਦੀ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਸੀ। ਅੱਜ ਇਹ ਅੰਕੜਾ 80 ਫ਼ੀਸਦ ਨੂੰ ਪਾਰ ਕਰ ਗਿਆ ਹੈ।

ਸਿੰਜਾਈ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਸਬੰਧੀ ਕੀਤੇ ਗਏ ਯਤਨਾਂ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਆਪ ਸਰਕਾਰ ਨੇ ਸੂਬੇ ਭਰ ਵਿੱਚ 14,000 ਕਿਲੋਮੀਟਰ ਪਾਈਪ ਲਾਈਨਾਂ ਵਿਛਾਈਆਂ ਹਨ ਅਤੇ ਖਾਲ਼ਿਆਂ ਨੂੰ ਬਹਾਲ ਕੀਤਾ ਅਤੇ ਉਨ੍ਹਾਂ ਰਾਹੀਂ 21,000 ਕਿਊਸਿਕ ਪਾਣੀ ਛੱਡਿਆ ਹੈ। ਇਹ ਪਾਣੀ ਦੋ ਭਾਖੜਾ ਨਹਿਰਾਂ ਰਾਹੀਂ ਸਪਲਾਈ ਕੀਤੇ ਜਾਣ ਵਾਲੇ ਪਾਣੀ ਦੇ ਬਰਾਬਰ ਹੈ ਅਤੇ ਇਸ ਨਾਲ ਕਿਸਾਨਾਂ ਨੂੰ ਬੇਹੱਦ ਲਾਭ ਹੋਵੇਗਾ।

ਸਿੰਜਾਈ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਯਤਨਾਂ ਨੂੰ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਆਪ ਸਰਕਾਰ ਨੇ ਸੂਬੇ ਭਰ ਵਿੱਚ 14000 ਕਿਲੋਮੀਟਰ ਪਾਈਪ ਲਾਈਨਾਂ ਅਤੇ ਰਜਵਾਹਿਆਂ ਕੱਢੇ ਹਨ ਅਤੇ ਉਨ੍ਹਾਂ ਰਾਹੀਂ 21000 ਕਿਊਸਿਕ ਪਾਣੀ ਛੱਡਿਆ ਹੈ। ਇਹ ਦੋ ਭਾਖੜਾ ਨਹਿਰਾਂ ਦੁਆਰਾ ਸਪਲਾਈ ਕੀਤੇ ਜਾਣ ਵਾਲੇ ਪਾਣੀ ਦੇ ਬਰਾਬਰ ਹੈ ਅਤੇ ਇਸ ਦਾ ਕਿਸਾਨਾਂ ਨੂੰ ਬਹੁਤ ਲਾਭ ਹੋਵੇਗਾ।

ਜ਼ਮੀਨ ਹੇਠਲੇ ਪਾਣੀ ਦੇ ਪੱਧਰ ਨੂੰ ਸੁਧਾਰਨ ਦੇ ਉਦੇਸ਼ ਨਾਲ ਕੀਤੇ ਗਏ ਉਪਾਵਾਂ ਦਾ ਹਵਾਲਾ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਨਹਿਰਾਂ ਅਤੇ ਦਰਿਆਵਾਂ ਵਿੱਚ ਰੀਚਾਰਜ ਪੁਆਇੰਟ ਬਣਾਏ ਗਏ ਹਨ, ਜਿਸ ਦੇ ਨਤੀਜੇ ਵਜੋਂ ਕਈ ਖੇਤਰਾਂ ਵਿੱਚ ਜ਼ਮੀਨ ਹੇਠ ਪਾਣੀ ਦਾ ਪੱਧਰ ਦੋ ਤੋਂ ਚਾਰ ਮੀਟਰ ਤੱਕ ਵੱਧ ਗਿਆ ਹੈ। ਇਹ ਇਕ ਤਰ੍ਹਾਂ ਨਾਲ ਪੰਜਾਬ ਦੇ ਭਵਿੱਖ ਲਈ ਨਿਵੇਸ਼ ਹੈ ਕਿਉਂਕਿ ਪਾਣੀ ਤੋਂ ਬਿਨਾਂ ਪੰਜਾਬ ਦੀ ਪਛਾਣ ਹੀ ਖਤਰੇ ਵਿੱਚ ਹੈ।

ਸਮਾਜਿਕ ਬਦਲਾਅ ਵਿੱਚ ਸਿੱਖਿਆ ਦੀ ਭੂਮਿਕਾ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਕੋਈ ਵੀ ਰਿਆਇਤ ਜਾਂ ਭਲਾਈ ਕਾਰਡ ਗਰੀਬੀ ਨੂੰ ਸਥਾਈ ਤੌਰ 'ਤੇ ਖ਼ਤਮ ਨਹੀਂ ਕਰ ਸਕਦਾ। ਸਿਰਫ਼ ਸਿੱਖਿਆ ਹੀ ਪਰਿਵਾਰਾਂ ਨੂੰ ਉੱਚਾ ਚੁੱਕ ਸਕਦੀ ਹੈ, ਜੀਵਨ ਬਦਲ ਸਕਦੀ ਹੈ ਅਤੇ ਲੋਕਾਂ ਨੂੰ ਗਰੀਬੀ ਤੋਂ ਮੁਕਤ ਕਰਨ ਵਿੱਚ ਮਦਦ ਕਰ ਸਕਦੀ ਹੈ। "

ਸਿੱਖਿਆ ਦੇ ਖੇਤਰ ਵਿੱਚ ਪੰਜਾਬ ਦੀ ਪ੍ਰਗਤੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਨਿਰੰਤਰ ਸੁਧਾਰਾਂ ਕਾਰਨ ਪੰਜਾਬ ਨੇ ਪ੍ਰਾਇਮਰੀ ਅਤੇ ਮਿਡਲ-ਸਕੂਲ ਸਿੱਖਿਆ ਵਿੱਚ ਮੋਹਰੀ ਸਥਾਨ ਪ੍ਰਾਪਤ ਕਰਨ ਲਈ ਕੇਰਲਾ, ਮਹਾਰਾਸ਼ਟਰ ਅਤੇ ਦਿੱਲੀ ਨੂੰ ਪਛਾੜ ਦਿੱਤਾ ਹੈ। ਉਨ੍ਹਾਂ ਅੱਗੇ ਕਿਹਾ, ਪਿਛਲੇ ਚਾਰ ਸਾਲਾਂ ਵਿੱਚ 'ਆਪ' ਸਰਕਾਰ ਨੇ ਸਕੂਲਾਂ ਨੂੰ ਮਜ਼ਬੂਤ ਕੀਤਾ ਹੈ, ਸਮਾਰਟ ਕਲਾਸਰੂਮ ਸ਼ੁਰੂ ਕੀਤੇ ਹਨ, ਮਿਆਰੀ ਅਧਿਆਪਕ ਸਿਖਲਾਈ ਪ੍ਰਦਾਨ ਕੀਤੀ ਹੈ ਅਤੇ ਸਿੱਖਿਆ ਪ੍ਰਣਾਲੀ ਨੂੰ ਆਧੁਨਿਕ ਬਣਾਇਆ ਹੈ। ਅੱਜ ਪੰਜਾਬ ਇਨ੍ਹਾਂ ਯਤਨਾਂ ਕਾਰਨ ਸਿਖਰ 'ਤੇ ਹੈ।

ਹਾਲੀਆ ਦਰਜਾਬੰਦੀ ਦਾ ਹਵਾਲਾ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਨੀਤੀ ਆਯੋਗ ਨੇ ਨਵੇਂ ਅੰਕੜੇ ਜਾਰੀ ਕੀਤੇ ਹਨ ਜੋ ਦਰਸਾਉਂਦੇ ਹਨ ਕਿ ਪੰਜਾਬ ਨੇ ਪ੍ਰਾਇਮਰੀ ਅਤੇ ਮਿਡਲ-ਸਕੂਲ ਸਿੱਖਿਆ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਨ ਲਈ ਕੇਰਲਾ, ਮਹਾਰਾਸ਼ਟਰ ਅਤੇ ਦਿੱਲੀ ਨੂੰ ਪਛਾੜ ਦਿੱਤਾ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ, ਪਿਛਲੇ ਚਾਰ ਸਾਲਾਂ ਤੋਂ 'ਆਪ' ਸਰਕਾਰ ਨੇ ਅਧਿਆਪਕ ਸਿਖਲਾਈ, ਆਧੁਨਿਕ ਅਧਿਆਪਨ ਵਿਧੀਆਂ ਅਤੇ ਸਮਾਰਟ ਕਲਾਸਰੂਮਾਂ 'ਤੇ ਧਿਆਨ ਕੇਂਦਰਿਤ ਕੀਤਾ ਹੈ।

## ਡਿਪਟੀ ਕਮਿਸ਼ਨਰ ਵੱਲੋਂ ਡੇਂਗੂ ਤੇ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਅਤੇ ਜਾਗਰੂਕਤਾ ਮੁਹਿੰਮ ਤੇਜ਼ ਕਰਨ ਦੀ ਹਦਾਇਤ

**ਪਟਿਆਲਾ, 10 ਜੂਨ**
**-ਛਤਰਪਾਲ ਸਿੰਘ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਹੈ ਕਿ ਪੰਜਾਬ ਸਰਕਾਰ ਦੇ ਟੀਚਿਆਂ ਅਨੁਸਾਰ ਜ਼ਿਲ੍ਹਾ ਵਾਸੀਆਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਕੋਈ ਢਿੱਲ ਨਾ ਵਰਤੀ ਜਾਵੇ। ਅੱਜ ਜ਼ਿਲ੍ਹਾ ਹੈਲਥ ਸੋਸਾਇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਅੰਦਰ ਡੇਂਗੂ ਅਤੇ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਫਾਗਿੰਗ ਦੀ ਗਤੀ ਤੇਜ਼ ਕਰਨ, ਘਰ-ਘਰ ਲਾਰਵਾ ਚੈਕਿੰਗ ਕਰਨ ਅਤੇ ਡੇਂਗੂ ਮੱਛਰ ਦਾ ਲਾਰਵਾ ਮਿਲਣ 'ਤੇ ਨਿਯਮਾਂ ਅਨੁਸਾਰ ਚਲਾਨ ਕਰਕੇ ਜੁਰਮਾਨੇ ਕਰਨ ਦੀ ਹਦਾਇਤ ਕੀਤੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਾਗਰਿਕਾਂ ਨੂੰ ਦੂਸ਼ਿਤ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਉਣ ਲਈ ਸਥਾਨਕ ਸਰਕਾਰਾਂ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਨਾਲ ਤਾਲਮੇਲ ਕਰਕੇ ਪਾਣੀ ਦੀ ਨਿਯਮਤ ਟੈਸਟਿੰਗ ਕੀਤੀ ਜਾਵੇ।



ਉਨ੍ਹਾਂ ਕਿਹਾ ਕਿ ਸੰਭਾਵਿਤ ਦੂਸ਼ਿਤ ਪਾਣੀ ਵਾਲੇ ਖੇਤਰਾਂ ਵਿੱਚ ਵਿਸ਼ੇਸ਼ ਨਿਗਰਾਨੀ ਰੱਖੀ ਜਾਵੇ ਅਤੇ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ-ਨਾਲ ਲੋੜੀਂਦੀਆਂ ਬਚਾਅ ਕਾਰਵਾਈਆਂ ਵੀ ਕੀਤੀਆਂ ਜਾਣ।

ਜ਼ਿਲ੍ਹੇ ਅੰਦਰ ਟੀ.ਬੀ. ਰੋਕਥਾਮ ਪ੍ਰੋਗਰਾਮ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਟੀ.ਬੀ. ਦੇ ਮਰੀਜ਼ਾਂ ਨੂੰ ਸੰਤੁਲਿਤ ਆਹਾਰ ਕਿੱਟਾਂ ਮੁਹੱਈਆ ਕਰਵਾਉਣ, ਇਲਾਜ ਸਹੂਲਤਾਂ ਅਤੇ ਨਿਯਮਤ ਟੈਸਟਿੰਗ ਨੂੰ ਹੋਰ ਮਜ਼ਬੂਤ ਕਰਨ ਉਤੇ ਜ਼ੋਰ ਦਿੱਤਾ। ਉਨ੍ਹਾਂ ਨੇ 14 ਸਾਲ ਤੱਕ ਦੀ ਉਮਰ ਦੀਆਂ ਬਾਲਿਕਾਵਾਂ ਨੂੰ ਸਰਵਾਈਕਲ ਕੈਂਸਰ ਤੋਂ ਬਚਾਅ ਲਈ ਟੀਕਾਕਰਨ ਯਕੀਨੀ ਬਣਾਉਣ ਅਤੇ ਗਰਮੀ ਦੀ ਲੂ ਤੋਂ ਬਚਾਅ ਲਈ ਜਾਗਰੂਕਤਾ ਵਧਾਉਣ ਦੀ ਵੀ ਹਦਾਇਤ ਕੀਤੀ।

ਡਾ. ਹਿਮਾਂਸ਼ੂ ਅਗਰਵਾਲ ਨੇ ਘੱਟ ਓ.ਪੀ.ਡੀ. ਵਾਲੇ ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ਾਂ ਦੀ ਗਿਣਤੀ ਵਧਾਉਣ ਲਈ ਲੋਕ ਜਾਗਰੂਕਤਾ ਵਧਾਉਣ ਅਤੇ ਮਰੀਜ਼ਾਂ ਦਾ ਵਿਸ਼ਵਾਸ ਜਿੱਤਣ ਲਈ ਡਾਕਟਰਾਂ ਨੂੰ ਲੋਕਾਂ ਨਾਲ ਹੋਰ ਨੇੜਤਾ ਬਣਾਉਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿਹਤ ਖੇਤਰ ਨੂੰ ਵਿਸ਼ੇਸ਼ ਤਰਜੀਹ ਦਿੱਤੀ ਗਈ ਹੈ, ਇਸ ਲਈ ਮਰੀਜ਼ਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਵੱਖ-ਵੱਖ ਸਿਹਤ ਯੋਜਨਾਵਾਂ ਦਾ ਜਾਇਜ਼ਾ ਲੈਂਦਿਆਂ ਸੇਵਾਵਾਂ ਦੀ ਗੁਣਵੱਤਾ ਨੂੰ ਹਰ ਪੱਧਰ 'ਤੇ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ।

ਡਾ. ਹਿਮਾਂਸ਼ੂ ਅਗਰਵਾਲ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਪ੍ਰਭਾਵਿਤ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਸੇਵਾਵਾਂ ਨਾਲ ਜੋੜਨ ਲਈ ਸਿਹਤ ਵਿਭਾਗ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ਼ ਜਾਗਰੂਕਤਾ ਗਤੀਵਿਧੀਆਂ ਨੂੰ ਹੋਰ ਤੇਜ਼ ਕੀਤਾ ਜਾਵੇ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾਵੇ।

ਡਿਪਟੀ ਕਮਿਸ਼ਨਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਦੀ ਸਮੀਖਿਆ ਕਰਦਿਆਂ ਹਦਾਇਤ ਕੀਤੀ ਕਿ ਯੋਜਨਾ ਅਧੀਨ ਯੋਗ ਲਾਭਪਾਤਰੀਆਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ। ਇਸ ਲਈ ਨਾਗਰਿਕਾਂ ਦੀ ਰਜਿਸਟ੍ਰੇਸ਼ਨ ਵਧਾਈ ਜਾਵੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਮਿਆਰੀ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਅਤੇ ਸਿਹਤ ਜਾਂਚ ਸਬੰਧੀ ਜਾਗਰੂਕਤਾ ਵਧਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣ।

ਉਨ੍ਹਾਂ ਨੇ ਪੀ.ਸੀ.ਪੀ.ਐਨ.ਡੀ.ਟੀ. ਐਕਟ, ਜੱਚਾ-ਬੱਚਾ ਮੌਤ ਦਰ, ਮੁੱਖ ਮੰਤਰੀ ਕੈਂਸਰ ਰਾਹਤ ਕੋਸ਼ ਯੋਜਨਾ ਅਤੇ ਹੋਰ ਸਿਹਤ ਸਕੀਮਾਂ ਦੀ ਵੀ ਸਮੀਖਿਆ ਕੀਤੀ। ਇਸ ਮੌਕੇ ਏ.ਡੀ.ਸੀ. (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ, ਡਾ. ਵਿਕਾਸ ਗੋਇਲ, ਡਾ. ਕੁਸ਼ਲਦੀਪ ਕੌਰ ਗਿੱਲ, ਡਾ. ਜਸਵਿੰਦਰ ਸਿੰਘ, ਡਾ. ਸੁਮਿਤ ਸਿੰਘ, ਡਾ. ਬਲਕਾਰ ਸਿੰਘ ਸਮੇਤ ਸਮੂਹ ਐਸ.ਐਮ.ਓਜ਼ ਅਤੇ ਹੋਰ ਸਬੰਧਿਤ ਅਧਿਕਾਰੀ ਮੌਜੂਦ ਸਨ।

## ਚੰਡੀਗੜ੍ਹ ਵਿੱਚ ਹੈਲਥਕੇਅਰ ਅਤੇ ਸਿੱਖਿਆ ਸੁਵਿਧਾਵਾਂ ਨੂੰ ਮਜ਼ਬੂਤ ਕਰਨ ਲਈ ਪ੍ਰਮੁੱਖ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਨੂੰ ਮਨਜ਼ੂਰੀ



**ਚੰਡੀਗੜ੍ਹ, 10 ਜੂਨ**
**-ਸੰਜੀਵ ਸ਼ਰਮਾ-**

ਪਬਲਿਕ ਹੈਲਥਕੇਅਰ ਅਤੇ ਸਿੱਖਿਆ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਉਠਾਉਂਦੇ ਹੋਏ, ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ ਦੀ ਪ੍ਰਧਾਨਗੀ ਵਾਲੀ ਪ੍ਰੋਜੈਕਟ ਦੀ ਮੁੱਲਾਂਕਣ ਅਤੇ ਪ੍ਰਵਾਨਗੀ ਕਮੇਟੀ ਨੇ ਚੰਡੀਗੜ੍ਹ ਵਿੱਚ ਤਿੰਨ ਪ੍ਰਮੁੱਖ ਵਿਕਾਸ ਪ੍ਰੋਜੈਕਟਾਂ ਨੂੰ ਪ੍ਰਵਾਨਗੀ ਦਿੱਤੀ ਹੈ। ਇਨ੍ਹਾਂ ਵਿੱਚ ਸਬ-ਡਿਸਟ੍ਰਿਕਟ ਹਸਪਤਾਲ, ਮਨੀਮਾਜਰਾ ਵਿਖੇ 50 ਬਿਸਤਰਿਆਂ ਦੇ ਕ੍ਰਿਟੀਕਲ ਕੇਅਰ ਹਸਪਤਾਲ ਦਾ ਨਿਰਮਾਣ, ਸੈਕਟਰ 28 ਵਿੱਚ ਆਯੁਸ਼ ਸਿਹਤ ਅਤੇ ਕਲਿਆਣ ਕੇਂਦਰ ਅਤੇ ਪ੍ਰਸ਼ਾਸਨਿਕ ਬਲਾਕ ਦਾ ਨਿਰਮਾਣ, ਅਤੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਸੈਕਟਰ 27-ਸੀ ਵਿਖੇ ਅਤਿਰਿਕਤ ਅਕਾਦਮਿਕ ਬਲਾਕ ਦਾ ਨਿਰਮਾਣ ਸ਼ਾਮਲ ਹੈ।

ਪੰਜਾਹ (50) ਬਿਸਤਰਿਆਂ ਵਾਲੇ ਕ੍ਰਿਟੀਕਲ ਕੇਅਰ ਹਸਪਤਾਲ ਦਾ ਨਿਰਮਾਣ ਪ੍ਰਧਾਨ ਮੰਤਰੀ-ਆਯੁਸ਼ਮਾਨ ਭਾਰਤ ਹੈਲਥ ਇਨਫ੍ਰਾਸਟ੍ਰਕਚਰ ਮਿਸ਼ਨ (ਪੀਐੱਮ-ਏਬੀਐੱਚਆਈਐੱਮ) ਦੇ ਤਹਿਤ ਕੀਤਾ ਜਾਵੇਗਾ। ਇਸ ਪ੍ਰੋਜੈਕਟ ਲਈ ਪ੍ਰਧਾਨ ਮੰਤਰੀ- ਆਯੁਸ਼ਮਾਨ ਭਾਰਤ ਹੈਲਥ ਇਨਫ੍ਰਾਸਟ੍ਰਕਚਰ ਮਿਸ਼ਨ (ਪੀਐੱਮ-ਏਬੀਐੱਚਆਈਐੱਮ) ਦੇ ਤਹਿਤ ?16.63 ਕਰੋੜ ਦੀ ਵਿੱਤੀ ਸਹਾਇਤਾ ਮਨਜ਼ੂਰ ਕੀਤੀ ਗਈ ਹੈ।

ਇਸ ਦਾ ਉਦੇਸ਼ ਗੰਭੀਰ ਸਿਹਤ ਸੇਵਾਵਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਅਤੇ ਮਨੀਮਾਜਰਾ, ਮੌਲੀ ਜੱਗਰਾਂ ਅਤੇ ਆਈਟੀ ਪਾਰਕ ਖੇਤਰ ਦੇ ਨਿਵਾਸੀਆਂ ਲਈ ਸੈਕੰਡਰੀ ਅਤੇ ਤੀਜੇ ਦਰਜੇ ਦੀਆਂ ਸਿਹਤ ਸੰਭਾਲ਼ ਸੇਵਾਵਾਂ ਨੂੰ ਬਿਹਤਰ ਬਣਾਉਣਾ ਹੈ। ਪ੍ਰਸਤਾਵਿਤ ਹਸਪਤਾਲ ਸਬ-ਡਿਸਟ੍ਰਿਕਟ ਹਸਪਤਾਲ , ਮਨੀਮਾਜਰਾ ਦੇ 2.88 ਏਕੜ ਪਰਿਸਰ 'ਤੇ ਸਥਾਪਿਤ ਕੀਤਾ ਜਾਵੇਗਾ। ਇਸ ਪ੍ਰੋਜੈਕਟ ਦੀ ਕੁੱਲ ਅਨੁਮਾਨਿਤ ਲਾਗਤ ਕਰੋੜ ਹੈ।

ਆਯੁਸ਼ ਸਿਹਤ ਸੰਭਾਲ਼ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਸੈਕਟਰ 28 ਵਿੱਚ ?20.88 ਕਰੋੜ ਦੀ ਅਨੁਮਾਨਿਤ ਲਾਗਤ ਨਾਲ ਇੱਕ ਆਯੁਸ਼ ਸਿਹਤ ਅਤੇ ਕਲਿਆਣ ਕੇਂਦਰ ਅਤੇ ਪ੍ਰਸ਼ਾਸਨਿਕ ਬਲਾਕ ਦਾ ਨਿਰਮਾਣ ਕੀਤਾ ਜਾਵੇਗਾ। ਇਸ ਪ੍ਰੋਜੈਕਟ ਨਾਲ ਸੈਕਟਰ 26, 28, 29 ਅਤੇ 30, ਬਾਪੂ ਧਾਮ ਕਲੋਨੀ ਅਤੇ ਆਸਪਾਸ ਦੇ ਖੇਤਰਾਂ ਦੇ ਨਿਵਾਸੀਆਂ ਨੂੰ ਆਯੁਸ਼ ਸਿਹਤ ਸੰਭਾਲ਼ ਸੇਵਾਵਾਂ ਤੱਕ ਬਿਹਤਰ ਪਹੁੰਚ ਉਪਲਬਧ ਹੋਵੇਗੀ।

ਇਸ ਤੋਂ ਇਲਾਵਾ, ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ 27-ਸੀ ਵਿਖੇ ?8.4 ਕਰੋੜ ਦੀ ਲਾਗਤ ਨਾਲ ਇੱਕ ਅਤਿਰਿਕਤ ਬਲਾਕ ਦੇ ਨਿਰਮਾਣ ਨੂੰ ਵੀ ਪ੍ਰਸ਼ਾਸਨਿਕ ਪ੍ਰਵਾਨਗੀ ਦਿੱਤੀ ਗਈ ਹੈ। ਗਰਾਊਂਡ+2 ਮੰਜ਼ਿਲਾ ਇਸ ਭਵਨ ਵਿੱਚ 15 ਕਲਾਸਰੂਮ ਸ਼ਾਮਲ ਹੋਣਗੇ, ਜਿਨ੍ਹਾਂ ਵਿੱਚ ਲਗਭਗ 400 ਵਿਦਿਆਰਥੀਆਂ ਨੂੰ ਸਮਾਯੋਜਿਤ ਕੀਤਾ ਜਾ ਸਕੇਗਾ। ਇਹ ਪ੍ਰੋਜੈਕਟ ਵਿੱਦਿਅਕ ਬੁਨਿਆਦੀ ਢਾਂਚੇ ਦੀ ਵਧਦੀ ਮੰਗ ਨੂੰ ਪੂਰਾ ਕਰਨ ਅਤੇ ਵਿਦਿਆਰਥੀਆਂ ਲਈ ਬਿਹਤਰ ਸਿੱਖਣ ਦਾ ਵਾਤਾਵਰਣ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਤਿਆਰ ਕੀਤਾ ਗਿਆ ਹੈ।

ਇਨ੍ਹਾਂ ਪ੍ਰੋਜੈਕਟਾਂ ਦੀ ਯੋਜਨਾ ਹੈਲਥਕੇਅਰ ਅਤੇ ਸਿੱਖਿਆ ਬੁਨਿਆਦੀ ਢਾਂਚੇ ਵਿੱਚ ਮੌਜੂਦ ਕਮੀਆਂ ਨੂੰ ਦੂਰ ਕਰਨ, ਜਨਤਕ ਸੇਵਾਵਾਂ ਦੀ ਪਹੁੰਚ ਨੂੰ ਬਿਹਤਰ ਬਣਾਉਣ ਅਤੇ ਚੰਡੀਗੜ੍ਹ ਦੇ ਨਿਵਾਸੀਆਂ ਦੀਆਂ ਵਧਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਬਣਾਈ ਗਈ ਹੈ। ਕਮੇਟੀ ਦੀ ਮੀਟਿੰਗ ਵਿੱਚ ਗ੍ਰਹਿ ਸਕੱਤਰ, ਮਨਦੀਪ ਸਿੰਘ ਬਰਾੜ, ਵਿੱਤ ਸਕੱਤਰ, ਦੀਪਰਵਾ ਲਾਕੜਾ, ਸਕੱਤਰ ਇੰਜੀਨੀਅਰਿੰਗ, ਪ੍ਰੇਰਣਾ ਪੁਰੀ, ਮੁੱਖ ਇੰਜੀਨੀਅਰ ਸੀਬੀ ਓਝਾ, ਅਤੇ ਮੁੱਖ ਆਰਕੀਟੈਕਟ ਰਾਜੀਵ ਮਹਿਤਾ ਵੀ ਉਪਸਥਿਤ ਰਹੇ।

## ਪੰਥਕ, ਮੁਲਾਜ਼ਮ ਆਗੂ ਅਤੇ ਵਕੀਲ ਮਨਜੀਤ ਸਿੰਘ ਚਾਹਲ ਮਿਸਲ ਸਤਲੁਜ ਵਿੱਚ ਸ਼ਾਮਲ, ਜਥੇਬੰਦੀ ਨੂੰ ਮਜਬੂਤੀ : ਅਜੇਪਾਲ ਸਿੰਘ ਬਰਾੜ



**ਮੋਹਾਲੀ, 10 ਜੂਨ**
**-ਪੱਤਰ ਪ੍ਰੇਰਕ-**

ਪੰਜਾਬ ਦੇ ਸਮਾਜਿਕ,ਆਰਥਿਕ ਅਤੇ ਰਾਜਨੀਤਿਕ ਪੁਨਰ-ਨਿਰਮਾਣ ਲਈ ਕਾਰਜਸ਼ੀਲ ਜਥੇਬੰਦੀ ਮਿਸਲ ਸਤਲੁਜ ਨੂੰ ਉਸ ਸਮੇਂ ਮਹੱਤਵਪੂਰਨ ਮਜ਼ਬੂਤੀ ਮਿਲੀ ਜਦੋਂ ਪੰਜਾਬ ਦੀਆਂ ਮੁਲਾਜ਼ਮ ਜਥੇਬੰਦੀਆਂ ਦੇ ਉੱਘੇ ਆਗੂ,ਵਕੀਲ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਦੇ ਸਾਬਕਾ ਸੂਚਨਾ ਤੇ ਲੋਕ ਸੰਪਰਕ ਅਫ਼ਸਰ ਅਤੇ ਪੰਥਕ ਸਰੋਕਾਰਾਂ ਨਾਲ ਲੰਬੇ ਸਮੇਂ ਤੋਂ ਜੁੜੇ ਸਰਦਾਰ ਮਨਜੀਤ ਸਿੰਘ ਚਾਹਲ ਨੇ ਮਿਸਲ ਸਤਲੁਜ ਵਿੱਚ ਸ਼ਮੂਲੀਅਤ ਕਰ ਲਈ।

ਇਸ ਮੌਕੇ ਜਥੇਬੰਦੀ ਦੇ ਪ੍ਰਧਾਨ ਸਰਦਾਰ ਅਜੇਪਾਲ ਸਿੰਘ ਬਰਾੜ ਨੇ ਸਰਦਾਰ ਮਨਜੀਤ ਸਿੰਘ ਚਾਹਲ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਸਰਦਾਰ ਚਾਹਲ ਨੇ ਮੁਲਾਜ਼ਮ ਵਰਗ ਦੇ ਹੱਕਾਂ ਦੀ ਰੱਖਿਆ ਲਈ ਲੰਬੇ ਸਮੇਂ ਤੱਕ ਅਗਵਾਈ ਭਰਪੂਰ ਭੂਮਿਕਾ ਨਿਭਾਈ ਹੈ ਅਤੇ ਲੋਕ-ਹਿੱਤਾਂ ਨਾਲ ਜੁੜੇ ਅਨੇਕਾਂ ਮੁੱਦਿਆਂ ਉੱਤੇ ਆਪਣੀ ਪ੍ਰਭਾਵਸ਼ਾਲੀ ਆਵਾਜ਼ ਬੁਲੰਦ ਕੀਤੀ ਹੈ।

ਸਰਦਾਰ ਬਰਾੜ ਨੇ ਕਿਹਾ ਕਿ ਮਨਜੀਤ ਸਿੰਘ ਚਾਹਲ ਦਾ ਜੀਵਨ ਸੰਘਰਸ਼, ਸਮਰਪਣ ਅਤੇ ਸੇਵਾ-ਭਾਵਨਾ ਦਾ ਪ੍ਰਤੀਕ ਰਿਹਾ ਹੈ। ਉਨ੍ਹਾਂ ਨੇ ਸਿੱਖ ਸੰਘਰਸ਼ ਦੇ ਦੌਰਾਨ ਧਰਮ ਯੁੱਧ ਮੋਰਚੇ ਵਿੱਚ 18 ਮਹੀਨੇ ਐਨ ਐਸ ਏ ਅਧੀਨ ਨਜ਼ਰਬੰਦ ਰਹੇ। ਇਹ ਸੰਘਰਸ਼ਮਈ ਯਾਤਰਾ ਉਨ੍ਹਾਂ ਨੂੰ ਲੋਕਾਂ ਵਿੱਚ ਇੱਕ ਸਤਿਕਾਰਯੋਗ ਅਤੇ ਭਰੋਸੇਯੋਗ ਆਗੂ ਵਜੋਂ ਸਥਾਪਿਤ ਕਰਦੀ ਹੈ।

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵਿਚ ਬਤੌਰ ਸੂਚਨਾ ਤੇ ਲੋਕ ਸੰਪਰਕ ਅਫਸਰ ਉਨ੍ਹਾਂ ਹਮੇਸ਼ਾ ਨਿਗਮ ਦੇ ਪ੍ਰਤੀਬਿੰਬ ਨੂੰ ਉਚਾ ਕਰਨ ਲਈ ਉਸਾਰੂ ਭੂਮਿਕਾ ਨਿਭਾਈ। ਪਾਵਰਕੌਮ ਵਿਚੋਂ ਸੇਵਾ ਮੁਕਤੀ ਉਪਰੰਤ ਉਹ ਅਜਕਲ ਮੁਲਾਜ਼ਮ ਆਗੂ ਤੋਂ ਇਲਾਵਾ ਇਕ ਪੇਸ਼ੇਵਰ ਵਕੀਲ ਵਜੋਂ ਵੀ ਲੋੜਵੰਦ ਲੋਕਾਂ ਨੂੰ ਇਨਸਾਫ਼ ਦਿਵਾਉਣ ਵਿੱਚ ਯੋਗਦਾਨ ਪਾ ਰਹੇ ਹਨ।

ਸਰਦਾਰ ਮਨਜੀਤ ਸਿੰਘ ਚਾਹਲ ਨੇ ਮਿਸਲ ਸਤਲੁਜ ਦੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੰਜਾਬ ਦੇ ਹੱਕਾਂ, ਲੋਕ-ਭਲਾਈ ਅਤੇ ਸੂਬੇ ਦੇ ਸਰਬਪੱਖੀ ਵਿਕਾਸ ਲਈ ਚੱਲ ਰਹੀ ਇਸ ਮੁਹਿੰਮ ਨਾਲ ਪੂਰੀ ਨਿਸ਼ਠਾ ਨਾਲ ਜੁੜੇ ਰਹਿਣਗੇ। ਉਨ੍ਹਾਂ ਭਰੋਸਾ ਦਿਵਾਇਆ ਕਿ ਜਥੇਬੰਦੀ ਵੱਲੋਂ ਸੌਂਪੀ ਹਰ ਜ਼ਿੰਮੇਵਾਰੀ ਨੂੰ ਮਿਹਨਤ, ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਂਦੇ ਹੋਏ ਪੰਜਾਬ ਦੀ ਚੜ੍ਹਦੀ ਕਲਾ ਲਈ ਯੋਗਦਾਨ ਪਾਉਣਗੇ।

## ਭਾਜਪਾ ਪੰਜਾਬ ਦੇ ਨਵੇਂ ਪ੍ਰਧਾਨ ਕੇਵਲ ਸਿੰਘ ਢਿੱਲੋਂ ਦਾ ਲੁਧਿਆਣਾ ਵਿੱਚ ਭਰਵਾਂ ਸਵਾਗਤ



**ਲੁਧਿਆਣਾ, 10 ਜੂਨ**
**ਲਛਮਣ ਜੀਤ ਸਿੰਘ ਪੁਰਬਾ**

ਭਾਰਤੀ ਜਨਤਾ ਪਾਰਟੀ ਪੰਜਾਬ ਦੇ ਨਵ-ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਦਾ ਪਹਿਲੀ ਵਾਰ ਲੁਧਿਆਣਾ ਪਹੁੰਚਣ 'ਤੇ ਭਾਜਪਾ ਆਗੂਆਂ ਅਤੇ ਵਰਕਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੀ ਅਗਵਾਈ ਹੇਠ ਹੋਏ ਸਮਾਗਮ ਦੌਰਾਨ ਵਰਕਰਾਂ ਨੇ ਫੁੱਲ ਮਾਲਾਵਾਂ ਪਾ ਕੇ ਅਤੇ ਨਾਅਰੇ ਲਗਾ ਕੇ ਉਨ੍ਹਾਂ ਦਾ ਸਨਮਾਨ ਕੀਤਾ।

ਇਸ ਮੌਕੇ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਭਾਜਪਾ ਪੰਜਾਬ ਵਿੱਚ ਸੰਗਠਨ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦਾ ਹਰ ਵਰਕਰ ਭਾਜਪਾ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਸਾਰਿਆਂ ਨੂੰ ਨਾਲ ਲੈ ਕੇ ਪੰਜਾਬ ਦੇ ਵਿਕਾਸ ਅਤੇ ਲੋਕ ਸੇਵਾ ਲਈ ਕੰਮ ਕੀਤਾ ਜਾਵੇਗਾ।

ਉਨ੍ਹਾਂ ਨੇ ਕਿਹਾ ਕਿ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਵਿਕਾਸ ਦੇ ਨਵੇਂ ਮਾਪਦੰਡ ਸਥਾਪਤ ਕਰ ਰਿਹਾ ਹੈ ਅਤੇ ਪੰਜਾਬ ਵਿੱਚ ਵੀ ਭਾਜਪਾ ਲੋਕਾਂ ਦੇ ਭਰੋਸੇ 'ਤੇ ਖਰਾ ਉਤਰਨ ਲਈ ਹਰ ਸੰਭਵ ਯਤਨ ਕਰੇਗੀ।

ਸਮਾਗਮ ਵਿੱਚ ਭਾਜਪਾ ਦੇ ਕਈ ਸੀਨੀਅਰ ਆਗੂ, ਅਹੁਦੇਦਾਰ, ਮਹਿਲਾ ਮੋਰਚਾ, ਯੁਵਾ ਮੋਰਚਾ ਦੇ ਮੈਂਬਰ ਅਤੇ ਸੈਂਕੜੇ ਵਰਕਰ ਮੌਜੂਦ ਰਹੇ।

## ਸਰਬਜੀਤ ਸਿੰਘ ਸਮਾਣਾ ਬਣੇ ਮੁਹਾਲੀ ਦੇ ਨਵੇਂ ਮੇਅਰ

### ਆਰ ਪੀ ਸ਼ਰਮਾ ਸੀਨੀਅਰ ਡਿਪਟੀ ਮੇਅਰ ਅਤੇ ਹਰਪਾਲ ਚੰਨਾ ਨੇ ਸਾਂਭੀ ਡਿਪਟੀ ਮੇਅਰ ਦੀ ਕੁਰਸੀ



**ਮੁਹਾਲੀ, 10 ਜੂਨ**
**-ਪੱਤਰ ਪ੍ਰੇਰਕ-**

ਮੁਹਾਲੀ ਨਗਰ ਨਿਗਮ ਦੇ ਨਵੇਂ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੀ ਚੋਣ ਲਈ ਅੱਜ ਕਾਰਵਾਈ ਮੁਕੰਮਲ ਕਰ ਲਈ ਗਈ ਹੈ। ਇਸ ਦੌਰਾਨ ਵਿਧਾਇਕ ਕੁਲਵੰਤ ਸਿੰਘ ਦੇ ਸਪੁੱਤਰ ਸਰਬਜੀਤ ਸਿੰਘ ਸਮਾਣਾ ਨੂੰ ਨਗਰ ਨਿਗਮ ਮੁਹਾਲੀ ਦਾ ਨਵਾਂ ਮੇਅਰ ਚੁਣ ਲਿਆ ਗਿਆ ਹੈ। ਇਸ ਦੇ ਨਾਲ ਹੀ ਆਰ ਪੀ ਸ਼ਰਮਾ ਨੂੰ ਸੀਨੀਅਰ ਡਿਪਟੀ ਮੇਅਰ ਅਤੇ ਹਰਪਾਲ ਸਿੰਘ ਚੰਨਾ ਨੂੰ ਡਿਪਟੀ ਮੇਅਰ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

ਇਸ ਚੋਣ ਪ੍ਰਕਿਰਿਆ ਨੂੰ ਸਿਰੇ ਚਾੜ੍ਹਨ ਲਈ ਨਿਗਮ ਦਫ਼ਤਰ ਵਿਖੇ ਇੱਕ ਵਿਸ਼ੇਸ਼ ਮੀਟਿੰਗ ਸੱਦੀ ਗਈ ਸੀ, ਜਿਸ ਵਿੱਚ ਨਿਗਮ ਦੇ ਸਾਰੇ ਕੌਂਸਲਰਾਂ ਨੇ ਆਪਣੀ ਹਾਜ਼ਰੀ ਦਰਜ ਕਰਵਾਈ। ਹਾਲਾਂਕਿ ਮੀਡੀਆ ਕਰਮੀਆਂ ਨੂੰ ਮੀਟਿੰਗ ਹਾਲ ਦੇ ਅੰਦਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਇਸ ਦੌਰਾਨ ਸੂਬੇ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਵੀ ਉਚੇਚੇ ਤੌਰ 'ਤੇ ਪਹੁੰਚੇ।

ਚੋਣ ਪ੍ਰਕਿਰਿਆ ਮੁਕੰਮਲ ਹੋਣ ਤੋਂ ਤੁਰੰਤ ਬਾਅਦ ਨਵੇਂ ਬਣੇ ਮੇਅਰ ਸਰਬਜੀਤ ਸਿੰਘ ਸਮਾਣਾ ਅਤੇ ਹੋਰਨਾਂ ਅਹੁਦੇਦਾਰਾਂ ਨੇ ਰਸਮੀ ਤੌਰ 'ਤੇ ਆਪਣਾ ਅਹੁਦਾ ਸੰਭਾਲ ਲਿਆ ਹੈ।

